People's Herald

People's Herald

Rs- 100/month



# "ਇਕੁਐਲਿਟੀ ਐਂਡ ਜਸਟਿਸ"



https://www.facebook.com/profile.php?id=161037521061610

"Equality and Justice" स्वतंत्रता, समानता, भाईचारा

PATIALA On line paper 20 ਅਪਰੈਲ 2025 ਐਤਵਾਰ "ਰੋਜ਼ਾਨਾ" ਸਾਲ ਚੌਥਾ w.e.f. 15 August 2022 ਪਟਿਆਲਾ

ਮੁੱਖ ਸੰਪਾਦਕ- ਇੰਜੀ. ਹਰਦੀਪ ਸਿੰਘ ਚੁੰਬਰ | whatsapp. 91-94636-01616 | email. hardipchumber57@gmail.com | ਸਹਿ ਸੰਪਾਦਕ- ਸ਼੍ਰੀਮਤੀ ਆਸ਼ਾ ਕੁਮਾਰੀ, ਡਾ. ਜਗਤਾਰ ਸਿੰਘ

ਅੰਬੇਡਕਰਵਾਦ ਸਮਾਨਤਾ ਅਧਾਰਿਤ ਅਤੇ ਬ੍ਰਾਹਮਣਵਾਦ ਅਸਮਾਨਤਾ ਅਧਾਰਿਤ ਵਿਵਸਥਾ, ਸਮਾਨਤਾ ਸਥਾਪਿਤ ਕਰਨਾ ਹੀ ਸਾਰੀਆਂ ਬਿਮਾਰੀਆਂ ਦਾ ਇਲਾਜ ਹੈ



(Google pay- 91-9780634849) HARDIP SINGH STATE BANK OF INDIA ACCT NO-10566643658 . IFSC- SBIN0050773

## ਸਿਧਾਰਥ ਗੌਤਮ ਬੁੱਧ ਦੇ ਧਮ ਦੇ ਸਿਧਾਂਤ ਸਭ ਲਈ ਸੁੱਖ, ਸ਼ਾਂਤੀ ਅਤੇ ਵਿਕਾਸ ਦੇ ਮਾਰਗ ਦੀਆਂ ਔਕੜਾਂ ਨੂੰ ਸਾਫ ਕਰ ਦਿੰਦੇ ਹਨ, ਇਹ ਸਿਧਾਂਤ ਵਿਸ਼ਵ ਸ਼ਾਂਤੀ ਸਥਾਪਿਤ ਕਰ ਸਕਦੇ ਹਨ



**"ਇਕੁਐਲਿਟੀ ਐਂਡ ਜਸਟਿਸ" ਪਟਿਆਲਾ** -ਸਿਧਾਰਥ ਗੌਤਮ ਬੁੱਧ ਦੇ ਦਿੱਤੇ ਇਹ ਬੁਨਿਆਦੀ ਸਿਧਾਂਤ ਸਮੁੱਚੇ ਸੰਸਾਰ ਵਿੱਚ ਸੁੱਖ, ਸਾਂਤੀ ਅਤੇ ਵਿਕਾਸ ਦੇ ਮਾਰਗ ਰਾਹ ਸਾਫ ਕਰ ਦਿੰਦੇ ਹਨ। ਮੁੱਢਲੇ ਪੰਜ 'ਪੰਚਸ਼ੀਲ' ਸਿਧਾਂਤ ਹੇਠਾਂ ਦਿੱਤੇ ਗਏ ਹਨ ਨੂੰ ਅਪਣਾ ਕੇ ਹਰ ਮਨੁੱਖ ਦੇ 'ਮਨ ਦੀ ਸਮਾਧੀ' ਲੱਗ ਜਾਣੀ ਚਾਹੀਦੀ ਹੈ:

1. ਆਹਿੰਸਾ- ਕਿਸੇ ਨੂੰ ਸਰੀਰਕ ਨੁਕਸਾਨ ਨਾਂ ਪਹੁੰਚਾਉਣਾ, ਹਰ ਇਕ ਜੀਵਨ ਦਾ ਸਤਿਕਾਰ ਕਰਨਾ
2. ਚੋਰੀ ਨਹੀਂ ਕਰਨਾ- ਦੂਸਰਿਆਂ ਦੀ ਜਾਇਦਾਦ ਅਧਿਕਾਰ ਦੀ ਕਦਰ ਕਰਨਾ
3. ਵਿਬਚਾਰ ਨਾਂ ਕਰਨਾ- ਕੋਈ ਜਿਨਸੀ ਦੁਰਵਿਹਾਰ ਜਾਂ ਅਪਰਾਧ ਨਾਂ ਕਰਨਾ
4. ਝੂਠ ਨਹੀਂ ਬੋਲਣਾ- ਆਪਣੇ ਆਚਾਰ,ਵਿਚਾਰ, ਵਿਵਹਾਰ ਵਿੱਚ ਇਮਾਨਦਾਰੀ ਬਣੇ ਰਹਿਣਾ
5. ਨਸ਼ਾ ਨਹੀਂ ਕਰਨਾ- ਕੋਈ ਨਸ਼ਾ ਨਹੀਂ ਕਰਨਾ, ਮਨ ਦਾ ਦਸ਼ਾ ਦਿਸ਼ਾ ਵਿਗਾੜ ਦੇ ਸਾਧਨਾਂ ਤੋਂ ਦੂਰੀ, ਮਨ ਸ਼ੁੱਧ ਰਖਣਾ ਅਤੇ ਸਾਫ਼ ਮਨ ਦਾ ਸਤਿਕਾਰ ਕਰਨਾ

## ਨਿਸ਼ੀਕਾਂਤ ਦੂਬੇ ਦੇ ਬਿਆਨ 'ਤੇ ਸਿਆਸਤ ਗਰਮਾਈ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਭਾਜਪਾ ਦੇ ਸੰਸਦ ਮੈਂਬਰ ਨਿਸ਼ੀਕਾਂਤ ਦੂਬੇ ਨੇ ਅੱਜ ਸੁਪਰੀਮ ਕੋਰਟ 'ਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਜੇਕਰ ਕਾਨੂੰਨ ਸਿਰਫ਼ ਸਰਵਉਚ ਅਦਾਲਤ ਹੀ ਬਣਾਏਗੀ ਤਾਂ ਸੰਸਦ ਅਤੇ ਵਿਧਾਨ ਸਭਾਵਾਂ ਨੂੰ ਬੰਦ ਕਰ ਦੇਣਾ ਚਾਹੀਦਾ ਹੈ। ਇਸ ਸਬੰਧੀ ਦੂਬੇ ਨੇ ਪਹਿਲਾਂ ਐਕਸ 'ਤੇ ਪੋਸਟ ਪਾਈ, ਇਸ ਤੋਂ ਬਾਅਦ ਏਜੰਸੀ ਨਾਲ ਗੱਲਬਾਤ ਕਰਦਿਆਂ ਦੋਸ਼ ਲਾਇਆ ਕਿ ਸੁਪਰੀਮ ਕੋਰਟ ਵਿਧਾਨ ਸਭਾ



ਵੱਲੋਂ ਪਾਸ ਕੀਤੇ ਗਏ ਕਾਨੂੰਨਾਂ ਨੂੰ ਰੱਦ ਕਰ ਕੇ ਸੰਸਦ ਦੀ ਕਾਨੂੰਨ ਬਣਾਉਣ ਵਾਲੀ ਤਾਕਤ ਨੂੰ ਆਪਣੇ ਹੱਥ ਵਿਚ ਲੈ ਰਹੀ ਹੈ, ਇੰਨਾ ਹੀ ਨਹੀਂ ਸਗੋਂ ਰਾਸ਼ਟਰਪਤੀ ਨੂੰ ਵੀ ਨਿਰਦੇਸ਼ ਦੇ ਰਹੀ ਹੈ। ਉਨ੍ਹਾਂ ਅਦਾਲਤ 'ਤੇ ਦੋਸ਼ ਲਾਇਆ ਕਿ ਉਹ ਦੇਸ਼ ਵਿਚ ਧਾਰਮਿਕ ਜੰਗ ਨੂੰ ਹੁਲਾਰਾ ਦੇ ਰਹੀ ਹੈ

ਉਨ੍ਹਾਂ ਨੇ 'ਐਕਸ' 'ਤੇ ਲਿਖਿਆ, 'ਕਾਨੂੰਨ ਜੇਕਰ ਸਿਰਫ਼ ਸੁਪਰੀਮ ਕੋਰਟ ਹੀ ਬਣਾਏਗੀ ਤਾਂ ਸੰਸਦ ਭਵਨ ਬੰਦ ਕਰ ਦੇਣਾ ਚਾਹੀਦਾ ਹੈ।' ਉਨ੍ਹਾਂ ਦੀ ਇਹ ਟਿੱਪਣੀ ਉਸ ਵੇਲੇ ਆਈ ਹੈ ਜਦ ਸੁਪਰੀਮ ਕੋਰਟ ਵਕ਼ਫ਼ (ਸੋਧ) ਕਾਨੂੰਨ ਦੀ ਸੰਵਿਧਾਨਕਤਾ ਨੂੰ ਚੁਣੌਤੀ ਦੇਣ ਵਾਲੀਆਂ ਕਈ ਅਰਜ਼ੀਆਂ 'ਤੇ ਸੁਣਵਾਈ ਕਰ ਰਹੀ ਹੈ। ਇਸ ਤੋਂ ਬਾਅਦ ਵਿਰੋਧੀ ਪਾਰਟੀਆਂ ਨੇ ਭਾਜਪਾ ਆਗੂ ਦੇ ਇਸ ਬਿਆਨ ਦੀ ਰੱਜ ਕੇ ਨਿਖੇਧੀ ਕਰਦਿਆਂ ਆਗੂ ਖ਼ਿਲਾਫ਼ ਕਾਰਵਾਈ ਕਰਨ ਦੀ ਮੰਗੀ ਕੀਤੀ ਹੈ। ਇਸ ਤੋਂ ਇਲਾਵਾ ਵਿਰੋਧੀ ਪਾਰਟੀਆਂ ਦੇ ਕਈ ਮੈਂਬਰਾਂ ਨੇ ਕਿਹਾ ਕਿ ਸਰਵਉਚ ਅਦਾਲਤ ਇਸ ਮਾਮਲੇ ਦਾ ਆਪ ਹੀ ਨੋਟਿਸ ਲੈ ਕੇ ਕਾਰਵਾਈ ਕਰੇਗੀ।

## ਰਾਜ ਤੇ ਉਧਵ ਵਿਚਾਲੇ ਸੁਲ੍ਹਾ ਹੋਣ ਦੇ ਚਰਚੇ, 'ਮਾਮੂਲੀ ਮੁੱਦਿਆਂ ਨੂੰ ਨਜ਼ਰਅੰਦਾਜ਼ ਕਰਨ ਲਈ ਤਿਆਰ'

### 'ਮਰਾਠੀ ਮਾਨੁਸ' ਦੇ ਹਿੱਤਾਂ ਲਈ ਇਕਜੁੱਟ ਹੋਣਾ ਮੁਸ਼ਕਲ ਨਹੀਂ ਹੈ : ਰਾਜ ਠਾਕਰੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਮੁੰਬਈ : ਵੱਖ ਹੋਏ ਚਚੇਰੇ ਭਰਾ ਰਾਜ ਠਾਕਰੇ ਅਤੇ ਊਧਵ ਠਾਕਰੇ ਦੇ ਬਿਆਨਾਂ ਨਾਲ ਸੰਭਾਵਤ ਸੁਲ੍ਹਾ ਹੋਣ ਦੀਆਂ ਕਿਆਸਅਰਾਈਆਂ ਸ਼ੁਰੂ ਹੋ ਗਈਆਂ ਹਨ ਕਿ ਉਹ 'ਮਾਮੂਲੀ ਮੁੱਦਿਆਂ' ਨੂੰ ਨਜ਼ਰਅੰਦਾਜ਼ ਕਰ ਸਕਦੇ ਹਨ ਅਤੇ ਕਰੀਬ ਦੋ ਦਹਾਕਿਆਂ ਬਾਅਦ ਹੱਥ ਮਿਲਾ ਸਕਦੇ ਹਨ।

ਐਮ.ਐਨ.ਐਸ. ਦੇ ਮੁਖੀ ਰਾਜ ਨੇ ਕਿਹਾ ਕਿ 'ਮਰਾਠੀ ਮਾਨੁਸ' ਦੇ ਹਿੱਤਾਂ ਲਈ ਇਕਜੁੱਟ ਹੋਣਾ ਮੁਸ਼ਕਲ ਨਹੀਂ ਹੈ, ਜਦਕਿ ਸ਼ਿਵ ਸੈਨਾ-ਯੂ.ਬੀ.ਟੀ. ਮੁਖੀ ਊਧਵ ਠਾਕਰੇ ਨੇ ਕਿਹਾ ਕਿ ਉਹ ਮਾਮੂਲੀ ਝਗੜਿਆਂ ਨੂੰ ਇਕ ਪਾਸੇ ਰੱਖਣ ਲਈ ਤਿਆਰ ਹਨ, ਬਸ਼ਰਤੇ



ਕਿ ਮਹਾਰਾਸ਼ਟਰ ਦੇ ਹਿੱਤਾਂ ਦੇ ਵਿਰੁਧ ਕੰਮ ਕਰਨ ਵਾਲਿਆਂ ਨੂੰ ਮੂੰਹ ਨਾ ਲਗਾਇਆ ਜਾਵੇ।

ਊਧਵ ਦੇ ਇਸ ਬਿਆਨ ਨੂੰ ਹਾਲ ਹੀ 'ਚ ਮਨਸੇ ਮੁਖੀ ਵਲੋਂ ਮਹਾਰਾਸ਼ਟਰ ਦੇ ਉਪ ਮੁੱਖ ਮੰਤਰੀ ਏਕਨਾਥ ਸ਼ਿੰਦੇ ਦੀ ਅਪਣੀ ਰਿਹਾਇਸ਼ 'ਤੇ ਮੇਜ਼ਬਾਨੀ ਕਰਨ ਦੇ ਸੰਕੇਤ ਦੇ ਤੌਰ 'ਤੇ ਵੇਖਿਆ ਜਾ ਰਿਹਾ ਹੈ। ਅਪਣੇ ਚਚੇਰੇ ਭਰਾ ਦਾ ਨਾਂ ਲਏ ਬਿਨਾਂ ਊਧਵ ਠਾਕਰੇ ਨੇ ਕਿਹਾ ਕਿ ਚੋਰਾਂ ਦੀ ਮਦਦ ਲਈ ਕੁੱਝ ਨਹੀਂ ਕੀਤਾ ਜਾਣਾ ਚਾਹੀਦਾ।

ਰਾਜ ਠਾਕਰੇ ਨੇ ਫਿਲਮ ਨਿਰਮਾਤਾ ਮਹੇਸ਼ ਮਾਂਜਰੇਕਰ ਨਾਲ ਇਕ ਪੋਡਕਾਸਟ ਇੰਟਰਵਿਊ 'ਚ ਕਿਹਾ ਸੀ ਕਿ ਅਣਵੰਡੀ ਸ਼ਿਵ ਸੈਨਾ 'ਚ ਊਧਵ ਨਾਲ ਕੰਮ ਕਰਦੇ ਸਮੇਂ ਉਨ੍ਹਾਂ ਨੂੰ ਕੋਈ ਸਮੱਸਿਆ ਨਹੀਂ ਹੈ। ਸਵਾਲ ਇਹ ਹੈ ਕਿ ਕੀ ਊਧਵ ਉਨ੍ਹਾਂ ਨਾਲ ਕੰਮ ਕਰਨਾ ਚਾਹੁੰਦੇ ਹਨ? ਲੋਕ ਸਭਾ ਚੋਣਾਂ ਦੌਰਾਨ ਰਾਜ ਠਾਕਰੇ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਬਿਨਾਂ ਸ਼ਰਤ ਸਮਰਥਨ ਦੇਣ ਦਾ ਐਲਾਨ ਕੀਤਾ ਸੀ।

ਉਧਵ ਨੇ ਕਿਹਾ ਕਿ ਉਹ ਮਾਮੂਲੀ ਮਤਭੇਦਾਂ ਨੂੰ ਇਕ ਪਾਸੇ ਰੱਖਣ ਲਈ ਤਿਆਰ ਹਨ। ਉਨ੍ਹਾਂ ਕਿਹਾ, ''ਮੈਂ ਕਹਿ ਰਿਹਾ ਹਾਂ ਕਿ ਮੇਰਾ ਕਿਸੇ ਨਾਲ ਝਗੜਾ ਨਹੀਂ ਹੈ ਅਤੇ ਜੇਕਰ ਕੋਈ ਹੈ ਤਾਂ ਮੈਂ ਉਨ੍ਹਾਂ ਨੂੰ ਹੱਲ ਕਰ ਰਿਹਾ ਹਾਂ।''

ਹਾਲਾਂਕਿ ਮਨਸੇ ਦੇ ਬੁਲਾਰੇ ਸੰਦੀਪ ਦੇਸ਼ਪਾਂਡੇ ਨੇ ਕਿਹਾ ਕਿ ਉਨ੍ਹਾਂ ਦੀ ਪਾਰਟੀ ਨੂੰ 2014 ਦੀਆਂ ਵਿਧਾਨ ਸਭਾ ਚੋਣਾਂ ਅਤੇ 2017 ਦੀਆਂ ਨਗਰ ਨਿਗਮ ਚੋਣਾਂ ਦੌਰਾਨ ਊਧਵ ਠਾਕਰੇ ਨਾਲ ਬੁਰਾ ਤਜਰਬਾ ਹੋਇਆ ਸੀ। ਉਨ੍ਹਾਂ ਕਿਹਾ, ''ਮੈਨੂੰ ਨਹੀਂ ਲਗਦਾ ਕਿ ਰਾਜ ਸਾਹਿਬ ਨੇ ਇੰਨੇ ਮਾੜੇ ਤਜਰਬੇ ਤੋਂ ਬਾਅਦ ਗਠਜੋੜ ਦਾ ਕੋਈ ਪ੍ਰਸਤਾਵ ਦਿਤਾ ਹੈ। ਹੁਣ ਉਹ ਸਾਨੂੰ ਭਾਜਪਾ ਨਾਲ ਗੱਲ ਨਾ ਕਰਨ ਲਈ ਕਹਿ ਰਹੇ ਹਨ।'' ਪਰ ਦੇਸ਼ਪਾਂਡੇ ਨੇ ਕਿਹਾ ਕਿ ਜੇਕਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਊਧਵ ਨੂੰ ਬੁਲਾਉਂਦੇ ਹਨ ਤਾਂ ਉਹ ਭਾਜਪਾ 'ਚ ਚਲੇ ਜਾਣਗੇ।

## ਰੂਸ-ਯੂਕਰੇਨ ਜੰਗ: ਪੂਤਿਨ ਵੱਲੋਂ ਈਸਟਰ ਦੌਰਾਨ ਅੰਸ਼ਿਕ ਜੰਗਬੰਦੀ ਦਾ ਐਲਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਨੇ ਅੱਜ ਯੂਕਰੇਨ ਨਾਲ ਈਸਟਰ ਜੰਗਬੰਦੀ ਦਾ ਐਲਾਨ ਕੀਤਾ ਹੈ। ਉਨ੍ਹਾਂ ਜੰਗਬੰਦੀ ਦਾ ਐਲਾਨ ਕਰਦਿਆਂ ਕੀਵ ਨੂੰ ਵੀ ਇਸ ਬਾਰੇ ਜਵਾਬ ਦੇਣ ਲਈ ਕਿਹਾ ਹੈ। ਪੂਤਿਨ ਨੇ ਇਹ ਐਲਾਨ ਚੀਫ਼ ਆਫ਼ ਜਨਰਲ ਸਟਾਫ਼ ਜਨਰਲ ਗੇਰਾਸਿਮੋਵ ਨਾਲ ਮੀਟਿੰਗ ਤੋਂ ਬਾਅਦ ਕੀਤਾ। ਇਹ ਜਾਣਕਾਰੀ ਕਰੈਮਲਿਨ ਨੇ ਸਾਂਝੀ ਕਰਦਿਆਂ ਦੱਸਿਆ ਇਹ ਜੰਗਬੰਦੀ ਮਾਸਕੋ ਦੇ ਸਮੇਂ ਅਨੁਸਾਰ ਸ਼ਾਮ ਛੇ ਵਜੇ ਤੇ ਭਾਰਤੀ ਸਮੇਂ ਅਨੁਸਾਰ ਰਾਤ ਸਾਢੇ ਅੱਠ ਵਜੇ ਤੋਂ ਸੰਡੇ ਈਸਟਰ ਤਕ ਰਾਤ ਵੇਲੇ ਤੇ ਭਾਰਤੀ ਸਮੇਂ ਅਨੁਸਾਰ ਅਗਲੇ ਦਿਨ ਢਾਈ ਵਜੇ ਤਕ ਲਾਗੂ ਰਹੇਗੀ

### ਜੰਗਬੰਦੀ ਵਿਵਾਦ: ਪੂਤਿਨ 'ਤੇ ਭਰੋਸਾ ਨਹੀਂ ਕੀਤਾ ਜਾ ਸਕਦਾ: ਯੂਕਰੇਨ ਵਿਦੇਸ਼ ਮੰਤਰੀ

### ਕੀਵ 30 ਦਿਨਾਂ ਦੇ ਜੰਗਬੰਦੀ ਸਮਝੌਤੇ 'ਤੇ ਹਾਲੇ ਵੀ ਕਾਇਮ

ਯੂਕਰੇਨ ਦੇ ਵਿਦੇਸ਼ ਮੰਤਰੀ ਨੇ ਅੱਜ ਕਿਹਾ ਕਿ ਰੂਸੀ ਰਾਸ਼ਟਰਪਤੀ ਵਲਾਦੀਮੀਰ ਪੂਤਿਨ ਦੇ ਈਸਟਰ ਜੰਗਬੰਦੀ ਦੇ ਐਲਾਨ 'ਤੇ ਭਰੋਸਾ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਕੀਵ 30 ਦਿਨਾਂ ਦੀ ਜੰਗਬੰਦੀ ਦੀ ਪਾਲਣਾ ਕਰਨ ਦੇ ਆਪਣੇ ਮੂਲ ਸਮਝੌਤੇ 'ਤੇ ਅੱਜ ਵੀ ਕਾਇਮ ਹੈ। ਵਿਦੇਸ਼ ਮੰਤਰੀ ਐਂਡਰੀ ਸਿਬੀਹਾ ਨੇ ਐਕਸ 'ਤੇ ਪੋਸਟ ਪਾ ਕੇ ਕਿਹਾ, 'ਯੂਕਰੇਨ ਦੀ ਸਥਿਤੀ ਸਪਸ਼ਟ ਅਤੇ ਇਕਸਾਰ ਰਹਿੰਦੀ ਹੈ, ਪਿਛਲੀ ਵਾਰ 11 ਮਾਰਚ ਨੂੰ ਜੇਦਾਹ ਵਿੱਚ ਅਸੀਂ ਬਿਨਾਂ ਸ਼ਰਤ ਅਮਰੀਕਾ ਦੇ

30 ਦਿਨਾਂ ਲਈ ਪੂਰੀ ਜੰਗਬੰਦੀ ਦੇ ਪ੍ਰਸਤਾਵ ਨੂੰ ਬਿਨਾਂ ਸ਼ਰਤ ਸਵੀਕਾਰ ਕੀਤਾ ਸੀ ਪਰ ਹੁਣ ਪੂਤਿਨ



ਨੇ 30 ਦਿਨਾਂ ਦੀ ਬਜਾਏ 30 ਘੰਟੇ ਜੰਗਬੰਦੀ ਲਈ ਆਪਣੀ ਤਿਆਰੀ ਬਾਰੇ ਬਿਆਨ ਦਿੱਤੇ ਹਨ। ਰੂਸ ਕਿਸੇ ਵੀ ਸਮੇਂ ਪੂਰੀ ਅਤੇ ਬਿਨਾਂ ਸ਼ਰਤ 30 ਦਿਨਾਂ ਦੀ ਜੰਗਬੰਦੀ ਦੇ ਪ੍ਰਸਤਾਵ ਲਈ ਸਹਿਮਤ ਹੋ ਸਕਦਾ ਹੈ ਜੋ ਮਾਰਚ ਤੋਂ ਮੇਜ਼ 'ਤੇ ਹੈ.... ਅਸੀਂ ਜਾਣਦੇ ਹਾਂ ਕਿ ਉਸ ਦੇ ਸ਼ਬਦਾਂ 'ਤੇ ਭਰੋਸਾ ਨਹੀਂ ਕੀਤਾ ਜਾ ਸਕਦਾ ਅਤੇ ਅਸੀਂ ਸ਼ਬਦਾਂ ਦੀ ਨਹੀਂ ਕਾਰਵਾਈਆਂ ਨੂੰ ਦੇਖਾਂਗੇ।' ਰਾਇਟਰਜ਼

## ਸ੍ਰੀਨਗਰ ਵਿੱਚ ਖਰਾਬ ਮੌਸਮ ਕਾਰਨ ਕਈ ਉਡਾਣਾਂ ਰੱਦ

### ਜੰਮੂ ਏਅਰਪੋਰਟ ਵਿੱਚ ਅਫਰਾ-ਤਫਰੀ ਮਚੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਸ੍ਰੀਨਗਰ ਵਿੱਚ ਅੱਜ ਖਰਾਬ ਮੌਸਮ ਕਾਰਨ ਕਈ ਉਡਾਣਾਂ ਰੱਦ ਕਰ ਦਿੱਤੀਆਂ ਗਈਆਂ ਜਿਸ ਤੋਂ ਬਾਅਦ ਜੰਮੂ ਹਵਾਈ ਅੱਡੇ 'ਤੇ ਅਫਰਾ-ਤਫਰੀ ਮਚ ਗਈ।

ਸ੍ਰੀਨਗਰ ਤੋਂ ਹੋਰ ਥਾਵਾਂ ਲਈ ਕੁਨੈਕਟਿੰਗ



ਫਲਾਈਟਾਂ ਵੀ ਦੇਰੀ ਨਾਲ ਚੱਲੀਆਂ ਜਾਂ ਰੱਦ ਕਰ ਦਿੱਤੀਆਂ ਗਈਆਂ। ਹਵਾਈ ਅੱਡੇ ਦੇ ਅਧਿਕਾਰਆਂ ਅਨੁਸਾਰ ਰੱਦ ਕੀਤੀਆਂ ਉਡਾਣਾਂ ਲਈ ਯਾਤਰੀਆਂ ਨੂੰ ਹੋਰ ਕੁਨੈਕਟਿੰਗ ਉਡਾਣਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਇਸ ਸਬੰਧੀ ਹੋਰ ਵੇਰਵਿਆਂ ਦੀ ਉਡੀਕ ਕੀਤੀ ਜਾ ਰਹੀ ਹੈ।

# ਡੀਪਸੀਕ ਤੋਂ ਬਾਅਦ ਚੀਨ ਨੇ ਰੋਬੋਟ ਰਾਹੀਂ ਵਿਖਾਈ ਅਮਰੀਕਾ ਨੂੰ ਤਾਕਤ

## ਬੀਜਿੰਗ 'ਚ ਹੋਈ ਦੁਨੀਆਂ ਦੀ ਪਹਿਲੀ ਰੋਬੋਟ ਹਾਫ ਮੈਰਾਥਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com



ਚੀਨ ਨੇ ਸਨਿਚਰਵਾਰ ਨੂੰ ਮਨੁੱਖੀ ਦੌੜਾਕਾਂ ਦੇ ਬਰਾਬਰ ਦੌੜਨ ਵਾਲੇ ਇਨਸਾਨਾਂ ਵਰਗੇ ਰੋਬੋਟਾਂ ਦੀ ਦੁਨੀਆਂ ਦੀ ਪਹਿਲੀ ਮੈਰਾਥਨ ਕਰਵਾਈ, ਜਿਸ 'ਚ ਰੋਬੋਟਿਕਸ ਦੇ ਖੇਤਰ 'ਚ ਅਮਰੀਕਾ ਨਾਲ ਬੀਜਿੰਗ ਦੀ ਡੂੰਘੀ ਦੁਸ਼ਮਣੀ ਦੇ ਵਿਚਕਾਰ ਏ.ਆਈ. ਤਕਨਾਲੋਜੀ 'ਚ ਹੋਈ ਤਰੱਕੀ ਦਾ ਪ੍ਰਦਰਸ਼ਨ ਕੀਤਾ ਗਿਆ।

ਚੋਟੀ ਦੀਆਂ ਯੂਨੀਵਰਸਿਟੀਆਂ ਅਤੇ ਫਰਮਾਂ ਵਲੋਂ ਬਣਾਏ 21 ਇਨਸਾਨਾਂ ਵਰਗੇ ਦਿਸਣ ਵਾਲੇ ਰੋਬੋਟ ਬੀਜਿੰਗ ਦੇ ਆਰਥਕ-ਤਕਨੀਕੀ ਵਿਕਾਸ ਖੇਤਰ ਵਿਚ ਅਪਣੇ ਹੈਂਡਰਾਂ ਨਾਲ 21 ਕਿਲੋਮੀਟਰ ਦੀ ਦੌੜ ਪੂਰੀ ਕਰਦੇ ਦਿਸੇ।

ਮਨੁੱਖਾਂ ਦੇ ਨਾਲ ਚੱਲ ਰਹੇ ਵੱਖ-ਵੱਖ ਆਕਾਰ ਅਤੇ ਪ੍ਰਕਾਰ ਦੇ ਰੋਬੋਟਾਂ ਨੇ ਇਕ ਅਨੋਖਾ ਨਜ਼ਾਰਾ ਪੇਸ਼ ਕੀਤਾ, ਜਿਨ੍ਹਾਂ ਨੂੰ ਫੁੱਟਪਾਥ 'ਤੇ ਇਕੱਠੀ ਹੋਈ ਵੱਡੀ ਭੀੜ ਵੀ ਹੈਰਾਨੀ ਨਾਲ ਵੇਖ ਰਹੀ ਸੀ। ਰੋਬੋਟਾਂ ਨੂੰ ਕ੍ਰਮਵਾਰ ਇਕ ਮੀਟਰ ਤੋਂ ਵੱਧ ਦੇ ਅੰਤਰਾਲ 'ਤੇ ਦੌੜਾਇਆ ਗਿਆ, ਜੋ ਸਮਰਪਿਤ ਟਰੈਕਾਂ 'ਤੇ ਦੌੜ ਰਹੇ ਸਨ। ਟਰੈਕ 'ਤੇ ਫਾਰਮੂਲਾ 1 ਦੌੜ ਵਾਂਗ ਉਨ੍ਹਾਂ ਦੀ ਬੈਟਰੀ ਬਦਲਣ ਲਈ ਪਿਟ ਸ਼ਾਪਸ ਵੀ ਸਨ।

ਅੰਤ 'ਚ, ਪੁਰਸਕਾਰ ਨਾ ਸਿਰਫ ਗਤੀ ਲਈ ਵੰਡੇ ਗਏ ਬਲਕਿ ਬਿਹਤਰੀਨ ਸਹਿਣਸ਼ੀਲਤਾ, ਬਿਹਤਰੀਨ ਡਿਜ਼ਾਈਨ, ਅਤੇ ਸੱਭ ਤੋਂ ਨਵੀਨਤਾਕਾਰੀ ਸਰੂਪ ਵਰਗੀਆਂ ਸ਼੍ਰੇਣੀਆਂ ਲਈ ਵੀ ਦਿਤੇ ਗਏ, ਜਿਸ 'ਚ ਐਥਲੈਟਿਕ ਪ੍ਰਦਰਸ਼ਨ ਅਤੇ ਇੰਜੀਨੀਅਰਿੰਗ ਯੋਗਤਾ ਦੋਹਾਂ ਨੂੰ ਧਿਆਨ 'ਚ ਰਖਿਆ ਗਿਆ।

ਸਰਕਾਰੀ ਸਮਾਚਾਰ ਏਜੰਸੀ ਸ਼ਿਨਹੁਆ ਨੇ ਇਸ ਨੂੰ ਦੁਨੀਆਂ ਦੀ ਪਹਿਲੀ ਅਜਿਹੀ ਦੌੜ ਦਸਿਆ ਅਤੇ ਇਕ ਵੀਡੀਉ ਫੁਟੇਜ ਵੀ ਜਾਰੀ ਕੀਤੀ, ਜਿਸ ਵਿਚ ਇਕ ਰੋਬੋਟ ਕਾਲੀ ਟੋਪੀ ਅਤੇ ਚਿੱਟੇ ਦਸਤਾਨੇ ਪਹਿਨ ਕੇ ਦੌੜਿਆ।

ਹਾਲਾਂਕਿ, ਸੋਸ਼ਲ ਮੀਡੀਆ 'ਤੇ ਪੋਸਟ ਕੀਤੀਆਂ ਗਈਆਂ ਵੀਡੀਉਜ਼ ਤੋਂ ਪਤਾ ਲਗਦਾ ਹੈ ਕਿ ਦੌੜ ਸਮੱਸਿਆਵਾਂ ਤੋਂ ਮੁਕਤ ਨਹੀਂ ਸੀ, ਕਿਉਂਕਿ ਕੁੱਝ ਰੋਬੋਟਾਂ ਨੂੰ ਸ਼ੁਰੂਆਤ 'ਚ ਤਕਨੀਕੀ ਖਰਾਬੀ ਦਾ ਸਾਹਮਣਾ ਕਰਨਾ ਪਿਆ ਅਤੇ ਉਹ ਹਾਦਸਾਗ੍ਰਸਤ ਵੀ ਹੋ ਗਏ।

20 ਟੀਮਾਂ ਵਿਚੋਂ ਤਿਆਗੋਂਗ ਟੀਮ ਦੇ ਤਿਆਗੋਂਗ ਅਲਟਰਾ ਨੇ ਦੋ ਘੰਟੇ 40 ਮਿੰਟ ਦੇ ਸਮੇਂ ਨਾਲ ਦੌੜ ਜਿੱਤੀ, ਜੋ ਇਥੋਪੀਆ ਦੇ ਏਲੀਅਸ ਡੇਸਟਾ ਵਲੋਂ ਦੌੜ ਪੂਰਾ ਕਰਨ ਲਈ ਲਗਾਏ ਸਮੇਂ ਤੋਂ ਇਕ ਘੰਟੇ ਅਤੇ ਦੋ ਮਿੰਟ ਤੋਂ ਵੀ ਜ਼ਿਆਦਾ ਹੈ।

ਚਾਈਨਾ ਇਲੈਕਟ੍ਰਾਨਿਕਸ ਸੋਸਾਇਟੀ ਦਾ ਅਨੁਮਾਨ ਹੈ ਕਿ ਚੀਨ ਦਾ ਹਿਊਮਨੋਇਡ ਰੋਬੋਟ ਬਾਜ਼ਾਰ 2030 ਤਕ ਲਗਭਗ 870 ਅਰਬ ਯੁਆਨ (ਲਗਭਗ 119 ਅਰਬ ਡਾਲਰ) ਤਕ ਪਹੁੰਚ ਸਕਦਾ ਹੈ। ਯਿਜ਼ੁਆਂਗ ਦੀ ਪ੍ਰਬੰਧਕੀ ਕਮੇਟੀ ਦੇ ਡਿਪਟੀ ਡਾਇਰੈਕਟਰ ਲਿਆਂਗ ਲਿਆਂਗ ਨੇ ਕਿਹਾ, ''ਦੌੜ ਨੂੰ ਪੂਰਾ ਕਰਨਾ ਇਨ੍ਹਾਂ ਰੋਬੋਟਾਂ ਦਾ ਟੀਚਾ ਨਹੀਂ ਹੈ। ਇਹ ਉਦਯੋਗਿਕ ਵਿਕਾਸ ਅਤੇ ਅੰਤਰ-ਅਨੁਸ਼ਾਸਨੀ ਸਿੱਖਿਆ ਲਈ ਸ਼ੁਰੂਆਤੀ ਬਿੰਦੂ ਹੈ। ਅੱਜ ਉਨ੍ਹਾਂ ਦੇ ਛੋਟੇ ਕਦਮ ਕੱਲ੍ਹ ਮਨੁੱਖੀ ਤਕਨੀਕੀ ਤਰੱਕੀ ਲਈ ਵੱਡੀਆਂ ਛਾਲਾਂ ਬਣਨਗੇ।''

ਬੀਜਿੰਗ ਮੈਰਾਥਨ ਐਸੋਸੀਏਸ਼ਨ ਦੇ ਡਾਇਰੈਕਟਰ ਝਾਓ ਫਿਉਮਿੰਗ ਨੇ ਕਿਹਾ ਕਿ ਟਰੈਕ 'ਤੇ ਹਿਊਮਨੋਇਡ ਰੋਬੋਟ ਉਚਾਈ ਅਤੇ ਭਾਰ ਵਿਚ ਵੱਖਰੇ ਹਨ, ਇਸ ਲਈ ਉਨ੍ਹਾਂ ਦਾ ਉਦੇਸ਼ ਭਵਿੱਖ ਵਿਚ ਨਿਰਮਾਣ, ਸਿਹਤ ਸੰਭਾਲ ਅਤੇ ਸਿੱਖਿਆ ਸਮੇਤ ਨਿਰਧਾਰਤ ਖੇਤਰਾਂ ਵਿਚ ਤਾਇਨਾਤੀ ਕਰਨਾ ਹੈ। ਝਾਓ ਨੇ ਕਿਹਾ, ''ਰੋਬੋਟਾਂ ਨੇ ਅਸਲ 'ਚ ਦੌੜ ਨੂੰ ਮਸ਼ਹੂਰ ਕੀਤਾ। ਮੈਰਾਥਨ 'ਚ ਨਵੀਆਂ ਧਾਰਨਾਵਾਂ ਨੂੰ ਏਕੀਕ੍ਰਿਤ ਕਰਨ ਲਈ ਹੋਰ ਸ਼ਹਿਰ ਅਜਿਹੇ ਤਜਰਬੇ ਤੋਂ ਸਿੱਖ ਸਕਦੇ ਹਨ। ਹਾਲਾਂਕਿ, ਰੋਬੋਟ ਜ਼ਰੂਰੀ ਤੌਰ 'ਤੇ ਦੌੜਾਕਾਂ ਵਜੋਂ ਹਿੱਸਾ ਨਹੀਂ ਲੈ ਸਕਦੇ। ਉਹ ਸੁਰੱਖਿਆ ਜਾਂਚ ਜਾਂ ਹੋਰ ਆਪਰੇਸ਼ਨ ਕਾਰਜਾਂ 'ਚ ਵੀ ਮਦਦ ਕਰ ਸਕਦੇ ਹਨ।''

ਚੀਨ ਦੀ ਰੋਬੋਟ ਦੌੜ ਨੂੰ ਨਵੀਂ ਉੱਭਰ ਰਹੀਆਂ ਤਕਨਾਲੋਜੀਆਂ ਵਿਚ ਅਮਰੀਕਾ ਨਾਲ ਤੇਜ਼ ਦੌੜ ਦੇ ਵਿਚਕਾਰ ਏ.ਆਈ. ਟੂਲਜ਼ ਵਿਚ ਅਪਣੀ ਪ੍ਰਗਤੀ ਨੂੰ ਪ੍ਰਦਰਸ਼ਿਤ ਕਰਨ ਦੀ ਕੋਸ਼ਿਸ਼ ਵਜੋਂ ਵੇਖਿਆ ਗਿਆ ਸੀ।

# ਆਮ ਆਦਮੀ ਪਾਰਟੀ ਪੰਜਾਬ ਦੇ ਸੋਸ਼ਲ ਮੀਡੀਆ ਵਲੰਟੀਅਰਾਂ ਦੀ ਹੋਈ ਸੂਬਾ ਪੱਧਰੀ ਮੀਟਿੰਗ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com




ਚੰਡੀਗੜ੍ਹ: ਪੰਜਾਬ ਤੋਂ ਆਮ ਆਦਮੀ ਪਾਰਟੀ ਦੇ ਸੈਂਕੜੇ ਸਰਗਰਮ ਸੋਸ਼ਲ ਮੀਡੀਆ ਯੋਧਿਆਂ ਲਈ ਸ਼ਨੀਵਾਰ ਨੂੰ ਚੰਡੀਗੜ੍ਹ ਵਿੱਚ ਇੱਕ ਰੋਜ਼ਾ ਸਿਖਲਾਈ ਪ੍ਰੋਗਰਾਮ ਆਯੋਜਿਤ ਕੀਤਾ ਗਿਆ ਹੈ। ਇਸ ਪ੍ਰੋਗਰਾਮ ਵਿੱਚ ਆਮ ਆਦਮੀ ਪਾਰਟੀ ਦੇ ਸੂਬਾ ਇੰਚਾਰਜ ਮਨੀਸ਼ ਸਿਸੋਦੀਆ ਅਤੇ ਰਾਸ਼ਟਰੀ ਮੀਡੀਆ ਇੰਚਾਰਜ ਅਨੁਰਾਗ ਢਾਂਡਾ ਮੌਜੂਦ ਹਨ। ਇਸ ਪ੍ਰੋਗਰਾਮ ਵਿੱਚ ਬੂਥ ਪੱਧਰ ਤੱਕ ਸੋਸ਼ਲ ਮੀਡੀਆ ਟੀਮ ਨੂੰ ਮਜ਼ਬੂਤ ਕਰਨ 'ਤੇ ਚਰਚਾ ਕੀਤੀ ਗਈ। ਇਸ ਸੰਵਾਦ ਪ੍ਰੋਗਰਾਮ ਦੌਰਾਨ, ਉਨ੍ਹਾਂ ਨੇ ਵਰਕਰਾਂ ਨੂੰ ਡਿਜੀਟਲ ਰਣਨੀਤੀਆਂ, ਸਰਕਾਰੀ ਨੀਤੀਆਂ ਨੂੰ ਜਨਤਾ ਤੱਕ ਪਹੁੰਚਾਉਣ ਅਤੇ ਆਨਲਾਈਨ ਪ੍ਰਚਾਰ ਦੀਆਂ ਪ੍ਰਭਾਵਸ਼ਾਲੀ ਤਕਨੀਕਾਂ ਬਾਰੇ ਵਿਸ਼ੇਸ਼ ਸਿਖਲਾਈ ਦਿੱਤੀ। ਇਸ ਮੌਕੇ ਪੰਜਾਬ ਸੋਸ਼ਲ ਮੀਡੀਆ ਟੀਮ ਦੇ ਮੈਂਬਰ ਅਕਾਸ਼ ਨੂਰ ਗ਼ਦਰੀ, ਹਰਜੀਤ ਖੋਸਾ, ਗੁਰਸੇਵਕ ਸਿੰਘ ਕੰਗ ਅਤੇ ਹੋਰ ਬਹੁਤ ਸਾਰੇ ਮੈਂਬਰ ਮੌਜੂਦ ਸਨ।

ਮਨੀਸ਼ ਸਿਸੋਦੀਆ ਨੇ ਕਿਹਾ, "ਸੋਸ਼ਲ ਮੀਡੀਆ ਅੱਜ ਦੀ ਰਾਜਨੀਤੀ ਵਿੱਚ ਇੱਕ ਸ਼ਕਤੀਸ਼ਾਲੀ ਸਾਧਨ ਬਣ ਗਿਆ ਹੈ। ਸਾਡੀ ਸਰਕਾਰ ਦੇ ਕੰਮ, ਇਮਾਨਦਾਰ ਰਾਜਨੀਤੀ, ਸਿੱਖਿਆ ਕ੍ਰਾਂਤੀ, ਨਸ਼ਿਆਂ ਵਿਰੁੱਧ ਜੰਗ ਅਤੇ ਜਨਤਕ ਹਿੱਤ ਦੇ ਮੁੱਦਿਆਂ ਨੂੰ ਹਰ ਘਰ ਤੱਕ ਪਹੁੰਚਾਉਣ ਲਈ, ਇਹ ਜ਼ਰੂਰੀ ਹੈ ਕਿ ਅਸੀਂ ਡਿਜੀਟਲ ਪੱਧਰ 'ਤੇ ਵੀ ਸੰਗਠਿਤ ਅਤੇ ਸਰਗਰਮ ਰਹੀਏ।

ਉਨ੍ਹਾਂ ਕਿਹਾ ਕਿ ਪਾਰਟੀ ਹੁਣ ਹਰ ਵਿਧਾਨ ਸਭਾ ਹਲਕੇ ਦੇ ਹਰ ਬੂਥ 'ਤੇ ਵੱਡੇ ਪੱਧਰ 'ਤੇ ਸੋਸ਼ਲ ਮੀਡੀਆ ਯੋਧਿਆਂ ਨੂੰ ਨਿਯੁਕਤ ਕਰੇਗੀ, ਜੋ ਇਲਾਕੇ ਦੇ ਮੁੱਦਿਆਂ, ਸਰਕਾਰ ਦੀਆਂ ਪ੍ਰਾਪਤੀਆਂ ਅਤੇ ਪਾਰਟੀ ਦੀਆਂ ਯੋਜਨਾਵਾਂ ਨੂੰ ਘਰ-ਘਰ ਪਹੁੰਚਾਉਣ ਦਾ ਕੰਮ ਕਰਨਗੇ।

ਆਮ ਆਦਮੀ ਪਾਰਟੀ ਦੇ ਰਾਸ਼ਟਰੀ ਮੀਡੀਆ ਇੰਚਾਰਜ ਅਨੁਰਾਗ ਢਾਂਡਾ ਨੇ ਵੀ ਸੋਸ਼ਲ ਵਾਰੀਅਰਸ ਨੂੰ ਸੰਬੋਧਨ ਕੀਤਾ। ਉਨ੍ਹਾਂ ਕਿਹਾ, "ਸੋਸ਼ਲ ਮੀਡੀਆ ਸਿਰਫ ਪੋਸਟ ਕਰਨ ਦਾ ਮਾਧਿਅਮ ਨਹੀਂ ਹੈ, ਸਗੋਂ ਇਹ ਜਨਤਾ ਨਾਲ ਸਿੱਧੇ ਤੌਰ 'ਤੇ ਜੁੜਨ, ਵਿਰੋਧੀ ਧਿਰ ਦੇ ਝੂਠਾਂ ਨੂੰ ਬੇਨਕਾਬ ਕਰਨ ਅਤੇ ਸੱਚਾਈ ਨੂੰ ਅੱਗੇ ਲਿਆਉਣ ਦਾ ਸਭ ਤੋਂ ਸ਼ਕਤੀਸ਼ਾਲੀ ਪਲੇਟਫਾਰਮ ਹੈ। ਸਾਨੂੰ ਬੂਥ ਪੱਧਰ ਤੱਕ ਇਸ ਤਾਕਤ ਨੂੰ ਬਣਾਉਣੀ ਹੈ ਤਾਂ ਜੋ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਆਵਾਜ਼ ਹਰ ਪਲੇਟਫਾਰਮ 'ਤੇ ਗੂੰਜ ਸਕੇ।"

ਇਸ ਸਿਖਲਾਈ ਸੈਸ਼ਨ ਵਿੱਚ, ਕਰਮਚਾਰੀਆਂ ਨੂੰ ਕੰਟੈਂਟ ਬਣਾਉਣ ਅਤੇ ਫੇਸਬੁੱਕ, ਇੰਸਟਾਗ੍ਰਾਮ, ਟਵਿੱਟਰ, ਟੈਲੀਗ੍ਰਾਮ ਵਰਗੇ ਸਾਰੇ ਸੋਸ਼ਲ ਮੀਡੀਆ ਪਲੇਟਫਾਰਮਾਂ ਨਾਲ ਸਬੰਧਿਤ ਤਕਨੀਕੀ ਜਾਣਕਾਰੀ ਦਿੱਤੀ ਗਈ

# ਪੰਜਾਬ ਪੁਲਿਸ ਨੇ ਪਾਕਿ-ISI ਸਮਰਥਿਤ BKI ਅੱਤਵਾਦੀ ਮਾਡਿਊਲਾਂ ਦਾ ਕੀਤਾ ਪਰਦਾਫਾਸ਼

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com




ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਰਾਜ ਬਣਾਉਣ ਲਈ ਚੱਲ ਰਹੀ ਮੁਹਿੰਮ ਤਹਿਤ, ਪੰਜਾਬ ਪੁਲਿਸ ਨੇ ਬੱਬਰ ਖਾਲਸਾ ਇੰਟਰਨੈਸ਼ਨਲ (BKI) ਵੱਲੋਂ ਵਿਦੇਸ਼ਾਂ ਤੋਂ ਚਲਾਏ ਜਾ ਰਹੇ ਦੋ ਵੱਖ-ਵੱਖ ISI-ਸਮਰਥਿਤ ਅੱਤਵਾਦੀ ਮਾਡਿਊਲਾਂ ਦਾ ਸਫਲਤਾਪੂਰਵਕ ਪਰਦਾਫਾਸ਼ ਕਰਕੇ ਰਾਜ ਵਿੱਚ ਅਸ਼ਾਂਤੀ ਪੈਦਾ ਕਰਨ ਦੀ ਇੱਕ ਵੱਡੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ ਅਤੇ ਭਾਰੀ ਮਾਤਰਾ ਵਿੱਚ ਹਥਿਆਰ ਅਤੇ ਵਿਸਫੋਟਕ-ਜਿਸ ਵਿੱਚ ਦੋ ਰਾਕੇਟ ਪ੍ਰੋਪੇਲਡ ਗ੍ਰਨੇਡ (ਆਰਪੀਜੀ) ਸਮੇਤ ਇੱਕ ਲਾਂਚਰ ਸ਼ਾਮਲ ਹਨ, ਵੀ ਬਰਾਮਦ ਕੀਤੇ ਹਨ। ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਸ਼ਨੀਵਾਰ ਨੂੰ ਇੱਥੇ ਸਾਂਝੀ ਕੀਤੀ।

ਜ਼ਿਕਰਯੋਗ ਹੈ ਕਿ ਦੋ ਵੱਖ-ਵੱਖ ਖੁਫੀਆ ਆਪ੍ਰੇਸ਼ਨਾਂ ਤਹਿਤ ਕਾਊਂਟਰ ਇੰਟੈਲੀਜੈਂਸ (CI) ਜਲੰਧਰ ਅਤੇ ਜ਼ਿਲ੍ਹਾ ਪੁਲਿਸ ਬਟਾਲਾ ਨੇ ਦੋਵਾਂ ਮਾਡਿਊਲਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਨਸ਼ਟ ਕੀਤਾ ਅਤੇ ਇੱਕ ਨਾਬਾਲਗ ਸਮੇਤ 13 ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ।

ਡੀਜੀਪੀ ਨੇ ਕਿਹਾ, ''ਪਾਕਿਸਤਾਨ-ਅਧਾਰਤ ਆਈਐਸਆਈ ਵੱਲੋਂ ਸਪਾਂਸਰ ਕੀਤੇ ਗਏ ਅੱਤਵਾਦੀ ਮਾਡਿਊਲਾਂ ਨੂੰ ਬੀ.ਕੇ.ਆਈ. ਵੱਲੋਂ ਨਿਯੰਤਰਿਤ ਕੀਤਾ ਜਾ ਰਿਹਾ ਸੀ, ਜਿਨ੍ਹਾਂ ਦੇ ਦੋ ਮੁੱਖ ਸੰਚਾਲਨ ਨੋਡ ਸਨ – ਫਰਾਂਸ-ਅਧਾਰਤ ਸਤਨਾਮ ਸਿੰਘ ਉਰਫ ਸੱਤਾ ਅਤੇ ਗ੍ਰੀਸ-ਅਧਾਰਤ ਜਸਵਿੰਦਰ ਸਿੰਘ ਉਰਫ ਮੰਨੂ ਅਗਵਾਨ,''। ਉਨ੍ਹਾਂ ਇਹ ਵੀ ਕਿਹਾ ਕਿ ਉਕਤ ਦੋਸ਼ੀਆਂ ਦੀ ਭੂਮਿਕਾ ਪਹਿਲਾਂ ਵੀ ਵੱਖ-ਵੱਖ ਕਾਰਵਾਈਆਂ ਵਿੱਚ ਸਾਹਮਣੇ ਆਈ ਸੀ, ਜਿਸ ਵਿੱਚ ਦੋਸ਼ੀ ਸਤਨਾਮ 2010 ਦੇ ਆਈਈਡੀ ਅਤੇ ਆਰਡੀਐਕਸ ਬਰਾਮਦਗੀ ਕੇਸ ਵਿੱਚ ਸ਼ਾਮਲ ਪਾਇਆ ਗਿਆ ਸੀ।

ਉਨ੍ਹਾਂ ਕਿਹਾ ਕਿ ਦੋ ਆਰਪੀਜੀ ਸਮੇਤ ਇੱਕ ਲਾਂਚਰ ਤੋਂ ਇਲਾਵਾ, ਪੁਲਿਸ ਟੀਮਾਂ ਨੇ 2.5-2.5 ਕਿਲੋ ਵਜ਼ਨ ਦੇ ਦੋ ਇੰਪਰੂਵਾਈਜ਼ਡ ਐਕਸਪਲੋਸਿਵ ਡਿਵਾਈਸ (ਆਈਈਡੀ), ਡੈਟੋਨੇਟਰ ਸਮੇਤ ਦੋ ਹੈਂਡ ਗ੍ਰਨੇਡ, ਰਿਮੋਟ ਕੰਟਰੋਲ ਡਿਵਾਈਸ ਸਮੇਤ 2 ਕਿਲੋ ਆਰਡੀਐਕਸ, ਪੰਜ ਪਿਸਤੌਲ- ਜਿਸ ਵਿੱਚ ਬੇਰੇਟਾ ਅਤੇ ਗਲੌਕ ਸ਼ਾਮਲ ਹਨ, ਸਮੇਤ ਛੇ ਮੈਗਜ਼ੀਨ ਅਤੇ 44 ਕਾਰਤੂਸ ਅਤੇ ਇੱਕ ਵਾਇਰਲੈਸ ਸੈੱਟ ਵੀ ਬਰਾਮਦ ਕੀਤਾ ਹੈ , ਇਸ ਤੋਂ ਇਲਾਵਾ ਉਨ੍ਹਾਂ ਦੇ ਤਿੰਨ ਵਾਹਨ ਵੀ ਜ਼ਬਤ ਕੀਤੇ ਹਨ।

ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਇਨ੍ਹਾਂ ਮਾਡਿਊਲਾਂ ਦਾ ਪਰਦਾਫਾਸ਼ ਕਰਕੇ, ਪੰਜਾਬ ਪੁਲਿਸ ਨੇ ਸਰਹੱਦੀ ਰਾਜ ਵਿੱਚ ਸ਼ਾਂਤੀ ਅਤੇ ਸਦਭਾਵਨਾ ਨੂੰ ਭੰਗ ਕਰਨ ਦੀ ਪਾਕਿ-ਆਈਐਸਆਈ ਦੀ ਸਾਜ਼ਿਸ਼ ਨੂੰ ਨਾਕਾਮ ਕਰ ਦਿੱਤਾ ਹੈ।

ਪਹਿਲੇ ਮਾਡਿਊਲ ਸਬੰਧੀ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਏਆਈਜੀ ਸੀਆਈ ਜਲੰਧਰ ਨਵਜੋਤ ਸਿੰਘ ਮਾਹਲ ਨੇ ਕਿਹਾ ਕਿ ਖੁਫੀਆ ਜਾਣਕਾਰੀ 'ਤੇ ਅਧਾਰਤ ਇਸ ਆਪ੍ਰੇਸ਼ਨ ਵਿੱਚ ਪੁਲਿਸ ਟੀਮਾਂ ਨੇ ਹੁਸ਼ਿਆਰਪੁਰ ਦੇ ਬਸਤੀ ਅੰਮ੍ਰਿਤਸਰੀਆਂ ਦੇ ਜਗਰੂਪ ਸਿੰਘ, ਕਪੂਰਥਲਾ ਦੇ ਦਬੁਰਜੀ ਦੇ ਜਤਿੰਦਰ ਸਿੰਘ ਉਰਫ ਹਨੀ ,ਧਰਮਕੋਟ ਹੁਸ਼ਿਆਰਪੁਰ ਦੇ ਹਰਪ੍ਰੀਤ ਸਿੰਘ ਅਤੇ ਕਪੂਰਥਲਾ ਦੇ ਜਗਜੀਤ ਸਿੰਘ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ 'ਚੋਂ ਹਥਿਆਰ ਅਤੇ ਵਿਸਫੋਟਕ ਸਮੱਗਰੀ ਬਰਾਮਦ ਕੀਤੀ ਹੈ।

ਉਨ੍ਹਾਂ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਦੋਸ਼ੀ ਫਰਾਂਸ ਸਥਿਤ ਸਤਨਾਮ ਸੱਤਾ ਦੇ ਨਿਰਦੇਸ਼ਾਂ 'ਤੇ ਕੰਮ ਕਰ ਰਹੇ ਸਨ। ਉਨ੍ਹਾਂ ਅੱਗੇ ਕਿਹਾ ਕਿ ਇਸ ਪੂਰੇ ਨੈੱਟਵਰਕ ਦਾ ਪਰਦਾਫਾਸ਼ ਕਰਨ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ ਅਤੇ ਉਕਤ ਦੋਸ਼ੀਆਂ ਵੱਲੋਂ ਅੰਜ਼ਾਮ ਦਿੱਤੇ ਗਏ ਪਿਛਲੇ ਅਪਰਾਧਾਂ ਦਾ ਪਤਾ ਲਗਾਉਣ ਦੀ ਕੋਸ਼ਿਸ਼ ਵੀ ਜਾਰੀ ਹੈ।

ਦੂਜੇ ਮਾਡਿਊਲ ਸਬੰਧੀ ਕਾਰਵਾਈ ਦੇ ਵੇਰਵੇ ਸਾਂਝੇ ਕਰਦਿਆਂ ਸੀਨੀਅਰ ਸੁਪਰਡੈਂਟ ਆਫ਼ ਪੁਲਿਸ (ਐਸਐਸਪੀ) ਬਟਾਲਾ ਸੁਹੈਲ ਕਾਸਿਮ ਮੀਰ ਨੇ ਕਿਹਾ ਕਿ ਖੁਫੀਆ ਜਾਣਕਾਰੀ 'ਤੇ ਅਧਾਰਤ ਹਫ਼ਤਾ ਭਰ ਚੱਲੇ ਇਸ ਆਪ੍ਰੇਸ਼ਨ ਵਿੱਚ ਪੁਲਿਸ ਟੀਮਾਂ ਨੇ ਇੱਕ 17 ਸਾਲਾ ਨਾਬਾਲਗ ਸਮੇਤ ਨੌਂ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ। ਨਾਬਾਲਗ ਤੋਂ ਇਲਾਵਾ ਗ੍ਰਿਫ਼ਤਾਰ ਕੀਤੇ ਗਏ ਹੋਰ ਅੱਠ ਵਿਅਕਤੀਆਂ ਦੀ ਪਛਾਣ ਪਵਨਪ੍ਰੀਤ ਸਿੰਘ, ਬਲਬੀਰ ਕੁਮਾਰ ਉਰਫ਼ ਵਰੁਣ, ਗੋਮਜੀ ਉਰਫ਼ ਗੋਟਾ, ਗੁਰਪ੍ਰੀਤ ਸਿੰਘ ਉਰਫ਼ ਗੋਪੀ, ਅਜੈਪਾਲ ਸਿੰਘ, ਰਾਹੁਲ ਉਰਫ਼ ਭਈਆ ਅਤੇ ਜੇਹਨਸਨ, ਸਾਰੇ ਵਾਸੀ ਬਟਾਲਾ ਅਤੇ ਕਪੂਰਥਲਾ ਦੇ ਜਤਿੰਦਰ ਵਜੋਂ ਹੋਈ ਹੈ।

ਐਸਐਸਪੀ ਨੇ ਕਿਹਾ ਕਿ ਪ੍ਰਾਪਤ ਹੋਏ ਵੱਖ-ਵੱਖ ਸੁਰਾਗਾਂ ਦੀ ਜਾਂਚ ਕੀਤੀ ਜਾ ਰਹੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਹੋਰ ਗ੍ਰਿਫ਼ਤਾਰੀਆਂ ਦੀ ਉਮੀਦ ਹੈ।

ਇਸ ਸਬੰਧੀ ਗੈਰ-ਕਾਨੂੰਨੀ ਗਤੀਵਿਧੀਆਂ (ਰੋਕੂ) ਐਕਟ (ਯੂਏਪੀਏ) ਅਤੇ ਵਿਸਫੋਟਕ ਪਦਾਰਥ ਐਕਟ ਦੀਆਂ ਸਬੰਧਤ ਧਾਰਾਵਾਂ ਤਹਿਤ ਕ੍ਰਮਵਾਰ ਪੁਲਿਸ ਸਟੇਸ਼ਨ ਐਸਐਸਓਸੀ ਅੰਮ੍ਰਿਤਸਰ ਅਤੇ ਬਟਾਲਾ ਵਿਖੇ ਦੋ ਵੱਖ-ਵੱਖ ਐਫਆਈਆਰ ਦਰਜ ਕੀਤੀਆਂ ਗਈਆਂ ਹਨ।

# ਦਿੱਲੀ 'ਚ ਬਹੁਮੰਜ਼ਿਲਾ ਇਮਾਰਤ ਡਿੱਗੀ 6 ਦੀ ਮੌਤ, ਕਈ ਲੋਕ ਦੱਬੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com



ਦਿੱਲੀ ਵਿੱਚ ਬਹੁਮੰਜ਼ਿਲਾ ਇਮਾਰਤ ਢਹਿ ਢੇਰੀ ਹੋਣ ਕਾਰਨ ਵੱਡਾ ਹਾਦਸਾ ਵਾਪਰਿਆ ਹੈ। ਇਸ ਹਾਦਸੇ ਵਿੱਚ 6 ਲੋਕਾਂ ਦੀ ਮੌਤ ਹੋਣ ਅਤੇ 28 ਤੋਂ ਵੱਧ ਦੱਬੇ ਹੋਣ ਦੀ ਖ਼ਬਰ ਹੈ। ਦਿੱਲੀ ਦੇ ਮੁਸਤਫਾਬਾਦ ਖੇਤਰ ਵਿੱਚ ਦੇਰ ਰਾਤ ਚਾਰ ਮੰਜ਼ਿਲਾ ਇਮਾਰਤ ਢਹਿ ਗਈ। ਇਸ ਇਮਾਰਿਤ ਵਿੱਚ ਕਈ ਪਰਿਵਾਰ ਰਹਿੰਦੇ ਸਨ। ਬਚਾਅ ਕਾਰਜ ਵਿੱਚ ਐਨਡੀਆਰਐਫ ਅਤੇ ਦਿੱਲੀ ਫਾਇਰ ਸਰਵਿਸ ਦੀ ਟੀਮ ਲਗਾਤਾਰ ਕੰਮ ਕਰ ਰਹੀ ਹੈ।

ਦੱਸਿਆ ਜਾ ਰਿਹਾ ਹੈ ਕਿ ਰਾਤ ਦੋ ਵਜ ਕੇ 39 ਮਿੰਟ ਉਤੇ ਇਮਾਰ ਤਾਸ਼ ਦੇ ਪੱਤਿਆਂ ਦੀ ਤਰ੍ਹਾਂ ਢਹਿ ਗਈ। ਫਾਇਰ ਵਿਭਾਗ ਦੇ ਅਫ਼ਸਰ ਰਜਿੰਦਰ ਅਟਵਾਲ ਨੇ ਦੱਸਿਆ ਕਿ ਸਵੇਰੇ ਕਰੀਬ 2.50 ਵਜੇ ਇਕ ਮਕਾਨ ਢਹਿ ਜਾਣ ਦੀ ਖਬਰ ਮਿਲੀ ਸੀ। ਅਸੀਂ ਮੌਕੇ ਉਤੇ ਪਹੁੰਚ ਗਈ ਅਤੇ ਦੇਖਿਆ ਇਮਾਰਤ ਪੂਰੀ ਤਰ੍ਹਾਂ ਢਹਿ ਚੁੱਕੀ ਸੀ। ਉਨ੍ਹਾਂ ਦੱਸਿਆ ਕਿ ਐਨਡੀਆਰਐਫ ਅਤੇ ਫਾਇਰ ਵਿਭਾਗ ਲੋਕਾਂ ਨੂੰ ਬਚਾਉਣ ਲਈ ਕੰਮ ਕਰ ਰਿਹਾ ਹੈ।

# ਪੰਜਾਬ ਮੰਡੀ ਬੋਰਡ ਦੇ ਸਕੱਤਰ ਰਾਮਵੀਰ ਵੱਲੋਂ ਜ਼ਿਲ੍ਹਾ ਸੰਗਰੂਰ ਦੀਆਂ ਵੱਖ-ਵੱਖ ਅਨਾਜ ਮੰਡੀਆਂ ਦਾ ਅਚਨਚੇਤ ਦੌਰਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 9463601616
hardipchumber57@gmail.com



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਅੱਜ ਪੰਜਾਬ ਮੰਡੀ ਬੋਰਡ ਦੇ ਸਕੱਤਰ ਸ੍ਰੀ ਰਾਮਵੀਰ ਵੱਲੋਂ ਜ਼ਿਲ੍ਹਾ ਸੰਗਰੂਰ ਦੀਆਂ ਅਨਾਜ ਮੰਡੀਆਂ (grain markets) ਦਾ ਅਚਨਚੇਤ ਦੌਰਾ ਕੀਤਾ ਗਿਆ। ਧੂਰੀ ਅਤੇ ਸੰਗਰੂਰ ਅਨਾਜ ਮੰਡੀਆਂ (grain markets) ਵਿੱਚ ਉਨ੍ਹਾਂ ਨੇ ਆਪਣੇ ਦੌਰੇ ਦੌਰਾਨ ਕਿਸਾਨਾਂ ਦੁਆਰਾ ਅਨਾਜ ਮੰਡੀਆਂ ਵਿੱਚ ਲਿਆਂਦੀ ਗਈ ਕਣਕ ਦੀਆਂ ਢੇਰੀਆਂ ਵਿੱਚ ਨਮੀ ਦਾ ਨਿਰੀਖਣ ਵੀ ਕੀਤਾ।

ਉਨ੍ਹਾਂ ਨੇ ਕਿਹਾ ਕਿ ਬੀਤੇ ਦਿਨੀਂ ਆਏ ਭਾਰੀ ਤੂਫ਼ਾਨ ਤੇ ਮੀਂਹ ਕਾਰਨ ਮੰਡੀਆਂ ਵਿਚ ਨੀਵੀਆਂ ਥਾਵਾਂ ਉੱਤੇ ਲੱਗੀਆਂ ਕਣਕ ਦੀਆਂ ਕੁਝ ਢੇਰੀਆਂ ਨੂੰ ਪਾਣੀ ਜ਼ਰੂਰ ਲੱਗਿਆ ਸੀ ਪਰ ਮੰਡੀਆਂ ਵਿੱਚ ਮੌਜੂਦ ਮੰਡੀ ਬੋਰਡ ਦੇ ਮੁਲਾਜ਼ਮਾਂ ਤੇ ਆੜ੍ਹਤੀਆਂ ਨੇ ਮੁਸਤੈਦੀ ਵਰਤਦੇ ਹੋਏ ਪੱਖੇ ਲਗਾ ਕੇ ਕਣਕ ਨੂੰ ਸੁਕਾਉਣ ਦੀ ਕਾਰਵਾਈ ਅਮਲ ਵਿੱਚ ਲਿਆਂਦੀ ਹੋਈ ਹੈ।

ਉਨ੍ਹਾਂ ਦੱਸਿਆ ਕਿ ਜਿਹੜੀਆਂ ਮੰਡੀਆਂ ਵਿੱਚ ਪਾਣੀ ਖੜ੍ਹਿਆ ਸੀ ਉਨ੍ਹਾਂ ਵਿਚੋਂ ਦੋ ਘੰਟਿਆਂ ਦੇ ਅੰਦਰ ਪਾਣੀ ਦਾ ਨਿਕਾਸ ਕਰਵਾ ਦਿੱਤਾ ਗਿਆ। ਸਕੱਤਰ ਨੇ ਮੰਡੀ ਬੋਰਡ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ 24 ਘੰਟੇ ਮੰਡੀਆਂ ਵਿੱਚ ਮੁਸਤੈਦ ਰਹਿਣ ਅਤੇ ਮੰਡੀਆਂ ਵਿੱਚ ਆਉਣ ਵਾਲੇ ਕਿਸਾਨਾਂ ਲਈ ਹਰ ਸੁਵਿਧਾ ਨੂੰ ਯਕੀਨੀ ਬਣਾਉਣ। ਉਹਨਾਂ ਕਿਹਾ ਕਿ ਖਰੀਦੀ ਜਾਣ ਵਾਲੀ ਫਸਲ ਦੀ 72 ਘੰਟਿਆਂ ਵਿੱਚ ਲਿਫਟਿੰਗ ਨਾ ਹੋਣ ਦੀ ਸੂਰਤ ਵਿੱਚ ਸਬੰਧਤ ਖਰੀਦ ਏਜੰਸੀਆਂ ਨੂੰ ਨੋਟਿਸ ਜਾਰੀ ਕੀਤਾ ਜਾਵੇਗਾ।

ਪੰਜਾਬ ਮੰਡੀ ਬੋਰਡ ਦੇ ਸਕੱਤਰ ਸ੍ਰੀ ਰਾਮਵੀਰ ਨੇ ਕਿਸਾਨਾਂ ਨਾਲ ਗੱਲਬਾਤ ਕਰਦਿਆਂ ਉਹਨਾਂ ਨੂੰ ਸੰਜਮ ਰੱਖਣ ਦੀ ਅਪੀਲ ਕੀਤੀ। ਉਹਨਾਂ ਕਿਹਾ ਕਿ ਪੰਜਾਬ ਸਰਕਾਰ ਹਰ ਵੇਲੇ ਕਿਸਾਨਾਂ ਦੇ ਨਾਲ ਖੜੀ ਹੈ।

ਇਸ ਮੌਕੇ ਮੁੱਖ ਮੰਤਰੀ ਫੀਲਡ ਅਫਸਰ ਕਰਮਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਣਕ ਦੇ ਸਮੁੱਚੇ ਸੀਜ਼ਨ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜ੍ਹਾਉਣ ਦੇ ਆਦੇਸ਼ ਦਿੱਤੇ ਗਏ ਹਨ । ਉਨ੍ਹਾਂ ਦੱਸਿਆ ਕਿ ਅਧਿਕਾਰੀਆਂ ਨੂੰ ਕਿਸਾਨਾਂ ਦੁਆਰਾ ਅਨਾਜ ਮੰਡੀਆਂ ਵਿੱਚ ਲਿਆਂਦੀ ਸੁੱਕੀ ਫਸਲ ਦੀ ਸਰਕਾਰੀ ਬੋਲੀ 24 ਘੰਟਿਆਂ ਅੰਦਰ ਕਰਵਾਉਣ, ਸਰਕਾਰੀ ਏਜੰਸੀਆਂ ਵੱਲੋਂ ਖਰੀਦੀ ਜਿਨਸ ਦੀ ਅਦਾਇਗੀ 48 ਘੰਟਿਆਂ ਅੰਦਰ ਕਰਨ ਅਤੇ ਖਰੀਦੀ ਫ਼ਸਲ ਦੀ ਲਿਫਟਿੰਗ 72 ਘੰਟਿਆਂ ਅੰਦਰ ਕਰਵਾਉਣ ਦੀ ਹਦਾਇਤ ਕੀਤੀ ਗਈ ਹੈ।

ਇਸ ਮੌਕੇ ਮਾਰਕੀਟ ਕਮੇਟੀ ਸੰਗਰੂਰ ਦੇ ਚੇਅਰਮੈਨ ਅਵਤਾਰ ਸਿੰਘ ਈਲਵਾਲ ਨੇ ਪੰਜਾਬ ਸਰਕਾਰ ਦੀ ਤਰਫੋਂ ਵਿਸ਼ਵਾਸ ਦਿਵਾਇਆ ਕਿ ਅਨਾਜ ਮੰਡੀਆਂ ਵਿੱਚ ਲਿਆਂਦੀ ਗਈ ਜਿਨਸ ਦੇ ਹਰ ਇੱਕ ਦਾਣੇ ਦੀ ਖਰੀਦ ਕਰਨ ਲਈ ਸਰਕਾਰ ਵਚਨਬੱਧ ਹੈ।

ਇਸ ਮੌਕੇ ਸਕੱਤਰ ਪੰਜਾਬ ਮੰਡੀ ਬੋਰਡ ਨੇ ਮਾਰਕੀਟ ਕਮੇਟੀ ਦਫ਼ਤਰ ਵਿਖੇ ਮੰਡੀ ਬੋਰਡ ਦੇ ਅਧਿਕਾਰੀਆਂ, ਆੜ੍ਹਤੀਆਂ ਨਾਲ ਸਮੀਖਿਆ ਮੀਟਿੰਗ ਵੀ ਕੀਤੀ।

ਇਸ ਦੌਰਾਨ ਐਸ ਡੀ ਐਮ ਧੂਰੀ ਵਿਕਾਸ ਹੀਰਾ, ਐਕਸੀਅਨ ਮੰਡੀ ਬੋਰਡ ਪੁਨੀਤ ਸ਼ਰਮਾ, ਜ਼ਿਲ੍ਹਾ ਮੰਡੀ ਅਫ਼ਸਰ ਕੁਲਜੀਤ ਸਿੰਘ ਸਮੇਤ ਹੋਰ ਅਧਿਕਾਰੀ ਅਤੇ ਆੜ੍ਹਤੀ ਵੀ ਹਾਜ਼ਰ ਸਨ।

# ਪੰਜਾਬ ਪੁਲਿਸ ਵੱਲੋਂ 131 ਨਸ਼ਾ ਤਸਕਰ ਗ੍ਰਿਫ਼ਤਾਰ; 1.7 ਕਿਲੋ ਹੈਰੋਇਨ, 3.5 ਕਿਲੋ ਅਫ਼ੀਮ ਬਰਾਮਦ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 9463601616
hardipchumber57@gmail.com

ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸ਼ੁਰੂ ਕੀਤੇ ਗਏ "ਯੁੱਧ ਨਸ਼ਿਆਂ ਵਿਰੁੱਧ" ਦੇ 50ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 131 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.7 ਕਿਲੋ ਹੈਰੋਇਨ ਅਤੇ 3.5 ਕਿਲੋ ਅਫ਼ੀਮ ਬਰਾਮਦ ਕੀਤੀ ਹੈ। ਇਸ ਨਾਲ ਸਿਰਫ਼ 50 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 6737 ਹੋ ਗਈ ਹੈ।

ਇਹ ਆਪ੍ਰੇਸ਼ਨ ਡਾਇਰੈਕਟਰ ਜਨਰਲ ਆਫ ਪੁਲਿਸ (ਡੀਜੀਪੀ) ਗੌਰਵ ਯਾਦਵ ਦੇ ਨਿਰਦੇਸ਼ਾਂ 'ਤੇ ਸੂਬੇ ਦੇ ਸਾਰੇ 28 ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਸੁਪਰਡੈਂਟ ਆਫ਼ ਪੁਲਿਸ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਗਏ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ।

ਆਪਰੇਸ਼ਨ ਦੇ ਵੇਰਵੇ ਦਿੰਦਿਆਂ ਵਿਸ਼ੇਸ਼ ਡੀਜੀਪੀ ਕਾਨੂੰਨ ਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਜਾਣਕਾਰੀ ਦਿੱਤੀ ਕਿ 100 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 2000 ਤੋਂ ਵੱਧ ਪੁਲਿਸ ਕਰਮਚਾਰੀਆਂ ਦੀ ਸ਼ਮੂਲੀਅਤ ਵਾਲੀਆਂ 220 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 468 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 82 ਐਫਆਈਆਰ ਦਰਜ ਕੀਤੀਆਂ ਗਈਆਂ। ਉਨ੍ਹਾਂ ਅੱਗੇ ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 528 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ।

ਉਨ੍ਹਾਂ ਕਿਹਾ ਕਿ ਨਸ਼ਿਆਂ ਪ੍ਰਤੀ ਸੂਬੇ ਸਰਕਾਰ ਦੀ ਜ਼ੀਰੋ-ਸਹਿਣਸ਼ੀਲਤਾ ਨੀਤੀ ਦੇ ਹਿੱਸੇ ਵਜੋਂ ਕਮਿਸ਼ਨਰੇਟ ਪੁਲਿਸ ਜਲੰਧਰ ਨੇ ਨਗਰ ਨਿਗਮ ਜਲੰਧਰ ਦੇ ਤਾਲਮੇਲ ਨਾਲ ਜਲੰਧਰ ਵਿੱਚ ਤਿੰਨ ਨਸ਼ਾ ਤਸਕਰਾਂ ਨਾਲ ਸਬੰਧਤ ਗੈਰ-ਕਾਨੂੰਨੀ ਢੰਗ ਨਾਲ ਉਸਾਰੇ ਗਏ ਘਰ ਨੂੰ ਵੀ ਢਾਹ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਉਕਤ ਤਸਕਰਾਂ ਦੀ ਪਛਾਣ ਲਖਵੀਰ ਕੌਰ, ਸੰਦੀਪ ਕੁਮਾਰ ਅਤੇ ਸੂਰਜ ਵਜੋਂ ਹੋਈ ਹੈ, ਜਿਨ੍ਹਾਂ ਵਿਰੁੱਧ ਐਨਡੀਪੀਐਸ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਅੱਠ ਮਾਮਲੇ ਦਰਜ ਹਨ।

ਸਪੈਸ਼ਲ ਡੀਜੀਪੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ – ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) – ਲਾਗੂ ਕੀਤੀ



ਗਈ ਹੈ ਅਤੇ ਪੰਜਾਬ ਪੁਲਿਸ ਵੱਲੋਂ ਇਸ ਰਣਨੀਤੀ ਦੇ ਹਿੱਸੇ ਵਜੋਂ ਅੱਜ ਦੋ ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਗਿਆ।

ਇਸ ਦੌਰਾਨ ਪੁਲਿਸ ਟੀਮਾਂ ਨੇ ਸ੍ਰੀ ਮੁਕਤਸਰ ਸਾਹਿਬ, ਫਿਰੋਜ਼ਪੁਰ, ਫਰੀਦਕੋਟ, ਮੋਗਾ ਅਤੇ ਫਾਜ਼ਿਲਕਾ ਸਮੇਤ ਪੰਜ ਜ਼ਿਲ੍ਹਿਆਂ ਵਿੱਚ 141 ਮੈਡੀਕਲਾਂ ਦੀ ਜਾਂਚ ਵੀ ਕੀਤੀ ਤਾਂ ਜੋ ਇਹ ਪਤਾ ਲਗਾਇਆ ਜਾ ਸਕੇ ਉਨ੍ਹਾਂ ਵੱਲੋਂ ਨਸ਼ੀਲੀਆਂ ਗੋਲੀਆਂ ਜਾਂ ਹੋਰ ਆਦਤ ਪਾਉਣ ਵਾਲੀਆਂ ਦਵਾਈਆਂ ਦੀ ਵਿਕਰੀ ਤਾਂ ਨਹੀਂ ਕੀਤੀ ਜਾ ਰਹੀ ਅਤੇ ਕੀ ਉਹ ਦਵਾਈਆਂ ਦੀ ਵਿਕਰੀ ਸਬੰਧੀ ਨਿਰਧਾਰਤ ਨੇਮਾਂ ਦੀ ਪਾਲਣਾ ਕਰ ਰਹੇ ਹਨ ਜਾਂ ਨਹੀਂ।

# ਈਰਾਨ ਤੇ ਅਮਰੀਕਾ ਵਿਚਕਾਰ ਰੋਮ 'ਚ ਹੋਈ ਤਹਿਰਾਨ ਦੇ ਪ੍ਰਮਾਣੂ ਪ੍ਰੋਗਰਾਮ 'ਤੇ ਗੱਲਬਾਤ

## ਸੰਭਾਵਤ ਸਮਝੌਤੇ ਦੇ ਵੇਰਵਿਆਂ 'ਤੇ ਚਰਚਾ ਲਈ ਮਾਹਰ ਪੱਧਰ ਦੀ ਗੱਲਬਾਤ ਸ਼ੁਰੂ ਕਰਨਗੇ ਦੋਵੇਂ ਦੇਸ਼

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 9463601616
hardipchumber57@gmail.com



ਰੋਮ : ਈਰਾਨ ਦੇ ਚੋਟੀ ਦੇ ਡਿਪਲੋਮੈਟ ਨੇ ਰੋਮ ਵਿਚ ਦੂਜੇ ਦੌਰ ਦੀ ਗੱਲਬਾਤ ਤੋਂ ਬਾਅਦ ਸਨਿਚਰਵਾਰ ਨੂੰ ਕਿਹਾ ਕਿ ਈਰਾਨ ਅਤੇ ਅਮਰੀਕਾ ਤਹਿਰਾਨ ਦੇ ਤੇਜ਼ੀ ਨਾਲ ਵਧ ਰਹੇ ਪ੍ਰਮਾਣੂ ਪ੍ਰੋਗਰਾਮ 'ਤੇ ਸੰਭਾਵਤ ਸਮਝੌਤੇ ਦੇ ਵੇਰਵਿਆਂ 'ਤੇ ਚਰਚਾ ਕਰਨ ਲਈ ਮਾਹਰਾਂ ਦੀ ਬੈਠਕ ਸ਼ੁਰੂ ਕਰਨਗੇ। ਈਰਾਨ ਦੇ ਵਿਦੇਸ਼ ਮੰਤਰੀ ਅੱਬਾਸ ਅਰਾਘਚੀ ਨੇ ਅਮਰੀਕੀ ਮੱਧ ਪੂਰਬ ਦੇ ਰਾਜਦੂਤ ਸਟੀਵ ਵਿਟਕੋਫ ਨਾਲ ਕਈ ਘੰਟਿਆਂ ਤਕ ਮੁਲਾਕਾਤ ਕੀਤੀ। ਅਰਾਘਚੀ ਨੇ ਕਿਹਾ ਕਿ ਮਾਹਰ 26 ਅਪ੍ਰੈਲ ਨੂੰ ਓਮਾਨ ਵਿਚ ਅਰਾਘਚੀ ਅਤੇ ਵਿਟਕੋਫ ਦੀ ਦੁਬਾਰਾ ਮੁਲਾਕਾਤ ਤੋਂ ਪਹਿਲਾਂ ਓਮਾਨ ਵਿਚ ਮਿਲਣਗੇ।

ਰੋਮ ਦੇ ਕੈਮਿਲੁਸੀਆ ਇਲਾਕੇ ਵਿਚ ਓਮਾਨ ਸਫ਼ਾਰਤਖ਼ਾਨੇ ਵਿਚ ਹੋਈ ਬੈਠਕ ਤੋਂ ਬਾਅਦ ਅਮਰੀਕਾ ਵਲੋਂ ਤੁਰਤ ਕੋਈ ਬਿਆਨ ਨਹੀਂ ਆਇਆ। ਰਾਸ਼ਟਰਪਤੀ ਡੋਨਾਲਡ ਟਰੰਪ ਈਰਾਨ ਦੇ ਵਿਰੁਧ ਫੌਜੀ ਕਾਰਵਾਈ ਦੀ ਧਮਕੀ ਦਿੰਦੇ ਹੋਏ ਉਸ ਨਾਲ ਤੇਜ਼ੀ ਨਾਲ ਸਮਝੌਤਾ ਕਰਨ 'ਤੇ ਜ਼ੋਰ ਦੇ ਰਹੇ ਹਨ।

ਅਰਾਘਚੀ ਨੇ ਈਰਾਨ ਦੇ ਸਰਕਾਰੀ ਟੈਲੀਵਿਜ਼ਨ ਨੂੰ ਕਿਹਾ, ''ਗੱਲਬਾਤ ਰਚਨਾਤਮਕ ਮਾਹੌਲ 'ਚ ਹੋਈ ਅਤੇ ਮੈਂ ਕਹਿ ਸਕਦਾ ਹਾਂ ਕਿ ਇਹ ਅੱਗੇ ਵਧ ਰਿਹਾ ਹੈ। ਮੈਨੂੰ ਉਮੀਦ ਹੈ ਕਿ ਤਕਨੀਕੀ ਗੱਲਬਾਤ ਤੋਂ ਬਾਅਦ ਅਸੀਂ ਬਿਹਤਰ ਸਥਿਤੀ ਵਿਚ ਹੋਵਾਂਗੇ।'' ਉਨ੍ਹਾਂ ਕਿਹਾ, ''ਇਸ ਵਾਰ, ਅਸੀਂ ਇਕ ਕਿਸਮ ਦੇ ਸਿਧਾਂਤਾਂ ਅਤੇ ਟੀਚਿਆਂ ਬਾਰੇ ਬਿਹਤਰ ਸਮਝ ਤਕ ਪਹੁੰਚਣ 'ਚ ਸਫ਼ਲ ਹੋਏ।''

ਈਰਾਨੀ ਅਧਿਕਾਰੀਆਂ ਨੇ ਇਸ ਗੱਲਬਾਤ ਨੂੰ ਅਸਿੱਧੇ ਤੌਰ 'ਤੇ ਦਸਿਆ ਹੈ, ਜਿਵੇਂ ਕਿ ਪਿਛਲੇ ਹਫ਼ਤੇ ਓਮਾਨ ਦੇ ਮਸਕਟ 'ਚ ਹੋਈ ਸੀ, ਜਿਸ 'ਚ ਓਮਾਨ ਦੇ ਵਿਦੇਸ਼ ਮੰਤਰੀ ਬਦਰ ਅਲ-ਬੁਸੈਦੀ ਨੇ ਵੱਖ-ਵੱਖ ਕਮਰਿਆਂ 'ਚ ਗੱਲਬਾਤ ਕੀਤੀ ਸੀ। ਅਲ-ਬੁਸੈਦੀ ਨੇ ਐਕਸ 'ਤੇ ਕਿਹਾ, ''ਇਹ ਗੱਲਬਾਤ ਜ਼ੋਰ ਫੜ ਰਹੀ ਹੈ ਅਤੇ ਹੁਣ ਇਸ ਦੀ ਸੰਭਾਵਨਾ ਵੀ ਸੰਭਵ ਨਹੀਂ ਹੈ।''

ਓਮਾਨ ਦੀ ਮਦਦ ਨਾਲ ਇਹ ਗੱਲਬਾਤ 1979 ਦੇ ਇਸਲਾਮਿਕ ਇਨਕਲਾਬ ਤੋਂ ਬਾਅਦ ਦਹਾਕਿਆਂ ਦੀ ਦੁਸ਼ਮਣੀ ਦੇ ਮੱਦੇਨਜ਼ਰ ਇਕ ਇਤਿਹਾਸਕ ਪਲ ਹੈ। ਇਜ਼ਰਾਈਲ-ਹਮਾਸ ਸੰਘਰਸ਼ ਅਤੇ ਯਮਨ ਵਿਚ ਅਮਰੀਕੀ ਹਵਾਈ ਹਮਲਿਆਂ ਸਮੇਤ ਮੱਧ ਪੂਰਬ ਵਿਚ ਤਣਾਅ ਇਨ੍ਹਾਂ ਗੱਲਬਾਤ ਦੀ ਤੁਰਤ ਜ਼ਰੂਰਤ ਨੂੰ ਦਰਸਾਉਂਦਾ ਹੈ। ਈਰਾਨ ਅੰਦਰੂਨੀ ਅਸ਼ਾਂਤੀ ਅਤੇ ਮੁਦਰਾ ਦੇ ਉਤਰਾਅ-ਚੜ੍ਹਾਅ ਦੇ ਵਿਚਕਾਰ ਆਰਥਕ ਸਥਿਰਤਾ ਚਾਹੁੰਦਾ ਹੈ।

ਜੇ ਕੋਈ ਸਮਝੌਤਾ ਹੋ ਜਾਂਦਾ ਹੈ ਤਾਂ ਸੰਯੁਕਤ ਰਾਸ਼ਟਰ ਪ੍ਰਮਾਣੂ ਨਿਗਰਾਨੀ ਪਾਲਣਾ ਦੀ ਪੁਸ਼ਟੀ ਕਰਨ 'ਚ ਮਹੱਤਵਪੂਰਣ ਭੂਮਿਕਾ ਨਿਭਾ ਸਕਦੀ ਹੈ। ਦੋਵੇਂ ਧਿਰਾਂ ਗੁੰਝਲਦਾਰ ਭੂ-ਸਿਆਸੀ ਗਤੀਸ਼ੀਲਤਾ ਨਾਲ ਨਜਿੱਠ ਰਹੀਆਂ ਹਨ, ਰੂਸ ਸੰਭਾਵਤ ਤੌਰ 'ਤੇ ਈਰਾਨ ਦੇ ਅਮੀਰ ਯੂਰੇਨੀਅਮ ਦੇ ਪ੍ਰਬੰਧਨ 'ਚ ਸ਼ਾਮਲ ਹੈ। ਨਤੀਜਾ ਅਨਿਸ਼ਚਿਤ ਪਰ ਉਮੀਦ ਭਰਿਆ ਬਣਿਆ ਹੋਇਆ ਹੈ।

# ਆਈ.ਸੀ.ਸੀ. ਮਹਿਲਾ ਇਕ ਦਿਨਾ ਮੈਚਾਂ ਦੇ ਵਿਸ਼ਵ ਕੱਪ ਲਈ ਭਾਰਤ ਨਹੀਂ ਆਵੇਗੀ ਪਾਕਿਸਤਾਨੀ ਟੀਮ

## ਹਾਈਬ੍ਰਿਡ ਮਾਡਲ ਦੀ ਪਾਲਣਾ ਕਰਦਿਆਂ ਨਿਰਪੱਖ ਸਥਾਨ 'ਤੇ ਅਪਣੇ ਮੈਚ ਖੇਡੇਗੀ।

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 9463601616
hardipchumber57@gmail.com




ਲਾਹੌਰ : ਪਾਕਿਸਤਾਨ ਕ੍ਰਿਕਟ ਬੋਰਡ (ਪੀ.ਸੀ.ਬੀ.) ਦੇ ਚੇਅਰਮੈਨ ਮੋਹਸਿਨ ਨਕਵੀ ਨੇ ਸਨਿਚਰਵਾਰ ਨੂੰ ਐਲਾਨ ਕੀਤਾ ਕਿ ਉਨ੍ਹਾਂ ਦੀ ਮਹਿਲਾ ਟੀਮ ਇਸ ਸਾਲ ਦੇ ਅਖ਼ੀਰ ਵਿਚ ਹੋਣ ਵਾਲੇ ਆਈ.ਸੀ.ਸੀ. ਇਕ ਦਿਨਾ ਮੈਚਾਂ ਦੇ ਵਿਸ਼ਵ ਕੱਪ ਲਈ ਭਾਰਤ ਨਹੀਂ ਜਾਵੇਗੀ ਅਤੇ ਇਸ ਸਾਲ ਦੇ ਸ਼ੁਰੂ ਵਿਚ ਮਨਜ਼ੂਰ ਕੀਤੇ ਗਏ ਹਾਈਬ੍ਰਿਡ ਮਾਡਲ ਦੀ ਪਾਲਣਾ ਕਰਦਿਆਂ ਨਿਰਪੱਖ ਸਥਾਨ 'ਤੇ ਅਪਣੇ ਮੈਚ ਖੇਡੇਗੀ।

ਜਦੋਂ ਪਾਕਿਸਤਾਨ ਨੇ ਹਾਲ ਹੀ ਵਿਚ ਆਈ.ਸੀ.ਸੀ. ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਕੀਤੀ ਸੀ ਤਾਂ ਬੀ.ਸੀ.ਸੀ.ਆਈ. ਨੇ ਦੋਹਾਂ ਦੇਸ਼ਾਂ ਵਿਚਾਲੇ ਕੂਟਨੀਤਕ ਤਣਾਅ ਕਾਰਨ ਭਾਰਤੀ ਟੀਮ ਨੂੰ ਸਰਹੱਦ ਪਾਰ ਭੇਜਣ ਤੋਂ ਇਨਕਾਰ ਕਰ ਦਿਤਾ ਸੀ ਅਤੇ ਉਨ੍ਹਾਂ ਦੇ ਮੈਚ ਦੁਬਈ ਵਿਚ ਹੋਏ ਸਨ।

ਇਕ ਹਾਈਬ੍ਰਿਡ ਮਾਡਲ 'ਤੇ ਸਹਿਮਤੀ ਬਣੀ ਸੀ ਜਿਸ ਵਿਚ ਭਾਰਤ ਅਤੇ ਪਾਕਿਸਤਾਨ ਦੋਹਾਂ ਨੂੰ ਅਪਣੇ ਮੈਚ ਨਿਰਪੱਖ ਸਥਾਨਾਂ 'ਤੇ ਖੇਡਣ ਦੀ ਇਜਾਜ਼ਤ ਦਿਤੀ ਗਈ ਸੀ ਜੇਕਰ ਦੋਹਾਂ ਦੇਸ਼ਾਂ ਵਿਚੋਂ ਕੋਈ ਇਕ ਆਈ.ਸੀ.ਸੀ. ਟੂਰਨਾਮੈਂਟ ਦੀ ਮੇਜ਼ਬਾਨੀ ਕਰਦਾ ਹੈ।

ਉਨ੍ਹਾਂ ਕਿਹਾ, ''ਜਿਸ ਤਰ੍ਹਾਂ ਭਾਰਤ ਚੈਂਪੀਅਨਜ਼ ਟਰਾਫੀ 'ਚ ਪਾਕਿਸਤਾਨ 'ਚ ਨਹੀਂ ਖੇਡਿਆ ਸੀ ਅਤੇ ਉਸ ਨੂੰ ਨਿਰਪੱਖ ਸਥਾਨ 'ਤੇ ਖੇਡਣ ਦੀ ਇਜਾਜ਼ਤ ਦਿਤੀ ਗਈ ਸੀ, ਉਸੇ ਤਰ੍ਹਾਂ ਜੋ ਵੀ ਸਥਾਨ ਤੈਅ ਹੋਵੇਗਾ, ਅਸੀਂ ਖੇਡਾਂਗੇ। ਜਦੋਂ ਕੋਈ ਸਮਝੌਤਾ ਹੁੰਦਾ ਹੈ ਤਾਂ ਉਸ ਦੀ ਪਾਲਣਾ ਕੀਤੀ ਜਾਣੀ ਚਾਹੀਦੀ ਹੈ।'' ਪੀ.ਸੀ.ਬੀ. ਮੁਖੀ ਨੇ ਕਿਹਾ ਕਿ ਭਾਰਤ ਅਤੇ ਆਈ.ਸੀ.ਸੀ. ਟੂਰਨਾਮੈਂਟ ਦੇ ਮੇਜ਼ਬਾਨ ਹੋਣ ਦੇ ਨਾਤੇ ਨਿਰਪੱਖ ਸਥਾਨ ਬਾਰੇ ਫੈਸਲਾ ਕਰਨਗੇ।

ਭਾਰਤ 29 ਸਤੰਬਰ ਤੋਂ 26 ਅਕਤੂਬਰ ਤਕ ਟੂਰਨਾਮੈਂਟ ਦੀ ਮੇਜ਼ਬਾਨੀ ਕਰੇਗਾ ਜਿਸ 'ਚ ਆਸਟਰੇਲੀਆ ਮੌਜੂਦਾ ਚੈਂਪੀਅਨ ਹੈ। ਨਕਵੀ ਨੇ ਪਾਕਿਸਤਾਨ ਦੀ ਮਹਿਲਾ ਟੀਮ ਦੇ ਵਿਸ਼ਵ ਕੱਪ ਲਈ ਕੁਆਲੀਫਾਈ ਕਰਨ ਦੇ ਪ੍ਰਭਾਵਸ਼ਾਲੀ ਤਰੀਕੇ 'ਤੇ ਵੀ ਸੰਤੁਸ਼ਟੀ ਜ਼ਾਹਰ ਕੀਤੀ।

ਪਾਕਿਸਤਾਨ ਨੇ ਲਾਹੌਰ 'ਚ ਹੋਏ ਕੁਆਲੀਫਾਇਰ 'ਚ ਅਪਣੇ ਸਾਰੇ ਪੰਜ ਮੈਚ ਜਿੱਤੇ। ਉਨ੍ਹਾਂ ਨੇ ਆਇਰਲੈਂਡ, ਸਕਾਟਲੈਂਡ, ਵੈਸਟਇੰਡੀਜ਼, ਥਾਈਲੈਂਡ ਅਤੇ ਬੰਗਲਾਦੇਸ਼ ਨੂੰ ਹਰਾ ਕੇ ਮੁੱਖ ਗੇੜ ਲਈ ਕੁਆਲੀਫਾਈ ਕੀਤਾ, ਜਿਸ ਲਈ ਮੇਜ਼ਬਾਨ ਭਾਰਤ, ਇੰਗਲੈਂਡ, ਨਿਊਜ਼ੀਲੈਂਡ, ਆਸਟਰੇਲੀਆ, ਦਖਣੀ ਅਫਰੀਕਾ ਅਤੇ ਸ਼੍ਰੀਲੰਕਾ ਪਹਿਲਾਂ ਹੀ ਕੁਆਲੀਫਾਈ ਕਰ ਚੁਕੇ ਹਨ।

ਟੀਮ ਨੇ ਵਿਖਾਇਆ ਕਿ ਘਰੇਲੂ ਫਾਇਦਾ ਕਿਵੇਂ ਉਠਾਉਣਾ ਹੈ ਅਤੇ ਸਮੂਹਕ ਇਕਾਈ ਦੀ ਤਰ੍ਹਾਂ ਕਿਵੇਂ ਖੇਡਣਾ ਹੈ। ਮੈਨੂੰ ਖੁਸ਼ੀ ਹੈ ਕਿ ਮਹਿਲਾ ਕ੍ਰਿਕਟ ਹੁਣ ਚੰਗਾ ਪ੍ਰਦਰਸ਼ਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੀ.ਸੀ.ਬੀ. ਨਿਸ਼ਚਤ ਤੌਰ 'ਤੇ ਮਹਿਲਾ ਟੀਮ ਨੂੰ ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ ਵਿਸ਼ੇਸ਼ ਇਨਾਮ ਦਾ ਐਲਾਨ ਕਰੇਗਾ। ਨਕਵੀ ਨੇ ਇਹ ਵੀ ਕਿਹਾ ਕਿ ਉਹ ਖੁਸ਼ ਹਨ ਕਿ ਪੀ.ਸੀ.ਬੀ. ਨੇ ਚੈਂਪੀਅਨਜ਼ ਟਰਾਫੀ ਤੋਂ ਬਾਅਦ ਇਕ ਹੋਰ ਆਈ.ਸੀ.ਸੀ. ਟੂਰਨਾਮੈਂਟ ਦੀ ਸਫਲਤਾਪੂਰਵਕ ਮੇਜ਼ਬਾਨੀ ਕੀਤੀ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

# ਸਾਡੀ ਆਜ਼ਾਦੀ ਦੀ ਲੜਾਈ ਹਾਲੇ ਬਾਕੀ ਹੈ- ਬਾਬਾ ਸਾਹਿਬ

ਬਾਬਾ ਸਾਹਿਬ ਕਹਿੰਦੇ ਹਨ

ਇੰਜੀ. ਹਰਦੀਪ ਸਿੰਘ ਚੁੰਬਰ

**1935 ਦੇ ਐਕਟ ਦੇ ਲਾਗੂ ਹੋਣ ਤੋਂ ਬਾਅਦ, ਇੰਡੀਅਨ ਨੈਸ਼ਨਲ ਕਾਂਗਰਸ ਪਾਰਟੀ ਨੇ 1937 ਵਿੱਚ ਭਾਰਤ ਦੇ ਅੱਧੇ ਰਾਜਾਂ ਵਿੱਚ ਸਰਕਾਰਾਂ ਬਣਾਈਆਂ ਅਤੇ ਚਤਰਵਰਨ ਦੇ ਹਿੰਦੂ ਲੋਕਾਂ ਨੇ 7 ਰਾਜਾਂ ਦੇ ਬ੍ਰਾਹਮਣ ਮੁੱਖ ਮੰਤਰੀ ਬਣਾਏ ਅਤੇ ਮੰਤਰੀ, ਵਿਧਾਇਕ ਬਣੇ ਅਤੇ ਸੰਸਦ ਮੈਂਬਰ ਆਦਿ ਵੀ ਬਣਨ ਲੱਗੇ। ਹੁਣ ਸ਼ਾਸਨ, ਪ੍ਰਸ਼ਾਸਨ ਦਾ ਪ੍ਰਬੰਧ ਭਾਰਤ ਚਤਰਵਰਨ ਦੇ ਲੋਕਾਂ ਦੇ ਹੱਥਾਂ ਵਿੱਚ ਸੀ, ਫਿਰ ਵੀ ਇਹ ਲੋਕ ਆਪਣੇ ਆਪ ਨੂੰ ਅੰਗਰੇਜ਼ਾਂ ਦਾ ਗੁਲਾਮ ਮੰਨਦੇ ਸਨ। 1947 ਵਿੱਚ ਸੱਤਾ ਬਦਲਣ ਤੋਂ ਬਾਅਦ, ਅਨੁਸੂਚਿਤ ਵਰਗ ਨੂੰ ਲਗਭਗ ਉਹ ਜਿਹੇ ਅਧਿਕਾਰਾਂ ਦੀ ਪ੍ਰਾਪਤੀ ਦਾ ਕੁੱਝ ਲਾਭ ਹੋਇਆ ਜਿਹੇ ਜਿਹਾ ਲਾਭ ਬ੍ਰਿਟਿਸ਼ ਸ਼ਾਸਨ ਕਾਲ ਦੌਰਾਨ ਚਤਰਵਰਨ ਦੇ ਹਿੰਦੂ ਲੋਕਾਂ ਨੂੰ ਹਾਸਲ ਹੋਇਆ ਸੀ। ਮੌਜੂਦਾ ਸਮੇਂ ਵੀ ਅਨੁਸੂਚਿਤ ਵਰਗ ਦੇ ਲੋਕ ਮੁੱਖ ਮੰਤਰੀ, ਮੰਤਰੀ, ਵਿਧਾਇਕ, ਸੰਸਦ ਮੈਂਬਰ ਬਣ ਜਾਂਦੇ ਹਨ, ਪਰ ਉਹ ਸਮਾਨਤਾ ਦੇ ਅਧਿਕਾਰਾਂ ਤੋਂ ਵਾਂਝੇ ਵਰਗ ਨੂੰ ਬਣਦਾ ਹੱਕ ਦਿਵਾਉਣ ਦੇ ਲਈ ਕੁੱਝ ਵੀ ਨਹੀਂ ਕਰ ਸਕਦੇ।**

ਕੱਲ੍ਹ ਦਾ ਬਾਕੀ ਬਾਗ

ਪਰ ਕੋਈ ਮੈਨੂੰ ਦੱਸਦਾ ਹੈ ਕਿ ਜਿਸ ਹਿੰਦੂ ਧਰਮ ਨੂੰ ਮੈਂ ਬ੍ਰਾਹਮਣ ਧਰਮ ਮੰਨਦਾ ਹਾਂ-ਕੀ ਬਹੁਜਨ ਹਿਤਾਯ, ਬਹੁਜਨ ਸੁਖਾਇਆ ਹੈ ਬ੍ਰਾਹਮਣ ਅਤੇ ਹੋਰ ਵਿਦਵਾਨ ਲੋਕ ਦੱਸਦੇ ਹਨ ਕਿ ਬ੍ਰਾਹਮਣਵਾਦ ਦਾ ਸੱਭਿਆਚਾਰ 10 ਹਜ਼ਾਰ ਸਾਲ ਪੁਰਾਣਾ ਹੈ। ਇੱਕ ਪੁਰਾਣਾ ਸੱਭਿਆਚਾਰ ਹੈ, ਪਰ ਅੱਜ ਵੀ ਹਿੰਦੂ ਧਰਮ ਵਿੱਚ 7 ਕਰੋੜ ਤੋਂ ਵੱਧ ਅਛੂਤ ਹਨ। ਬਹੁਤ ਸਾਰੇ ਲੋਕ



ਜੋ ਸਮਾਜ ਤੋਂ ਬਾਹਰ ਹੋਣ ਕਾਰਨ ਜੰਗਲ ਵਿੱਚ ਰਹਿੰਦੇ ਹਨ ਅਤੇ ਚੋਰੀ ਕਰਕੇ ਆਪਣੀ ਰੋਜ਼ੀ-ਰੋਟੀ ਕਮਾਉਂਦੇ ਹਨ, ਉਹ ਵੀ ਇਸੇ ਧਰਮ ਵਿੱਚ ਹਨ। ਮੈਨੂੰ ਦੱਸੋ, ਕੀ ਅਜਿਹੇ ਹਿੰਦੂ ਧਰਮ ਨੂੰ 'ਬਹੁਜਨ ਹਿਤੇ, ਬਹੁਜਨ ਸੁਖੇ "ਧਰਮ ਕਿਹਾ ਜਾ ਸਕਦਾ ਹੈ?

ਦੁਨੀਆ ਦੇ ਕੁਝ ਕਮਿਊਨਿਸਟਾਂ ਨੂੰ ਛੱਡ ਕੇ ਇਸ ਸੰਸਾਰ ਵਿੱਚ ਇੱਕ ਵੀ ਅਜਿਹਾ ਵਿਅਕਤੀ ਨਹੀਂ ਹੈ ਜੋ ਧਰਮ ਨਹੀਂ ਚਾਹੁੰਦਾ, । ਸਾਨੂੰ ਧਰਮ ਦੀ ਵੀ ਜ਼ਰੂਰਤ ਹੈ। ਪਰ ਇਹ ਇੱਕ ਅਜਿਹਾ ਧਰਮ ਹੋਣਾ ਚਾਹੀਦਾ ਹੈ ਜਿਸ ਵਿੱਚ ਸਾਰੇ ਮਨੁੱਖ ਬਰਾਬਰ ਹੋਣ। ਸਾਰਿਆਂ ਨੂੰ ਬਰਾਬਰ ਦਾ ਮੌਕਾ ਮਿਲਣਾ ਚਾਹੀਦਾ ਹੈ। ਇਹੋ ਸੱਚਾ ਧਰਮ ਹੈ। ਬਾਕੀ ਸਭ ਨੂੰ ਕੁਧਰਮ ਕਿਹਾ ਜਾਵੇਗਾ।

ਹਿੰਦੂ ਧਰਮ ਦੀਆਂ ਸਿੱਖਿਆਵਾਂ ਦੇ ਅਨੁਸਾਰ, ਜੇ ਦੁਨੀਆ ਵਿੱਚ ਹਰ ਜਗ੍ਹਾ ਬ੍ਰਹਮਾ ਹੈ, ਤਾਂ ਇਹ ਮਹਾਰਾਂ ਵਿੱਚ, ਮੰਗਾਂ ਵਿੱਚ, ਚਮਾਰਾਂ ਵਿੱਚ ਵੀ ਹੋਣਾ ਚਾਹੀਦਾ ਹੈ। ਤਾਂ ਫਿਰ ਹਿੰਦੂ ਧਰਮ ਵਿੱਚ ਇੰਨੀ ਅਸਮਾਨਤਾ ਕਿਉਂ ਹੈ?

1910 ਵਿੱਚ ਜਦੋਂ ਹਿੰਦੂ-ਮੁਸਲਮਾਨਾਂ ਨੇ ਜਾਤੀ ਨੂੰ ਲੈ ਕੇ ਲੜਨਾ ਸ਼ੁਰੂ ਕੀਤਾ ਸੀ ਤਾਂ ਕਿਸ ਨੂੰ ਹਿੰਦੂ ਕਿਹਾ ਜਾਣਾ ਚਾਹੀਦਾ ਸੀ? ਹਿੰਦੂ ਦੀ ਪਰਿਭਾਸ਼ਾ ਕੀ ਹੈ? ਬਹੁਤ ਔਖੇ ਸਵਾਲ ਸਨ। ਫਿਰ ਦੇਸ਼ ਦੇ 11 ਵਿਦਵਾਨਾਂ ਦੁਆਰਾ 11 ਵੱਖ-ਵੱਖ ਪਰਿਭਾਸ਼ਾਵਾਂ ਦਿੱਤੀਆਂ ਗਈਆਂ। ਅਤੇ ਫਿਰ ਹਿੰਦੂ ਸ਼ਬਦ ਵਿੱਚ ਸ਼ਾਮਲ ਮਤਭੇਦ ਅਤੇ ਅਰਾਜਕਤਾ ਸਾਹਮਣੇ ਆਈ ਅਤੇ ਦਿਖਾਇਆ ਕਿ ਇਹ ਕਿੰਨਾ ਹਾਸੋਹੀਣਾ ਹੈ। ਕੋਈ ਕਿਸੇ ਹੋਰ ਬਾਰੇ ਗੱਲ ਨਹੀਂ ਕਰ ਰਿਹਾ ਸੀ। ਸਾਵਰਕਰ ਦੀ ਹਿੰਦੂ ਸ਼ਬਦ ਦੀ ਵਿਆਖਿਆ ਨੂੰ ਦੇਖੋ।

'ਅਸਿੰਧੁ: ਸਿੰਧੂ ਪਰਯਾਂਤ ਜਿਸ ਦੀ ਭਾਰਤ ਵਿੱਚ ਭੂਮਿਕਾ ਹੈ।

ਪਿਤ੍ਰਿਸ਼ਟਭੂਭੁ: ਪੁਨਰਭੂਭੂ, ਵਸਨੀਕ ਖੁਦ ਹਿੰਦੂ ਹੈ: ਇਹ ਉੱਚਾ ਹੈ।

ਰਾਧਾਕ੍ਰਿਸ਼ਨਨ ਕਹਿੰਦਾ ਹੈ:

ਸੱਚ, ਬੁੱਧੀ, ਸਾਧਨਾਂ ਦੀ ਬਹੁਲਤਾ, ਉਪਾਸਕ ਦੇ ਨਾਮ ਦਾ ਨਿਯਮ।

ਤਿਲਕ ਦੇ ਵਿਚਾਰ ਵਿੱਚ, ਇੱਕ ਹਿੰਦੂ ਉਹ ਹੈ ਜੋ ਵੇਦਾਂ ਨੂੰ ਸਬੂਤ ਵਜੋਂ ਸਵੀਕਾਰ ਕਰਦਾ ਹੈ। ਫਿਰ ਧਰਮ ਵਿੱਚ ਉਸ ਦਾ ਅਭਿਆਸ ਜੋ ਵੀ ਹੋਵੇ। ਜੇ ਕੋਈ ਹਿੰਦੂ ਵਿਅਕਤੀ ਵੇਦਾਂ ਨੂੰ ਤਰਜੀਹ ਦੇ ਕੇ ਪੀਰ ਦੀ ਪੂਜਾ ਕਰਦਾ ਹੈ, ਤਾਂ ਵੀ ਕੋਈ ਨੁਕਸਾਨ ਨਹੀਂ ਹੈ, ਉਹ ਹਿੰਦੂ ਹੈ। ਤਿਲਕ ਦੀ ਇਸ ਪਰਿਭਾਸ਼ਾ ਬਾਰੇ ਤੁਸੀਂ ਕੀ ਸੋਚਦੇ ਹੋ? ਫਿਰ ਮੈਨੂੰ ਦੱਸੋ, ਕੀ ਅਜਿਹਾ ਧਰਮ 'ਬਹੁਜਨ ਹਿਤੇ, ਬਹੁਜਨ ਸੁਖੇ' ਹੋ ਸਕਦਾ ਹੈ? (ਤਾੜੀਆਂ)

ਬੁੱਧ ਧਰਮ ਦੀ ਸਥਾਪਨਾ ਨੂੰ ਦੇਖ ਕੇ ਬਹੁਤ ਸਾਰੇ ਲੋਕਾਂ ਨੇ ਆਪਣੀ ਆਵਾਜ਼ ਬੁਲੰਦ ਕਰਨੀ ਸ਼ੁਰੂ ਕਰ ਦਿੱਤੀ ਹੈ। ਅਖ਼ਬਾਰਾਂ ਵਿੱਚ ਟਿੱਪਣੀਆਂ ਕੀਤੀਆਂ ਜਾ ਰਹੀਆਂ ਹਨ। ਪਰ ਉਨ੍ਹਾਂ ਕੋਲ ਮੇਰੇ ਲਈ ਸਮਾਂ ਨਹੀਂ ਹੈ।

ਅਸੀਂ ਸਾਰਿਆਂ ਨੂੰ ਇੱਕ ਵਾਰ ਲਿਖ ਲੈਣ ਦੇਈਏ। ਦੇਖ ਲਈਏ ਕਿ ਮੇਰੇ ਵਿਰੁੱਧ ਕੌਣ ਕੀ ਲਿਖਦਾ ਹੈ। ਜੇ ਉਹ ਲਿਖਣਾ ਬੰਦ ਕਰ ਦਿੰਦੇ ਹਨ, ਤਾਂ ਮੈਂ ਆਪਣੀ ਕਲਮ ਚੁੱਕ ਲਵਾਂਗਾ।

ਧਰਮ ਹਰ ਮਨੁੱਖ ਦੇ ਜੀਵਨ ਦਾ ਇੱਕ ਜ਼ਰੂਰੀ ਰਹਿਰਾਵਾ ਹੈ। ਹੋਰ ਧਰਮਾਂ ਵਾਂਗ ਕੀ ਆਤਮਾ ਹੈ, ਕਿਹੋ ਜਿਹੀ ਹੈ? ਉਹ ਕਿੱਥੇ ਹੈ? ਇਹ ਮੈਨੂੰ ਨਹੀਂ ਪਤਾ। ਮੈਨੂੰ ਨਹੀਂ ਪਤਾ ਕਿ ਅੰਗੂਠੇ ਜਿੰਨਾ ਹੈ ਜਾਂ ਇਹ ਕਲੇਜੇ ਦੇ ਨੇੜੇ ਬੈਠੇ ਹੈ। ਮੈਂ ਅਜੇ ਰੱਬ ਨੂੰ ਨਹੀਂ ਦੇਖਿਆ। ਹਿੰਦੂ ਧਰਮ ਪਰਮਾਤਮਾ ਵਿੱਚ ਵਿਸ਼ਵਾਸ ਰੱਖਦਾ ਹੈ। ਪਰ ਇਸ ਵਿੱਚ ਮਨੁੱਖ ਲਈ ਜਗ੍ਹਾ ਕਿੱਥੇ ਹੈ?

ਬੁੱਧ ਧਰਮ ਵਿੱਚ ਕੋਈ ਵਿਤਕਰਾ ਨਹੀਂ ਹੈ। ਹਰ ਥਾਂ ਬਰਾਬਰੀ ਹੋਵੇਗੀ। ਬੁੱਧ ਧਰਮ ਵਿੱਚ, ਆਤਮਾ ਨੂੰ ਪਰਮਾਤਮਾ ਬਾਰੇ ਮਾਨਤਾ ਨਹੀਂ ਹੈ, ਪਰ ਮਨੁੱਖ ਮਨੁੱਖ ਨਾਲ ਕਿਵੇਂ ਪੇਸ਼ ਆਉਂਦਾ ਹੈ। ਇਸ ਧਰਮ ਵਿੱਚ ਨੀਤੀ ਦੀ ਵਿਆਖਿਆ ਕੀਤੀ ਗਈ ਹੈ, ਇਸ ਲਈ ਇਹ ਸੱਤਧਰਮ ਹੈ। ਬਾਕੀ ਸਾਰੇ ਧਰਮ ਝੂਠੇ ਹਨ। ਬ੍ਰਾਹਮਣਾਂ ਅਤੇ ਪੁਜਾਰੀਆਂ ਨੇ ਮਿਲ ਕੇ ਹਿੰਦੂ ਧਰਮ ਬਣਾਇਆ ਹੈ। ਬੁੱਧ ਧਰਮ ਵਿੱਚ, ਮੁਕਤੀ ਲਈ ਈਸਾਈਆਂ ਵਰਗੇ ਕੋਈ ਦੇਵਤਾ ਨਹੀਂ ਹਨ, ਜੋ ਪੂਜਾ ਅਤੇ ਬਲੀਦਾਨ ਦੀਆਂ ਰਸਮਾਂ ਕਰਦੇ ਹਨ ਕੋਈ ਵੀ ਬ੍ਰਾਹਮਣ ਨਹੀਂ ਹਨ ਜੋ ਆਤਮਾ ਹੋਣ ਦੀ ਸਿੱਖਿਆ ਦਿੰਦੇ ਹਨ, ।

ਜੋ ਧਰਮ ਮਨੁੱਖ ਦੀ ਭਲਾਈ ਵਿੱਚ ਸਹਾਇਤਾ ਕਰੇਗਾ ਉਹ ਧਰਮ ਹੈ। ਜੀਵਨ ਵਿੱਚ ਭਲਾਈ ਲਈ ਬੁੱਧ ਧਰਮ ਦੀ ਸਥਾਪਨਾ ਬਹੁਤ ਮਹੱਤਵਪੂਰਨ ਹੈ। ਇਹ ਇਸ ਧਰਮ ਦੀ ਮਹਾਨਤਾ ਹੈ।

ਅਮਰੀਕਾ ਵਿੱਚ ਈਸਾਈ ਧਰਮ ਪ੍ਰਾਚੀਨ ਕਾਲ ਤੋਂ ਹੈ, ਪਰ ਅਮਰੀਕਾ ਵਰਗੇ ਪ੍ਰਭਾਵਸ਼ਾਲੀ ਦੇਸ਼ ਵਿੱਚ ਦੋ ਹਜ਼ਾਰ ਤੋਂ ਵੱਧ ਬੋਧੀ ਭਿਕਸ਼ੂ ਹਨ। ਉਹਨਾਂ ਨੇ ਈਸਾਈ ਧਰਮ ਤਿਆਗ ਦਿੱਤਾ ਅਤੇ ਬੁੱਧ ਧਰਮ ਅਪਣਾ ਲਿਆ।

ਅਮਰੀਕਾ ਵਿੱਚ ਫੌਜ ਦੇ ਸਿਪਾਹੀ ਵੀ ਬੁੱਧ ਧਰਮ ਦੇ ਪੈਰੋਕਾਰ ਹਨ। ਇੰਨਾ ਹੀ ਨਹੀਂ, ਬੁੱਧ ਧਰਮ ਪ੍ਰਤੀ ਵਿਸ਼ਵਾਸ ਦੀ ਨਿਸ਼ਾਨੀ ਵਜੋਂ, ਸਿਪਾਹੀ ਆਪਣੀ ਵਰਦੀ ਉੱਤੇ ਬੁੱਧ ਧਰਮ ਦਾ ਪ੍ਰਤੀਕ ਪਹਿਨਦੇ ਹਨ। ਉਨ੍ਹਾਂ ਨੇ ਅਮਰੀਕੀ ਸਰਕਾਰ ਨੂੰ ਬੁੱਧ ਧਰਮ ਦੇ ਪ੍ਰਤੀਕਾਂ ਦੀ ਵਰਤੋਂ ਸੰਬੰਧੀ ਕਾਨੂੰਨ ਬਣਾਉਣ ਲਈ ਮਜਬੂਰ ਕੀਤਾ। ਹਾਲ ਹੀ ਵਿੱਚ ਅਮਰੀਕਾ ਵਿੱਚ ਇੱਕ ਵਿਸ਼ਾਲ ਮੱਠ ਬਣਾਇਆ ਗਿਆ ਹੈ। ਬਿਹਾਰ ਦੇ ਨਿਰਮਾਣ ਲਈ 20 ਲੱਖ ਰੁਪਏ ਮਨਜ਼ੂਰ ਕੀਤੇ ਗਏ ਸਨ।

ਮੈਨੂੰ ਜਰਮਨੀ ਬਾਰੇ ਨਾ ਹੀ ਪੁੱਛੋ। ਇੱਥੇ ਤਾਂ ਹਜ਼ਾਰਾਂ ਬੋਧੀ ਸੰਸਥਾਵਾਂ ਹਨ। ਯੂਰਪ ਵਿੱਚ ਇੱਕ ਵੀ ਅਜਿਹਾ ਦੇਸ਼ ਨਹੀਂ ਹੈ ਜਿੱਥੇ ਬੁੱਧ ਧਰਮ ਦਾ ਪ੍ਰਸਾਰ ਨਾ ਹੋਵੇ। ਗੌਤਮ ਬੁੱਧ ਪੂਰੀ ਦੁਨੀਆ ਵਿੱਚ ਪ੍ਰਸਿੱਧ ਹਨ। ਉੱਥੋਂ ਦੇ ਲੋਕ ਰਾਮ, ਵਿਸ਼ਨੂੰ, ਕ੍ਰਿਸ਼ਨ ਨੂੰ ਨਹੀਂ ਜਾਣਦੇ।

ਜੇ ਦੁਨੀਆ ਭਾਰਤੀ ਨੂੰ ਜਾਣਦੀ ਹੈ, ਤਾਂ ਇਹ ਭਗਵਾਨ ਬੁੱਧ ਦੇ ਕਾਰਨ ਹੈ। ਭਾਰਤ ਨੂੰ ਇਸ ਯੁੱਗ ਦੇ ਵਿਅਕਤੀ ਦਾ

"ਇਕੁਐਲਿਟੀ ਐਂਡ ਜਸਟਿਸ"
"Equality and Justice"

ਜਨਮ ਸਥਾਨ ਮੰਨਿਆ ਜਾਂਦਾ ਹੈ। ਹਿੰਦੀ ਵਿਦਵਾਨ, ਜਿਨ੍ਹਾਂ ਨੇ ਅਣਜਾਣੇ ਵਿੱਚ ਈਸਾਈ ਧਰਮ ਨੂੰ ਸਵੀਕਾਰ ਕਰ ਲਿਆ ਸੀ, ਅੱਜ ਤੋਬਾ ਕਰਦੇ ਹਨ ਕਿ ਤੁਲਨਾਤਮਕ ਦ੍ਰਿਸ਼ਟੀਕੋਣ ਤੋਂ ਬੁੱਧ ਧਰਮ ਈਸਾਈ ਧਰਮ ਨਾਲੋਂ ਉੱਤਮ ਹੈ।

ਸਾਨੂੰ ਕਲਿਆਣਕਾਰੀ ਬੁੱਧ ਧਰਮ ਦੀ ਜ਼ਰੂਰਤ ਹੈ। ਸਾਡੇ ਪੁਰਖੇ ਅਣਜਾਣ ਸਨ। ਮਹਾਰ ਨੂੰ ਭੀਖ ਮੰਗਣਾ ਉਨ੍ਹਾਂ ਦਾ ਕੰਮ ਸੀ। ਉਸ ਨੂੰ ਧਰਮ ਵਿੱਚ ਕੋਈ ਦਿਲਚਸਪੀ ਨਹੀਂ ਸੀ। ਪਰ ਅਸੀਂ ਆਤਮਨਿਰਭਰ ਹਾਂ। ਅਸੀਂ ਹੋਰ ਵਰਗਾਂ ਨਾਲ ਖੜ੍ਹੇ ਰਹਿਣਾ ਚਾਹੁੰਦੇ ਹਾਂ। ਧਰਮ ਵਿੱਚ ਤਰੱਕੀ ਦਾ ਰਾਹ ਖੁੱਲ੍ਹਾ ਹੋਣਾ ਚਾਹੀਦਾ ਹੈ।

ਮੇਰੇ ਹੋਰ ਦੋਸਤਾਂ ਨੂੰ ਲੱਗਦਾ ਹੈ ਕਿ ਧਰਮ ਦੇ ਕਾਰਨ ਆਰਥਿਕ ਮਾਮਲਿਆਂ ਨੂੰ ਨਜ਼ਰਅੰਦਾਜ਼ ਕਰਨਾ ਪਵੇਗਾ ਅਤੇ ਮੈਂ ਕੁਝ ਆਰਥਿਕ ਮੁੱਦਿਆਂ 'ਤੇ ਕੰਮ ਕਰ ਰਿਹਾ ਹਾਂ। ਧਾਰਮਿਕ ਮੁੱਦਿਆਂ ਕਾਰਨ ਆਰਥਿਕ ਮੁੱਦਿਆਂ ਨੂੰ ਨਜ਼ਰਅੰਦਾਜ਼ ਕਰਨਾ ਪੈਂਦਾ ਹੈ, ਜੇ ਕੋਈ 'ਆਦਮੀ' ਅਜਿਹਾ ਕਹਿੰਦਾ ਹੈ, ਤਾਂ ਉਸ ਨੂੰ ਮੈਨੂੰ ਆਪਣੀਆਂ ਆਰਥਿਕ ਯੋਜਨਾਵਾਂ ਦੱਸਣੀਆਂ ਚਾਹੀਦੀਆਂ ਹਨ। ਜੇ ਮੈਨੂੰ ਉਹ ਯੋਜਨਾ ਸਹੀ ਲੱਗਦੀ ਹੈ, ਤਾਂ ਮੈਂ ਆਪਣੀ ਸਾਰੀ ਤਾਕਤ ਇਸ ਵਿੱਚ ਲਗਾ ਦੇਵਾਂਗਾ।

ਈਸਾਈ ਧਰਮ ਅਤੇ ਬੁੱਧ ਧਰਮ ਵਿੱਚ ਅੰਤਰ ਹੈ। ਈਸਾਈ ਧਰਮ ਵਿੱਚ, ਯਿਸੂ ਨੇ ਗ਼ਰੀਬਾਂ ਨੂੰ ਕਿਹਾ ਹੈ ਕਿ ਤੁਹਾਨੂੰ ਗਰੀਬੀ ਤੋਂ ਨਹੀਂ ਡਰਨਾ ਚਾਹੀਦਾ। ਤੁਹਾਡੇ ਮਰਨ ਤੋਂ ਬਾਅਦ, ਸੰਸਾਰ ਤੁਹਾਡਾ ਹੈ। (ਹਾਸਾ) ਬੁੱਧ ਧਰਮ ਵਿੱਚ, ਆਰਥਿਕ ਮੁੱਦੇ ਨੂੰ ਇਸ ਤਰੀਕੇ ਨਾਲ ਟਾਲਿਆ ਨਹੀਂ ਜਾਂਦਾ।

ਇੱਕ ਵਾਰ ਅਨਥਪਿੰਡਿਕਾ ਨੇ ਭਗਵਾਨ ਬੁੱਧ ਤੋਂ ਆਰਥਿਕ ਮੁੱਦਿਆਂ ਬਾਰੇ ਇੱਕ ਸਵਾਲ ਪੁੱਛਿਆ। ਫਿਰ ਭਗਵਾਨ ਨੇ ਜਵਾਬ ਦਿੱਤਾ ਸੀ, "ਮਨੁੱਖੀ ਜੀਵਨ ਲਈ ਸੰਪਤੀ ਬਿਲਕੁਲ ਜ਼ਰੂਰੀ ਹੈ। ਦੌਲਤ ਇਕੱਠੀ ਕਰੋ ਪਰ ਇਸ ਦੀ ਵਰਤੋਂ ਕਦੇ ਵੀ ਦੂਜਿਆਂ ਨੂੰ ਤੰਗ ਕਰਨ, ਦੂਜਿਆਂ ਨੂੰ ਗੁਲਾਮ ਬਣਾਉਣ ਲਈ ਨਾ ਕਰੋ। ਜਾਇਦਾਦ ਨੂੰ ਸ਼ੁੱਧ ਸਾਧਨਾਂ ਨਾਲ ਕਮਾਇਆ ਜਾਣਾ ਚਾਹੀਦਾ ਹੈ ਅਤੇ ਇਸ ਦੀ ਚੰਗੀ ਵਰਤੋਂ ਕੀਤੀ ਜਾਣੀ ਚਾਹੀਦੀ ਹੈ। "ਧਰਮ ਅਤੇ ਅਧਿਆਤਮਿਕਤਾ ਬਹੁਤ ਮਹੱਤਵਪੂਰਨ ਹਨ। ਜੀਵ-ਜੰਤੂਆਂ ਲਈ ਧਰਮ ਅਤੇ ਅਰਥ ਦੋਵੇਂ ਜ਼ਰੂਰੀ ਹਨ।

ਬਾਕੀ ਦਾ ਭਾਗ ਕੱਲ੍ਹ

# ਦਰਜਨਾਂ ਪਿੰਡਾਂ 'ਚ ਲੱਗੀ ਅੱਗ, ਸੈਂਕੜੇ ਏਕੜ ਕਣਕ ਦੀ ਫਸਲ ਸੜ ਕੇ ਹੋਈ ਸੁਆਹ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਕਣਕ ਦੀ ਫਸਲ ਖੇਤਾਂ ਵਿੱਚ ਕਟਾਈ ਲਈ ਤਿਆਰ ਖੜ੍ਹੀ ਹੈ। ਜਦੋਂ ਪੁੱਤਾਂ ਵਾਂਗ ਪਾਲੀ ਕਣਕ ਤੋਂ ਕਿਸਾਨ ਦੇ ਅਨੇਕਾਂ ਸੁਪਨੇ ਹਨ। ਪੰਜਾਬ ਭਰ ਵਿੱਚ ਦਰਜਨਾਂ ਪਿੰਡਾਂ ਵਿੱਚ ਕਣਕ ਨੂੰ ਅੱਗ ਨੇ ਸਾੜਕ ਰਾਖ ਕਰ ਦਿੱਤਾ। ਕਈ ਪਿੰਡਾਂ ਵਿੱਚ ਅਸਮਾਨੀ ਬਿਜਲੀ ਅਤੇ ਕਈ ਥਾਵਾਂ ਉਤੇ ਟਰਾਂਸਫਰਮ ਵਿਚੋਂ ਨਿਕਲੀ ਚਿਗਾੜੀ ਨੇ ਕਣਕ ਸਾੜ ਦਿੱਤੀ।



ਮਾਨਸਾ : ਮਾਨਸਾ ਜ਼ਿਲ੍ਹੇ ਦੇ ਵੱਖ ਵੱਖ ਪਿੰਡਾਂ 'ਚ ਅੱਗ ਕਾਰਨ ਕਣਕ ਸੜ ਕੇ ਸੁਆਹ ਹੋ ਗਈ। ਪਿੰਡ ਭੈਣੀ ਬਾਘਾ 'ਚ ਅੱਜ ਅਚਾਨਕ ਕਣਕ ਦੀ ਫਸਲ ਨੂੰ ਅੱਗ ਲੱਗ ਗਈ। ਲੋਕਾਂ ਅਤੇ ਫ਼ਾਇਰ ਬ੍ਰਿਗੇਡ ਮੁਲਾਜ਼ਮਾਂ ਵੱਲੋਂ ਇਹ ਅੱਗ 'ਤੇ ਕਾਬੂ ਪਾਇਆ ਗਿਆ। ਇਸ ਦੌਰਾਨ ਕਿਸਾਨ ਗੁਰਦੀਪ ਸਿੰਘ ਦੀ 3 ਏਕੜ, ਜਸਮੇਲ ਸਿੰਘ ਦੀ 6 ਏਕੜ, ਕ੍ਰਿਸ਼ਨ ਕੁਮਾਰ ਦੀ 2 ਏਕੜ ਅਤੇ ਧੰਨਾ ਸਿੰਘ ਦੀ 1 ਏਕੜ ਫ਼ਸਲ ਸੜ ਕੇ ਤਬਾਹ ਹੋ ਗਈ। ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਧਾਨ ਰਾਮ ਸਿੰਘ ਭੈਣੀਬਾਘਾ ਨੇ ਇਹ ਸੜ ਗਈ ਫ਼ਸਲ ਦੇ ਪੀੜਤ ਕਿਸਾਨਾਂ ਨੂੰ ਮੁਆਵਜ਼ਾ ਦੇਣ ਦੀ ਮੰਗ ਕੀਤੀ ਹੈ। ਭਾਈਦੇਸਾ ਤੋਂ ਅੱਗੇ ਬਾਜੀਗਰ ਬਸਤੀ ਦੇ ਨੇੜੇ ਟਰਾਂਸਫ਼ਾਰਮਰ 'ਚੋਂ ਇੱਕ ਚੰਗਿਆੜੀ ਡਿੱਗੀ ਅਤੇ ਟਾਂਗਰ ਨੂੰ ਅੱਗ ਲੱਗ ਗਈ। ਇਸ ਦੇ ਬਾਅਦ ਰੋਡ 'ਤੇ ਪਈਆਂ ਲੱਕੜਾਂ , ਫਟੀਆਂ, ਪਾਥੀਆਂ, ਮੋਟਰਸਾਈਕਲ ਦੇ ਇਲਾਵਾ ਮੰਜੇ ਆਦਿ ਸੜ ਗਏ। ਮਾਨਸਾ ਕੈਂਚੀਆਂ ਗਰਿੱਡ ਦੇ ਨੇੜੇ ਅੱਜ ਸਵੇਰੇ ਕਣਕ ਨੂੰ ਅੱਗ ਲੱਗ ਗਈ। ਇਸ ਤੋਂ ਇਲਾਵਾ ਪਿੰਡ ਦਾਨੇਵਾਲਾ, ਸਰਦੂਲਗੜ੍ਹ 'ਚ ਸਿਰਸਾ ਰੋਡ 'ਤੇ, ਜਟਾਣਾ ਕਲਾਂ, ਖੈਰਾ ਰੋਡ 'ਤੇ ਬਿਜਲੀ ਘਰ ਨਾਲ, ਮੀਰਪੁਰ ਕਲਾਂ ਆਦਿ 'ਚ ਵੀ ਕਣਕਾਂ ਨੂੰ ਅੱਗ ਲੱਗਣ ਦੀ ਖ਼ਬਰ ਹੈ।

ਫ਼ਾਜ਼ਿਲਕਾ : ਅਬੋਹਰ-ਮਲੋਟ ਰੋਡ ਉਤੇ ਟਰਾਂਸਫਾਰਮਰ ਵਿਚੋਂ ਨਿਕਲੀ ਚੰਗਿਆੜੀ ਨੇ ਕਰੀਬ 60-70 ਏਕੜ ਕਣਕ ਦੀ ਫਸਲ ਅਤੇ 150 ਏਕੜ ਕਣਕ ਦੀ ਪਰਾਲੀ ਨੂੰ ਸਾੜ ਕੇ ਸੁਆਹ ਕਰ ਦਿੱਤਾ। ਅੱਗ ਲੱਗਣ ਦਾ ਪਤਾ ਲੱਗਦਿਆਂ ਹੀ ਕਿਸਾਨ ਆਪਣੇ ਟਰੈਕਟਰਾਂ ਨਾਲ ਮੌਕੇ ਤੇ ਪਹੁੰਚੇ ਅਤੇ ਅੱਗ ਨੂੰ ਫੈਲਣ ਤੋਂ ਰੋਕਣ ਦੀ ਕੋਸ਼ਿਸ਼ ਕੀਤੀ। ਫਾਇਰ ਬ੍ਰਿਗੇਡ ਦੀਆਂ ਗੱਡੀਆਂ ਵੀ ਤੁਰੰਤ ਮੌਕੇ ਤੇ ਪਹੁੰਚ ਗਈਆਂ। ਬਲਜਿੰਦਰ ਸਿੰਘ ਦੀ 20 ਏਕੜ, ਬਲਵਿੰਦਰ ਸਿੰਘ ਦੀ 20 ਏਕੜ, ਸਾਬਕਾ ਸਰਪੰਚ ਪਾਲ ਸੰਧੂ ਦੀ 15 ਏਕੜ, ਬਖਸ਼ੀਸ਼ ਸਿੰਘ ਦੀ 4 ਏਕੜ ਅਤੇ ਬਲਕਰਨ ਸਿੰਘ ਦੀ ਇੱਕ ਏਕੜ ਫ਼ਸਲ ਸੜ ਗਈ।

ਮਹਿਲ ਕਲਾਂ, ਪਿੰਡ ਕੁਰੜ ਵਿੱਚ ਬੀਤੇ ਕੱਲ੍ਹ ਆਸਮਾਨੀ ਬਿਜਲੀ ਡਿੱਗਣ ਕਾਰਨ ਖੜ੍ਹੀ ਕਣਕ ਸੜ ਗਈ। ਐਸ ਡੀ ਐਮ ਮਹਿਲ ਕਲਾਂ ਹਰਕੰਵਲਜੀਤ ਸਿੰਘ ਨੇ ਮਾਲ ਵਿਭਾਗ ਦੀ ਟੀਮ ਸਮੇਤ ਅੱਜ ਪਿੰਡ ਕੁਰੜ ਦਾ ਦੌਰਾ ਕਰਕੇ ਬੀਤੇ ਕੱਲ੍ਹ ਆਸਮਾਨੀ ਬਿਜਲੀ ਡਿੱਗਣ ਨਾਲ ਕਿਸਾਨਾਂ ਦੀ ਖੜ੍ਹੀ ਕਣਕ ਦੀ ਫਸਲ ਦੇ ਹੋਏ ਨੁਕਸਾਨ ਦਾ ਜਾਇਜ਼ਾ ਲਿਆ।

ਪਾਤੜਾਂ : ਇਥੋਂ ਥੋੜ੍ਹੀ ਦੂਰ ਪਿੰਡ ਕਾਹਨਗੜ੍ਹ ਘਰਾਚੋਂ ਦੇ ਖੇਤਾਂ ਵਿਚ ਬਿਜਲੀ ਦੀਆਂ ਤਾਰਾਂ ਆਪਸ ਵਿਚ ਜੁੜਨ ਨਾਲ ਕਣਕ ਦੇ ਨਾੜ ਨੂੰ ਅੱਗ ਲੱਗ ਗਈ। ਅੱਗ ਕਾਰਨ 4 ਏਕੜ ਕਣਕ ਦਾ ਨਾੜ ਸੜ ਕੇ ਸੁਆਹ ਹੋ ਗਿਆ। ਫਾਇਰ ਬ੍ਰਿਗੇਡ ਦੀ ਗੱਡੀ ਨਾਲ ਕਰਮਚਾਰੀਆਂ ਵਲੋਂ ਅੱਗ ਉਤੇ ਕਾਬੂ ਪਾ ਲਏ ਜਾਣ ਕਾਰਨ ਘਰਾਂ ਦਾ ਅਤੇ ਖੜ੍ਹੀ ਕਣਕ ਦਾ ਨੁਕਸਾਨ ਹੋਣ ਤੋਂ ਬਚਾਅ ਹੋ ਗਿਆ।

ਜ਼ੀਰਾ : ਜ਼ੀਰਾ ਨੇੜਲੇ ਪਿੰਡਾਂ ਵਿਚ ਅੱਗ ਲੱਗਣ ਨਾਲ ਸੈਂਕੜੇ ਏਕੜ ਕਣਕ ਅਤੇ ਨਾੜ ਸੜਨ ਦੀ ਖਬਰ ਹੈ। ਪਿੰਡ ਮੱਲੋਕੇ ਦੇ ਨਜ਼ਦੀਕ ਹੱਡਾ ਰੋੜੀ ਨੇੜਿਓਂ ਲੱਗੀ ਅੱਗ ਇਸ ਕਦਰ ਵੱਧ ਗਈ ਕਿ ਪਿੰਡ ਗਾਮੇ ਵਾਲੀ, ਬਸਤੀ ਮੱਲੇ ਕੇ, ਹਾਜੀ ਵਾਲੀ, ਬਸਤੀ ਮਲਸੀਆਂ ਆਦਿ ਸੈਂਕੜੇ ਏਕੜ ਰਕਬਿਆਂ ਵਿਚ ਫੈਲ ਗਈ ਤੇ ਕਣਕ ਸੜ ਕੇ ਰਾਖ ਹੋ ਗਈ। ਦੱਸਿਆ ਜਾ ਰਿਹਾ ਹੈ ਕਿ ਅੱਗ ਕਾਰਨ ਕਿਸਾਨਾਂ ਦੇ ਟਰੈਕਟਰ ਅਤੇ ਕੰਬਾਈਨ ਦੇ ਸੜ ਗਏ।

ਜਾਣਕਾਰੀ ਅਨੁਸਾਰ ਪੰਜਾਬ ਦੇ ਫਿਰੋਜ਼ਪੁਰ, ਮਾਨਸਾ, ਬਠਿੰਡਾ, ਮੋਗਾ ਤੇ ਹੋਰਨਾਂ ਕਈ ਇਲਾਕਿਆਂ ਵਿੱਚ ਅਗਜ਼ਨੀ ਦੀਆਂ ਘਟਨਾਵਾਂ ਸਾਹਮਣੇ ਆਈਆਂ ਹਨ। ਸਭ ਤੋਂ ਵੱਧ ਘਟਨਾਵਾਂ ਫਿਰੋਜ਼ਪੁਰ ਦੇ ਜ਼ੀਰਾ ਦੇ ਨਜ਼ਦੀਕੀ ਪਿੰਡਾਂ ਵਿੱਚ ਅਤੇ ਮੋਗਾ ਦੇ ਪਿੰਡ ਵੈਰੋਕੇ ਵਿੱਚ ਵਾਪਰੀਆਂ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

# ਆਦਰਸ਼ ਸਕੂਲਾਂ ਦੀ ਅਸਲੀਅਤ ਅਤੇ ਚਾਉਕੇ ਸਕੂਲ ਮਾਮਲੇ ਵਿੱਚ ਸੂਬਾ ਸਰਕਾਰ ਦਾ ਰਵੱਈਆ

ਨਵਕਿਰਨ ਸਿੰਘ ਪੱਤੀ
(ਮੋਬਾਈਲ ਨੰਬਰ:+9198885-44001)

ਪਿਛਲੇ ਕਈ ਹਫਤਿਆਂ ਤੋਂ ਬਠਿੰਡਾ ਜਿਲ੍ਹੇ ਵਿੱਚ ਪੈਂਦੇ ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਵੱਲੋਂ ਆਪਣੇ ਹੱਕਾਂ ਲਈ ਲੜਿਆ ਜਾ ਰਿਹਾ ਸੰਘਰਸ਼ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।ਅਧਿਆਪਕਾਂ ਵੱਲੋਂ ਸਕੂਲ ਮੈਨੇਜਮੈਂਟ ਖਿਲਾਫ ਵਿੱਢੇ ਸੰਘਰਸ਼ ਦਰਮਿਆਨ ਸੂਬਾ ਸਰਕਾਰ ਦੀ ਜਿੰਮੇਬਾਰੀ ਬਣਦੀ ਸੀ ਕਿ ਮਸਲੇ ਦਾ ਢੁੱਕਵਾਂ ਹੱਲ ਕੱਢਿਆ ਜਾਂਦਾ ਪਰ ਮਸਲਾ ਹੱਲ ਕਰਨ ਦੀ ਬਜਾਏ ਸੂਬਾ ਸਰਕਾਰ ਨੰਗੇ ਚਿੱਟੇ ਰੂਪ ਵਿੱਚ ਸਕੂਲ ਪ੍ਰਬੰਧਕਾਂ ਦੀ ਪਿੱਠ ਉੱਪਰ ਖੜ੍ਹ ਗਈ। ਸੰਘਰਸ਼ਸ਼ੀਲ ਅਧਿਆਪਕਾਂ ਅਤੇ ਉਨ੍ਹਾਂ ਦੀਆਂ ਹਮਾਇਤੀ ਜਥੇਬੰਦੀਆਂ ਦੇ ਆਗੂਆਂ ਨੂੰ ਪੁਲੀਸ ਵੱਲੋਂ ਗ੍ਰਿਫ਼ਤਾਰ ਕਰਕੇ ਤਸ਼ੱਦਦ ਕਰਨ ਤੋਂ ਬਾਅਦ ਜੇਲ੍ਹ ਭੇਜਣ ਦੇ ਮਾਮਲੇ ਨੇ 'ਆਪ' ਸਰਕਾਰ ਦੇ ਲੋਕ ਵਿਰੋਧੀ ਕਿਰਦਾਰ ਨੂੰ ਨੰਗਾ ਕੀਤਾ ਹੈ।

ਸਾਡੇ ਲਈ ਇਹ ਸਮਝਣਾ ਬਹੁਤ ਮਹੱਤਵਪੂਰਨ ਹੈ ਕਿ ਆਖਰ ਸਰਕਾਰ ਸਕੂਲ ਪ੍ਰਬੰਧਕ ਕਮੇਟੀ ਦੀ ਨੰਗੀ ਚਿੱਟੀ ਹਮਾਇਤ ਵਿੱਚ ਕਿਉਂ ਉੱਤਰੀ ਹੈ।ਮੁੱਖ ਰੂਪ ਵਿੱਚ ਇਸਦੇ ਦੋ ਪਹਿਲੂ ਹਨ ਪਹਿਲਾ ਪਹਿਲੂ ਤਾਂ ਇਹ ਹੈ ਕਿ ਸੂਬਾ ਸਰਕਾਰ ਵੱਲੋਂ ਪਿਛਲੇ ਕੁੱਝ ਮਹੀਨਿਆਂ ਤੋਂ ਪੰਜਾਬ ਨੂੰ ਪੁਲਿਸ ਰਾਜ ਵੱਲ ਵਧਾਇਆ ਜਾ ਰਿਹਾ ਹੈ ਅਤੇ 'ਆਪ' ਸਰਕਾਰ ਦੇ ਇਸ਼ਾਰੇ ਤਹਿਤ ਪੁਲਿਸ ਵੱਲੋਂ ਸਿਰਫ ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਨੂੰ ਹੀ ਨਹੀਂ ਸਗੋਂ ਪੰਜਾਬ ਵਿਚ ਉੱਠਣ ਵਾਲੀ ਹਰ ਹੱਕ-ਸੱਚ ਦੀ ਆਵਾਜ਼ ਨੂੰ ਪੁਲੀਸ ਦੇ ਜ਼ਬਰ ਨਾਲ ਕੁਚਲਣ ਦੀ ਨੀਤੀ ਅਖਤਿਆਰ ਕੀਤੀ ਹੋਈ ਹੈ।ਸ਼ੰਭੂ,ਖਨੌਰੀ ਬਾਰਡਰ ਉੱਪਰ ਚੱਲ ਰਹੇ ਪੱਕੇ ਮੋਰਚੇ ਹਟਾਉਣ ਅਤੇ ਸੰਯੁਕਤ ਕਿਸਾਨ ਮੋਰਚਾ ਦੇ ਚੰਡੀਗੜ੍ਹ ਮਾਰਚ ਨੂੰ ਅਸਫਲ ਬਨਾਉਣ ਸਮੇਂ ਸਰਕਾਰ ਵੱਲੋਂ ਅਪਣਾਈ ਨੀਤੀ ਸਪੱਸ਼ਟ ਹੋ ਚੁੱਕੀ ਹੈ।

ਦੂਜਾ ਪਹਿਲੂ ਇਹ ਹੈ ਕਿ ਇਹ ਪੰਜਾਬ ਵਿੱਚ ਖੁੱਲ੍ਹੇ ਆਦਰਸ਼ ਸਕੂਲ ਸਿੱਖਿਆ ਦੇ ਨਿੱਜੀਕਰਨ ਦੀ ਪ੍ਰਤੱਖ ਉਦਹਾਰਨ ਹਨ ਅਤੇ ਨਿੱਜੀਕਰਨ,ਉਦਾਰੀਕਰਨ, ਵਪਾਰੀਕਰਨ ਦੀਆਂ ਨੀਤੀਆਂ ਨੂੰ ਤੇਜ਼ੀ ਨਾਲ ਲਾਗੂ ਕਰਨ ਲਈ ਤਤਪਰ 'ਆਪ' ਸਰਕਾਰ ਨਹੀਂ ਚਾਹੁੰਦੀ ਕਿ ਪੰਜਾਬ ਵਿੱਚ ਕਿਤੇ ਵੀ ਨਿੱਜੀਕਰਨ ਦੀ ਨੀਤੀ ਨੂੰ ਚੁਣੌਤੀ ਮਿਲੇ।ਇਸੇ ਕਰਕੇ ਸਿੱਖਿਆ, ਸਿਹਤ, ਬਿਜਲੀ ਖੇਤਰ ਵਿੱਚ ਕਾਰਪੋਰੇਟ ਘਰਾਣਿਆਂ ਦਾ ਕਬਜ਼ਾ ਕਰਾਉਣ ਲਈ ਕਾਹਲੀ ਪਈ ਭਗਵੰਤ ਮਾਨ ਸਰਕਾਰ ਜ਼ਬਰ 'ਤੇ ਉੱਤਰ ਆਈ ਹੈ।

ਸਰਕਾਰ ਦੀ ਜ਼ਾਬਰ ਨੀਤੀ ਅੱਗੇ ਸਥਿਤੀ ਇਹ ਬਣੀ ਕਿ ਆਦਰਸ਼ ਸਕੂਲ ਅਧਿਆਪਕਾਂ ਨੂੰ ਇਕ ਹਫਤੇ ਵਿੱਚ ਕਈ ਵਾਰ ਪੁਲਿਸ ਲਾਠੀਚਾਰਜ ਦਾ ਸਾਹਮਣਾ ਕਰਨਾ ਪਿਆ।ਪਹਿਲਾਂ ਪੁਲਿਸ ਪ੍ਰਸ਼ਾਸ਼ਨ ਵੱਲੋਂ 26 ਮਾਰਚ ਨੂੰ ਕਾਰਵਾਈ ਕਰਦਿਆਂ ਆਦਰਸ਼ ਸਕੂਲ ਚਾਉਕੇ ਅੱਗੇ ਧਰਨਾ ਦੇ ਰਹੇ ਅਧਿਆਪਕਾਂ ਅਤੇ ਬੱਚਿਆਂ ਦੇ ਮਾਪਿਆਂ ਨੂੰ ਲਾਠੀਚਾਰਜ ਕਰਕੇ ਖਦੇੜ ਦਿੱਤਾ ਗਿਆ।ਪੁਲਿਸ ਕਾਰਵਾਈ ਖਿਲਾਫ ਅਗਲੇ ਦਿਨ ਅਧਿਆਪਕਾਂ ਨੇ ਭਰਾਤਰੀ ਜਥੇਬੰਦੀਆਂ ਦੀ ਹਮਾਇਤ ਨਾਲ ਸਕੂਲ ਨੂੰ ਜਿੰਦਾ ਲਗਾ ਦਿੱਤਾ ਤਾਂ ਪ੍ਰਸ਼ਾਸਨ ਵੱਲੋਂ ਫਿਰ ਕਾਰਵਾਈ ਕਰਦਿਆਂ ਪ੍ਰਦਰਸ਼ਨਕਾਰੀਆਂ ਨੂੰ ਸਕੂਲ ਅੱਗੋਂ ਗ੍ਰਿਫਤਾਰ ਕਰ ਲਿਆ।5 ਅਪਰੈਲ ਨੂੰ ਆਦਰਸ਼ ਸਕੂਲ ਚਾਉਕੇ ਦੇ ਅਧਿਆਪਕਾਂ ਦੀਆਂ ਗ੍ਰਿਫ਼ਤਾਰੀਆਂ ਦੇ ਮਾਮਲੇ ਨੂੰ ਲੈ ਕੇ ਜਦੋਂ ਜਨਤਕ ਜਥੇਬੰਦੀਆਂ ਦੇ ਆਗੂ ਅਤੇ ਵਰਕਰ ਥਾਣਾ ਸਦਰ ਰਾਮਪੁਰਾ ਪਹੁੰਚੇ ਤਾਂ ਪੁਲੀਸ ਵੱਲੋਂ ਉਨ੍ਹਾਂ ਉੱਪਰ ਜ਼ਬਰ ਕੀਤਾ ਗਿਆ।ਅਧਿਆਪਕਾਂ ਦੀ ਹਮਾਇਤ 'ਤੇ ਆਈਆਂ ਮਹਿਲਾ ਕਿਸਾਨ ਆਗੂਆਂ ਹਰਿੰਦਰ ਬਿੰਦੂ ਤੇ ਪਰਮਜੀਤ ਕੌਰ ਪਿੱਥੋ ਨੂੰ ਪੁਲਿਸ ਵੱਲੋਂ ਗਿਣਮਿੱਥ ਕੇ ਨਿਸ਼ਾਨਾ ਬਣਾਇਆ ਗਿਆ।ਮਹਿਲਾ ਪੁਲਿਸ ਮੁਲਾਜਮਾਂ ਵੱਲੋਂ ਜਾਣਬੁੱਝ ਕੇ ਜਨਤਕ ਤੌਰ 'ਤੇ ਹਰਿੰਦਰ ਬਿੰਦੂ ਦੇ ਥੱਪੜ ਮਾਰੇ ਗਏ ਤਾਂ ਕਿ ਉਸਨੂੰ ਜ਼ਲੀਲ ਕੀਤਾ ਜਾ ਸਕੇ।ਪੁਲਿਸ ਇੱਥੇ ਹੀ ਨਹੀਂ ਰੁਕੀ ਬਲਕਿ ਹਰਿੰਦਰ ਬਿੰਦੂ,ਪਰਮਜੀਤ ਕੌਰ ਪਿੱਥੋ ਸਮੇਤ ਦਰਜ਼ਨਾਂ ਅਧਿਆਪਕਾਂ ਤੇ ਕਿਸਾਨਾਂ ਨੂੰ ਗ੍ਰਿਫਤਾਰ ਕਰਕੇ ਥਾਣੇ ਅੰਦਰ ਤਸ਼ੱਦਦ ਕਰਦਿਆਂ ਜੇਲ੍ਹ ਭੇਜ ਦਿੱਤੇ ਗਏ।ਪੁਲਿਸ ਇਸ ਹੱਦ ਤੱਕ ਗਈ ਕਿ 13 ਮਹੀਨਿਆਂ ਦੀ ਬੱਚੀ ਅਤੇ ਉਸਦੀ ਮਾਂ ਨੂੰ ਵੀ ਜੇਲ੍ਹ ਭੇਜ ਦਿੱਤਾ ਗਿਆ।

ਮਹਿਲਾ ਅਧਿਆਪਕਾਂ ਤੇ ਬਜ਼ੁਰਗ ਕਿਸਾਨ ਔਰਤਾਂ ਸਮੇਤ ਜੇਲ੍ਹ ਤੋਂ 10 ਅਪਰੈਲ ਦੀ ਦੇਰ ਸ਼ਾਮ ਜ਼ਮਾਨਤ ਤਹਿਤ ਰਿਹਾਅ ਹੋਈਆਂ ਮਹਿਲਾ ਕਿਸਾਨ ਆਗੂਆਂ ਹਰਿੰਦਰ ਬਿੰਦੂ ਤੇ ਪਰਮਜੀਤ ਕੌਰ ਪਿੱਥੋ ਅਗਲੇ ਦਿਨ 11 ਅਪਰੈਲ ਨੂੰ ਸਰਕਾਰੀ ਹਸਪਤਾਲ ਬਾਲਿਆਂਵਾਲੀ ਵਿੱਚ ਇਲਾਜ ਲਈ ਪਹੁੰਚੀਆਂ ਤਾਂ ਡਾਕਟਰਾਂ ਵੱਲੋਂ ਉਹਨਾਂ ਨੂੰ ਹਸਪਤਾਲ ਦਾਖਲ ਕਰਨ ਉਪਰੰਤ ਸਬੰਧਤ ਪੁਲੀਸ ਨੂੰ ਰੁੱਕਾ ਭੇਜਣ ਦੇ ਬਾਵਜੂਦ ਕੋਈ ਪੁਲੀਸ ਅਧਿਕਾਰੀ ਤਿੰਨ ਦਿਨ ਬੀਤਣ ਦੇ ਬਾਵਜੂਦ ਉਨ੍ਹਾਂ ਦੇ ਬਿਆਨ ਦਰਜ ਕਰਨ ਨਹੀਂ ਪਹੁੰਚਿਆ ਸੀ।ਇਸ ਸਮੇਂ ਬਠਿੰਡਾ ਦੇ ਸਰਕਾਰੀ ਹਸਪਤਾਲ 'ਚ ਦਾਖਲ ਇਹਨਾਂ ਮਹਿਲਾ ਕਿਸਾਨ ਆਗੂਆਂ ਨੇ ਮੁੱਖ ਮੰਤਰੀ ਪੰਜਾਬ, ਡੀਜੀਪੀ ਪੰਜਾਬ ਅਤੇ ਐੱਸਐੱਸਪੀ ਬਠਿੰਡਾ ਨੂੰ ਪੱਤਰ ਭੇਜ ਕੇ ਪੁਲੀਸ ਅਧਿਕਾਰੀਆਂ iਖ਼ਲਾਫ਼ ਕਾਨੂੰਨੀ ਕਾਰਵਾਈ ਦੀ ਮੰਗ ਕੀਤੀ ਹੈ।

ਉਂਝ ਇਹ ਮਸਲਾ ਇਕੱਲੇ ਚਾਉਕੇ ਸਕੂਲ ਦਾ ਨਹੀਂ ਹੈ ਬਲਕਿ ਪਿਛਲੇ ਵਰ੍ਹਿਆਂ ਦੌਰਾਨ ਪੰਜਾਬ ਦਾ ਸ਼ਾਇਦ ਹੀ ਕੋਈ ਅਜਿਹਾ ਆਦਰਸ਼ ਸਕੂਲ ਹੋਵੇ ਜਿਸ ਅੱਗੇ ਧਰਨਾ ਨਾ ਲੱਗਿਆ ਹੋਵੇ ਕਿਉਂਕਿ ਇਹਨਾਂ ਸਕੂਲਾਂ ਦੀ ਬੁਨਿਆਦ ਹੀ ਗਲਤ ਹੈ।ਅਸਲ ਵਿੱਚ ਇਹਨਾਂ ਆਦਰਸ਼ ਸਕੂਲਾਂ ਵਾਲੇ ਕੰਡੇ ਤਤਕਾਲੀ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਵਾਲੀ ਅਕਾਲੀ-ਭਾਜਪਾ ਸਰਕਾਰ ਨੇ ਬੀਜੇ ਸਨ।ਅਕਾਲੀ-ਭਾਜਪਾ ਸਰਕਾਰ ਨੇ ਸੂਬੇ ਦੇ ਪੇਂਡੂ ਖੇਤਰ ਦੇ ਬੱਚਿਆਂ ਨੂੰ ਅੰਗਰੇਜ਼ੀ ਮੀਡੀਅਮ 'ਚ ਮੁਫ਼ਤ ਸਿੱਖਿਆ ਮੁਹੱਈਆ ਕਰਵਾਉਣ ਦੇ ਨਾਮ ਹੇਠ ਸੂਬੇ ਵਿੱਚ ਕਰੀਬ 25 ਆਦਰਸ਼ ਸਕੂਲ ਖੋਲ੍ਹੇ ਸਨ।ਪਬਲਿਕ ਪ੍ਰਾਈਵੇਟ ਪਾਰਟਨਰ (ਪੀਪੀਪੀ) ਸਕੀਮ ਤਹਿਤ ਖੋਲ੍ਹੇ ਇਹਨਾਂ ਸਕੂਲਾਂ 70:30 ਦੇ ਹਿਸਾਬ ਨਾਲ ਚਲਾਉਣ ਦਾ ਫੈਸਲਾ ਲਿਆ ਗਿਆ ਸੀ ਭਾਵ 30 ਫ਼ੀਸਦੀ ਹਿੱਸੇਦਾਰੀ ਨਿੱਜੀ ਖੇਤਰ ਦੀ ਹੋਵੇਗੀ ਜਦਕਿ ਬਾਕੀ ਦਾ 70 ਫ਼ੀਸਦੀ ਹਿੱਸਾ ਸੂਬਾ ਸਰਕਾਰ ਨੇ ਅਦਾ ਕਰਨਾ ਸੀ।ਪੰਚਾਇਤਾਂ ਨੇ ਇਹਨਾਂ ਸਕੂਲਾਂ ਦੀ ਉਸਾਰੀ ਲਈ ਮੁੱਖ ਮਾਰਗਾਂ 'ਤੇ ਪੈਂਦੀਆਂ ਮਹਿੰਗੇ ਭਾਅ ਦੀ ਪੰਚਾਇਤੀ ਜ਼ਮੀਨਾਂ ਮੁਫਤ ਦਿੱਤੀਆਂ ਗਈਆ।ਇਨਾਂ ਸਕੂਲਾਂ ਨੂੰ ਚਲਾਉਣ ਲਈ ਜਿਹੜੀਆਂ ਨਿੱਜੀ ਸੰਸਥਾਵਾਂ/ਵਿਅਕਤੀਆਂ ਨੂੰ ਜਿੰਮੇਬਾਰੀ ਦਿੱਤੀ ਗਈ,ਉਹਨਾਂ ਦਾ ਇੱਕੋ ਮਨੋਰਥ ਪੈਸਾ ਕਮਾਉਣਾ ਸੀ।'ਸੱਤਾ' ਨੇੜਲੀਆਂ ਮੈਨੇਜਮੈਂਟਾਂ ਨੇ ਲੱਖਾਂ ਰੁਪਏ ਇਨ੍ਹਾਂ ਸਕੂਲਾਂ ਤੋਂ ਕਮਾਏ ਜਿਸ ਕਾਰਨ ਇਹ ਸਕੂਲ ਅੱਜ ਵੀ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਹਨ।

ਇਨਾਂ ਸਕੂਲਾਂ 'ਚ ਪਹਿਲਾਂ ਸੀਬੀਐਸਈ ਮਾਧੀਅਮ ਸੀ ਪਰ ਕਾਂਗਰਸ ਸਰਕਾਰ ਨੇ 2020-2021 ਦੇ ਵਿਦਿਅਕ ਸੈਸ਼ਨ ਤੋਂ ਇਹਨਾਂ ਆਦਰਸ਼ ਸਕੂਲਾਂ ਨੂੰ ਸੈਂਟਰਲ ਬੋਰਡ ਆਫ਼ ਸੈਕੰਡਰੀ ਐਜੂਕਸ਼ਨ (ਸੀਬੀਐਸਈ) ਦੇ ਦਾਇਰੇ 'ਚੋਂ ਕੱਢ ਕੇ ਪੰਜਾਬ ਸਕੂਲ ਸਿੱਖਿਆ ਬੋਰਡ (ਪੀਐਸਈਬੀ) ਦੇ ਅਧੀਨ ਲਿਆਉਣ ਨੂੰ ਮਨਜ਼ੂਰੀ ਦੇ ਦਿੱਤੀ ਸੀ।

ਪਿਛਲੇ ਵਰ੍ਹਿਆਂ ਦੌਰਾਨ ਇਹ ਵੀ ਤੱਥ ਵੇਖਣ ਨੂੰ ਮਿਲੇ ਹਨ ਕਿ ਆਦਰਸ਼ ਸਕੂਲਾਂ ਦੀਆਂ ਕੁੱਝ ਮੈਨੇਜਮੈਂਟਾਂ ਤਾਂ ਮੋਟੇ ਮੁਨਾਫੇ ਕਮਾ ਕੇ ਇਹਨਾਂ ਸਕੂਲਾਂ ਨੂੰ 'ਲਵਾਰਸ' ਛੱਡ ਗਈਆਂ ਹਨ ਅਤੇ ਹੁਣ ਪਿੰਡਾਂ ਦੇ ਲੋਕਾਂ ਨੂੰ ਆਪਣੇ ਹੀਲਿਆਂ-ਵਸੀਲਿਆਂ ਨਾਲ ਸਕੂਲ ਚਲਾਉਣੇ ਪੈ ਰਹੇ ਹਨ ਜਿਵੇਂ ਕਿ ਜਿਲ੍ਹਾ ਫਿਰੋਜ਼ਪੁਰ 'ਚ ਪੈਂਦੇ ਪਿੰਡ ਬੁੱਕਣਖ਼ਾਨ ਵਾਲਾ ਦੇ ਆਦਰਸ਼ ਸਕੂਲ ਦਾ ਪ੍ਰਬੰਧ ਹੁਣ ਪਿੰਡ ਦੇ ਲੋਕਾਂ ਵੱਲੋਂ 'ਗ੍ਰਾਮ ਵਿਕਾਸ ਐਜੂਕਸ਼ਨ ਸੁਸਾਇਟੀ' ਬਣਾ ਕੇ ਚਲਾਉਣਾ ਪੈ ਰਿਹਾ ਹੈ।

ਸਪੱਸ਼ਟ ਹੈ ਕਿ ਪੀਪੀਪੀ ਯੋਜਨਾਂ ਤਹਿਤ ਖੋਲ੍ਹੇ ਇਹ ਆਦਰਸ਼ ਸਕੂਲ ਸਿੱਖਿਆ ਦੇ ਨਿੱਜੀਕਰਨ ਦੀ ਉੱਘੜਵੀਂ ਮਿਸਾਲ ਹਨ ਅਤੇ ਇਹਨਾਂ ਸਕੂਲਾਂ ਵਿੱਚ ਸਭ ਤੋਂ ਮਾੜੀ ਹਾਲਤ ਇਹਨਾਂ ਸਕੂਲਾਂ ਦੇ ਅਧਿਆਪਕਾਂ ਦੀ ਹੈ।ਇਹਨਾਂ ਸਕੂਲਾਂ ਦੇ ਅਧਿਆਪਕਾਂ ਦਾ ਜਿੱਥੇ ਨਿਗੂਣੀਆਂ ਤਣਖਾਹਾਂ ਉੱਪਰ ਆਰਥਿਕ,ਮਾਨਸਿਕ ਸ਼ੋਸ਼ਨ ਕੀਤਾ ਜਾ ਰਿਹਾ ਹੈ ਉੱਥੇ ਹੀ ਸਕੂਲ ਵਿੱਚੋਂ ਕਿਸੇ ਵੀ ਸਮੇਂ ਕੱਢੇ ਜਾਣ ਦੀ ਤਲਵਾਰ ਹਮੇਸ਼ਾਂ ਲਟਕਦੀ ਰਹਿੰਦੀ ਹੈ।ਇਨਾਂ ਅਧਿਆਪਕਾਂ ਨਾਲ ਧੱਕੇਸ਼ਾਹੀ ਇਹ ਹੋ ਰਹੀ ਹੈ ਕਿ ਸਰਕਾਰੀ ਜ਼ਮੀਨਾਂ ਉੱਪਰ ਬਣੇ ਇਹਨਾਂ 'ਆਦਰਸ਼' ਸਕੂਲਾਂ ਨੂੰ ਚਲਾਉਣ ਲਈ ਸਰਕਾਰ ਵੱਲੋਂ 70 ਫੀਸਦ ਹਿੱਸਾ ਪਾਉਣ ਦੇ ਬਾਵਜੂਦ ਅਧਿਆਪਕਾਂ ਦੀਆਂ ਤਣਖਾਹਾਂ ਦਾ ਮਾਮਲਾ ਨਿੱਜੀ ਸੰਸਥਾਂ ਉੱਪਰ ਸੁੱਟਿਆ ਹੋਇਆ ਹੈ।ਸਰਕਾਰ ਵੱਲੋਂ ਵੱਖ-ਵੱਖ ਸਮੇਂ ਜਾਰੀ ਕੀਤੇ ਪੱਤਰਾਂ ਅਨੁਸਾਰ ਇਹਨਾਂ ਆਦਰਸ਼ ਸਕੂਲਾਂ ਦੇ ਅਧਿਆਪਕਾਂ ਸਮੇਤ ਸਮੂਹ ਕਰਮਚਾਰੀਆਂ ਨੂੰ ਪੰਜਾਬ ਸਿੱਖਿਆ ਵਿਕਾਸ ਬੋਰਡ (ਪੀਈਡੀਬੀ) ਜਾਂ ਸਿੱਖਿਆ ਵਿਭਾਗ ਦੇ ਕਰਮਚਾਰੀ ਨਹੀਂ ਮੰਨਿਆ ਜਾ ਸਕਦਾ।ਆਦਰਸ਼ ਸਕੂਲਾਂ ਦਾ ਸਟਾਫ ਵੀ ਪੰਜਾਬ ਸਰਕਾਰ ਤੋਂ ਇਹੋ ਸਵਾਲ ਪੁੱਛਦਾ ਹੈ ਕਿ ਜਦੋਂ ਇਨ੍ਹਾਂ ਸਕੂਲਾਂ ਨੂੰ ਚਲਾਉਣ ਦੇ 70 ਪ੍ਰਤੀਸ਼ਤ ਖਰਚੇ ਸਰਕਾਰ ਦਿੰਦੀ ਹੈ ਅਤੇ ਸਾਰਾ ਸਟਾਫ ਯੋਗਤਾ ਸ਼ਰਤਾਂ ਪੂਰੀਆਂ ਕਰਦਾ ਹੈ ਤਾਂ ਸਟਾਫ ਨੂੰ ਸਿੱਖਿਆ ਵਿਭਾਗ ਦੇ ਕਰਮਚਾਰੀ ਕਿਉਂ ਨਹੀਂ ਮੰਨਿਆ ਜਾ ਸਕਦਾ?

ਹਕੀਕਤ ਇਹ ਹੈ ਕਿ ਪ੍ਰਸ਼ਾਸ਼ਨ ਦੀ ਇਕਪਾਸੜ ਕਾਰਵਾਈ ਸਿਰਫ ਆਦਰਸ਼ ਸਕੂਲ ਚਾਉਕੇ ਦੇ ਮਾਮਲੇ ਵਿੱਚ ਹੀ ਨਜ਼ਰ ਨਹੀਂ ਆਈ ਬਲਕਿ ਸੂਬਾ ਸਰਕਾਰ ਦਾ ਕਿਰਦਾਰ ਹੀ ਲੋਕ ਵਿਰੋਧੀ ਨਜ਼ਰ ਆ ਰਿਹਾ ਹੈ।ਸਰਕਾਰ ਦੀ ਸਸਕੇਰੀ ਪੁਲਿਸ ਵੱਲੋਂ ਜਨਵਰੀ 2025 ਤੋਂ 31 ਮਾਰਚ ਤੱਕ ਮਹਿਜ਼ 90 ਦਿਨਾਂ ਵਿੱਚ 41 ਪੁਲਿਸ ਐਨਕਾਊਂਟਰ ਕੀਤੇ ਗਏ ਹਨ।ਨਸ਼ਾ ਤਸਕਰੀ ਵਿੱਚ ਸ਼ਾਮਲ ਵੱਡੇ ਨਸ਼ਾ ਤਸਕਰਾਂ ਖਿਲਾਫ ਕਾਰਵਾਰੀ ਕਰਨ ਦੀ ਬਜਾਏ ਦਰਜ਼ਨਾਂ ਨਸ਼ੇ ਦੇ ਛੋਟੇ-ਮੋਟੇ ਮਾਮਲਿਆਂ ਵਿੱਚ ਸ਼ਾਮਲ ਪਰਿਵਾਰਾਂ ਦੇ ਘਰਾਂ ਉੱਪਰ ਬੁਲਡੋਜ਼ਰ ਚਲਾ ਦਿੱਤੇ ਗਏ ਹਨ।

ਕਿਸਾਨ ਲਹਿਰ ਇਕਜੁੱਟ ਨਾ ਹੋਣ ਦਾ ਫਾਇਦਾ ਵੀ ਕਿਸੇ ਨਾ ਕਿਸੇ ਰੂਪ ਵਿੱਚ 'ਸੱਤਾ' ਧਿਰ ਨੂੰ ਮਿਲਿਆ ਹੈ।ਇਕ ਪਾਸੇ ਚੰਡੀਗੜ੍ਹ ਮਾਰਚ ਰੋਕਣ ਲਈ ਪੰਜਾਬ ਭਰ ਵਿੱਚ ਕੀਤੀਆਂ ਗ੍ਰਿਫਤਾਰੀਆਂ ਅਤੇ ਦੂਜੇ ਪਾਸੇ ਖਨੌਰੀ ਤੇ ਸ਼ੰਭੂ ਮੋਰਚੇ ਹਟਾਉਣ ਲਈ ਕੀਤੇ ਪੁਲਿਸ ਜ਼ਬਰ ਦਾ ਸੂਬੇ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਨੂੰ ਸਖਤ ਨੋਟਿਸ ਲੈਂਦਿਆਂ ਸਰਕਾਰ ਖਿਲਾਫ ਇਕਜੁੱਟ ਸੱਦਾ ਦੇਣਾ ਬਣਦਾ ਸੀ ਪਰ ਅਜਿਹਾ ਨਾ ਹੋਣ ਕਾਰਨ ਸਰਕਾਰ ਦਾ ਜ਼ਾਬਰ ਕੁਹਾੜਾ ਤਿੱਖਾ ਹੋ ਗਿਆ ਹੈ।

ਖੈਰ ਇਸ ਸਭ ਦੇ ਬਾਵਜੂਦ ਸੂਬੇ ਦੀਆਂ ਜਨਤਕ ਜਮਹੂਰੀ ਜਥੇਬੰਦੀਆਂ ਵੱਲੋਂ 12 ਅਪਰੈਲ ਨੂੰ ਰਾਮਪੁਰਾ ਵਿਖੇ ਕੀਤੀ ਗਈ ਵਿਸ਼ਾਲ ਰੈਲੀ ਅਤੇ ਰੈਲੀ ਉਪਰੰਤ ਰਾਮਪੁਰੇ ਦੀਆਂ ਸੜਕਾਂ 'ਤੇ ਭਗਵੰਤ ਮਾਨ ਸਰਕਾਰ ਤੇ ਪੁਲੀਸ ਪ੍ਰਸ਼ਾਸਨ ਦੀ ਧੱਕੇਸ਼ਾਹੀ iਖ਼ਲਾਫ ਕੀਤੇ ਰੋਹ ਭਰਪੂਰ ਮੁਜ਼ਾਹਰੇ ਨੇ ਸਰਕਾਰ ਦੇ ਹੱਲੇ ਦਾ ਜੁਆਬ ਦਾ ਦਿੱਤਾ ਹੈ।

ਚਾਉਕੇ ਸਕੂਲ ਮਾਮਲੇ ਵਿੱਚ ਸੰਘਰਸਸ਼ੀਲ ਜਥੇਬੰਦੀਆਂ ਵੱਲੋਂ ਹੁਣ ਮੰਗ ਕੀਤੀ ਜਾ ਰਹੀ ਹੈ ਕਿ ਗ੍ਰਿਫ਼ਤਾਰ ਕੀਤੇ ਵਿਅਕਤੀਆਂ ਨੂੰ ਬਿਨਾਂ ਸ਼ਰਤ ਰਿਹਾਅ ਕੀਤਾ ਜਾਵੇ, ਮਹਿਲਾਵਾਂ ਤੇ ਅਧਿਆਪਕਾਂ ਸਣੇ ਕਿਸਾਨਾਂ, ਮਜ਼ਦੂਰਾਂ 'ਤੇ ਜਬਰ ਢਾਹੁਣ ਵਾਲੇ ਪੁਲੀਸ ਕਰਮਚਾਰੀਆਂ ਸਣੇ ਸਭਨਾਂ ਦੋਸ਼ੀਆਂ 'ਤੇ ਢੁਕਵੀਂ ਕਾਨੂੰਨੀ ਕਾਰਵਾਈ ਕੀਤੀ ਜਾਵੇ।ਉਮੀਦ ਹੈ ਕਿ ਚਾਉਕੇ ਸਕੂਲ ਦੀ ਮੈਨੇਜਮੈਂਟ ਦੀਆਂ ਆਪਹੁਦਰੀਆਂ ਖਿਲਾਫ ਸ਼ੁਰੂ ਇਹ ਸੰਘਰਸ਼ ਨਿੱਜੀਕਰਨ ਦੀ ਨੀਤੀ ਦਾ ਮੂੰਹ ਤੋੜ ਜੁਆਬ ਦਿੰਦਿਆਂ ਆਦਰਸ਼ ਸਕੂਲਾਂ ਦੇ ਸਰਕਾਰੀਕਰਨ ਦੀ ਮੰਗ ਨੂੰ ਉਭਾਰੇਗਾ।

# ਬੰਗਾਲ ਦੇ ਰਾਜਪਾਲ ਨੇ ਮੁਰਸ਼ੀਦਾਬਾਦ 'ਚ ਮ੍ਰਿਤਕਾਂ ਦੇ ਪਰਵਾਰ ਨਾਲ ਕੀਤੀ ਮੁਲਾਕਾਤ

## ਵਕਫ਼ ਕਾਨੂੰਨ ਦੇ ਵਿਰੋਧ 'ਚ ਹੋਈ ਹਿੰਸਾ 'ਚ ਮਾਰੇ ਗਏ ਇਕ ਵਿਅਕਤੀ ਅਤੇ ਉਸ ਦੇ ਬੇਟੇ ਦੇ ਪਰਵਾਰ ਕ ਮੈਂਬਰਾਂ ਨਾਲ ਮੁਲਾਕਾਤ ਕੀਤੀ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਕੋਲਕਾਤਾ: ਪਛਮੀ ਬੰਗਾਲ ਦੇ ਰਾਜਪਾਲ ਸੀ.ਵੀ. ਆਨੰਦ ਬੋਸ ਨੇ ਸਨਿਚਰਵਾਰ ਨੂੰ ਮੁਰਸ਼ਿਦਾਬਾਦ ਜ਼ਿਲ੍ਹੇ 'ਚ ਵਕਫ਼ ਕਾਨੂੰਨ ਦੇ ਵਿਰੋਧ 'ਚ ਹੋਈ ਹਿੰਸਾ 'ਚ ਮਾਰੇ ਗਏ ਇਕ ਵਿਅਕਤੀ ਅਤੇ ਉਸ ਦੇ ਬੇਟੇ ਦੇ ਪਰਵਾਰ ਕ ਮੈਂਬਰਾਂ ਨਾਲ ਮੁਲਾਕਾਤ ਕੀਤੀ ਅਤੇ ਉਨ੍ਹਾਂ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿਤਾ। ਦੋਹਾਂ ਦੀਆਂ ਲਾਸ਼ਾਂ ਦੀ ਪਛਾਣ ਹਰੋਗੋਬਿੰਦੋ ਦਾਸ ਅਤੇ ਚੰਦਨ ਦਾਸ ਵਜੋਂ ਹੋਈ ਹੈ, ਜਿਨ੍ਹਾਂ ਦੀ ਪਛਾਣ ਸ਼ਮਸ਼ੇਰਗੰਜ ਦੇ ਜਾਫਰਾਬਾਦ ਇਲਾਕੇ 'ਚ ਉਨ੍ਹਾਂ ਦੇ ਘਰ 'ਚੋਂ ਮਿਲੀ ਹੈ।

ਬੋਸ ਨੇ ਉਨ੍ਹਾਂ ਦੀ ਰਿਹਾਇਸ਼ ਦਾ ਦੌਰਾ ਕਰਨ ਤੋਂ ਬਾਅਦ ਪੱਤਰਕਾਰਾਂ ਨੂੰ ਕਿਹਾ, "ਮੈਂ ਤੁਹਾਡੀਆਂ ਬੇਨਤੀਆਂ 'ਤੇ ਗੌਰ ਕਰਾਂਗਾ ਤਿੰਨ ਤੋਂ ਚਾਰ ਸੁਝਾਅ ਹਨ। ਉਨ੍ਹਾਂ ਨੇ ਇਲਾਕੇ 'ਚ ਬੀ.ਐਸ.ਐਫ. ਦੀ ਤਾਇਨਾਤੀ ਲਈ ਕਿਹਾ ਹੈ। ਮੈਂ ਇਸ ਮਾਮਲੇ ਨੂੰ ਉਚਿਤ ਅਧਿਕਾਰੀਆਂ ਕੋਲ ਉਠਾਵਾਂਗਾ। ਕੁੱਝ ਸਰਗਰਮ ਕਾਰਵਾਈ ਜ਼ਰੂਰ ਕੀਤੀ ਜਾਵੇਗੀ। ਮੈਂ ਉਨ੍ਹਾਂ ਨਾਲ ਪੀਸ ਰੂਮ ਨੰਬਰ (ਰਾਜ ਭਵਨ ਹੈਲਪਲਾਈਨ) ਵੀ ਸਾਂਝਾ ਕੀਤਾ ਹੈ।" ਮ੍ਰਿਤਕ ਦੇ ਪਰਵਾਰਕ ਮੈਂਬਰਾਂ ਨੂੰ ਰਾਜਪਾਲ ਦੇ ਪੈਰਾਂ 'ਤੇ ਡਿੱਗ ਕੇ ਇਨਸਾਫ ਦੀ ਗੁਹਾਰ ਲਗਾਉਂਦੇ ਵੇਖਿਆ ਗਿਆ।

# ਵਾਰਡ ਵਿੱਚ ਵਿਕਾਸ ਕਾਰਜਾਂ ਵਿੱਚ ਨਾ ਤਾਂ ਪਹਿਲਾਂ ਕੋਈ ਕਮੀ ਰਹੀ ਹੈ ਅਤੇ ਨਾ ਹੀ ਭਵਿੱਖ ਵਿੱਚ ਆਉਣ ਦਿੱਤੀ ਜਾਵੇਗੀ: ਰੋਜ਼ੀ ਨਾਗਪਾਲ, ਦੀਪਕ ਨਾਗਪਾਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com





ਨਾਭਾ 19 ਅਪ੍ਰੈਲ (ਬੇਅੰਤ ਸਿੰਘ ਰੋਹਟੀ ਖਾਸ)

ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਹੇਠ ਵਾਰਡ ਨੰਬਰ 23 ਵਿੱਚ ਨਾ ਪਹਿਲਾ ਵਿਕਾਸ ਦੀ ਕੋਈ ਘਾਟ ਰਹਿ ਅਤੇ ਨਾਂ ਹੀ ਭਵਿੱਖ ਵਿੱਚ ਆਉਣ ਦਿੱਤੀ ਜਾਵੇਗੀ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਾਰਡ ਨੰਬਰ 23 ਦੀ ਆਮ ਆਦਮੀ ਪਾਰਟੀ ਦੀ ਕੌਂਸਲਰ ਰੋਜ਼ੀ ਨਾਗਪਾਲ ਅਤੇ ਉਨ੍ਹਾਂ ਦੇ ਪਤੀ, ਸਮਾਜ ਸੇਵਕ ਦੀਪਕ ਨਾਗਪਾਲ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਸਨੇ ਕਿਹਾ ਕਿ ਮੇਰਾ ਵਾਰਡ ਮੇਰਾ ਪਰਿਵਾਰ ਹੈ। ਉਨ੍ਹਾਂ ਕਿਹਾ ਕਿ ਵਾਰਡ ਵਿੱਚ ਵਿਕਾਸ ਦੇ ਕੰਮ ਜਿਵੇਂ ਕਿ ਨਾਲੀਆਂ, ਸੜਕਾਂ, ਸਫ਼ਾਈ ਅਤੇ ਟੁੱਟੀ ਹੋਈ ਪੁਲੀ ਲਗਭਗ ਪੂਰੀ ਹੋ ਚੁੱਕੀ ਹੈ। ਮਿਲਟਰੀ ਰੋਡ ਦਾ ਕੰਮ ਵੀ ਪੂਰਾ ਹੋ ਗਿਆ ਹੈ, ਕਿਸੇ ਨੇ ਕਦੇ ਸੋਚਿਆ ਵੀ ਨਹੀਂ ਸੀ ਕਿ ਇਹ ਸੜਕ ਬਣੇਗੀ, ਇਸ ਦੇ ਨਾਲ ਹੀ ਸੜਕ ਦੇ ਆਲੇ-ਦੁਆਲੇ ਨੀਲੇ ਡਰੰਮਾਂ ਵਿੱਚ ਪੌਦੇ ਵੀ ਲਗਾਏ ਗਏ ਹਨ। ਉਨ੍ਹਾਂ ਕਿਹਾ ਕਿ ਜੋ ਵੀ ਕੰਮ ਬਾਕੀ ਹੈ, ਉਹ ਵੀ ਜਲਦੀ ਹੀ ਪੂਰਾ ਕਰ ਲਿਆ ਜਾਵੇਗਾ। ਉਨ੍ਹਾਂ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਵਸਨੀਕ ਨੂੰ ਕਿਸੇ ਵੀ ਕਿਸਮ ਦੀ ਸਮੱਸਿਆ ਆਉਂਦੀ ਹੈ ਤਾਂ ਉਹ ਤੁਰੰਤ ਸੰਪਰਕ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਮੈਂ ਪਾਰਟੀਬਾਜ਼ੀ ਤੋਂ ਉੱਪਰ ਉੱਠ ਕੇ ਵਾਰਡ ਦਾ ਵਿਕਾਸ ਕਰਦਾ ਰਹਾਂਗਾ।

# ਸਿੱਖਿਆ ਕ੍ਰਾਂਤੀ: ਚੇਅਰਮੈਨ ਮੰਨਾ ਨੇ ਬਡਬਰ ਸਕੂਲਾਂ ਦੇ 44 ਲੱਖ ਦੇ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਬਰਨਾਲਾ, 19 ਅਪ੍ਰੈਲ

ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਵਾਲੀ ਸੂਬਾ ਸਰਕਾਰ ਦੇ ਯਤਨਾਂ ਸਦਕਾ ਪੰਜਾਬ ਸਿੱਖਿਆ ਦੇ ਖੇਤਰ 'ਚ ਨਵੀਆਂ ਪੁਲਾਂਘਾ ਪੁੱਟ ਰਿਹਾ ਹੈ।

ਇਨ੍ਹਾਂ ਗੱਲਾ ਦਾ ਪ੍ਰਗਟਾਵਾਂ ਨਗਰ ਸੁਧਾਰ ਟਰੱਸਟ ਬਰਨਾਲਾ ਦੇ ਚੇਅਰਮੈਨ ਸ੍ਰੀ ਰਾਮ ਤੀਰਥ ਮੰਨਾ ਨੇ ਜ਼ਿਲ੍ਹੇ ਦੇ ਪਿੰਡ ਬਡਬਰ ਦੇ ਸਕੂਲ ਵਿਚ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।

ਉਨ੍ਹਾਂ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ਵਿੱਚ 14.02 ਲੱਖ ਦੀ ਲਾਗਤ ਨਾਲ ਬਣੀ ਸਾਇੰਸ ਲੈਬ ਅਤੇ 9.51 ਲੱਖ ਦੀ ਲਾਗਤ ਨਾਲ ਬਣੀ ਕੰਪਿਊਟਰ ਲੈਬ ਦਾ ਉਦਘਾਟਨ ਕੀਤਾ। ਇਸ ਤੋਂ ਇਲਾਵਾ ਸਰਕਾਰੀ




ਪ੍ਰਾਇਮਰੀ ਸਕੂਲ ਬਡਬਰ ਵਿੱਚ ਕਰੀਬ 20.87 ਲੱਖ ਦੀ ਲਾਗਤ ਨਾਲ ਵੱਖ ਵੱਖ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ।

ਉਨ੍ਹਾਂ ਕਿਹਾ ਕਿ ਜ਼ਿਲ੍ਹਾ ਬਰਨਾਲਾ ਵਿੱਚ ਸੰਸਦ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ ਦੀ ਅਗਵਾਈ ਹੇਠ ਕਰੋੜਾਂ ਦੇ ਵਿਕਾਸ ਕਾਰਜ ਵੱਡੇ ਪੱਧਰ 'ਤੇ ਜਾਰੀ ਹਨ। ਉਨ੍ਹਾਂ ਕਿਹਾ ਕਿ ਜਿੱਥੇ ਪਿੰਡਾਂ, ਸ਼ਹਿਰਾਂ ਵਿੱਚ ਹੋਰ ਪ੍ਰੋਜੈਕਟ ਚੱਲ ਰਹੇ ਹਨ, ਉਥੇ ਸਰਕਾਰੀ ਸਕੂਲਾਂ 'ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਉਨ੍ਹਾਂ ਸੰਬੋਧਨ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵਲੋਂ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਆਧੁਨਿਕ ਯੋਜਨਾਵਾਂ ਉਲੀਕੀਆਂ ਜਾ ਰਹੀਆਂ ਹਨ, ਜਿਨ੍ਹਾਂ ਦੇ ਸਾਰਥਿਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਤਰ੍ਹਾਂ ਦੀ ਵੀ ਕਮੀ ਪੰਜਾਬ ਦੇ ਸਕੂਲਾਂ ਅੰਦਰ ਨਹੀਂ ਰਹਿਣ ਦਿੱਤੀ ਜਾਵੇ।

ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਹੀ ਸਫਲਤਾ ਦੀ ਪੂੰਜੀ ਹੈ, ਜਿਸ ਨਾਲ ਹਰ ਉਚ ਮੰਜ਼ਿਲ ਤੱਕ ਪਹੁੰਚਿਆਂ ਜਾ ਸਕਦਾ ਹੈ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਹੋਰ ਸਖਤ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਬਰਨਾਲਾ ਮੈਡਮ ਇੰਦੂ ਸਿਮਕ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਪ੍ਰਾਪਤ ਗ੍ਰਾਂਟਾਂ ਨਾਲ ਬਹੁਤ ਸੁੱਚਜੇ ਤਰੀਕ ਨਾਲ ਸਕੂਲਾਂ ਵਿਚ ਕੰਮ ਕਰਵਾਏ ਜਾ ਰਹੇ ਹਨ ਤਾਂ ਜੋ ਸਕੂਲਾਂ ਵਿਚ ਪੜ੍ਹਾਈ ਦਾ ਪੱਧਰ ਹੋਰ ਉੱਚਾ ਚੱਕਿਆ ਜਾ ਸਕੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਬਰਜਿੰਦਰਪਾਲ ਸਿੰਘ, ਡੀ ਐੱਸ ਐਮ ਰਾਜੇਸ਼ ਕੁਮਾਰ, ਬਲਾਕ ਨੋਡਲ ਅਫ਼ਸਰ ਹਰਪ੍ਰੀਤ ਕੌਰ, ਹੈੱਡ ਮਾਸਟਰ ਕਾਹਣੇਕੇ ਪਰਦੀਪ ਕੁਮਾਰ, ਸਰਕਾਰੀ ਪ੍ਰਾਇਮਰੀ ਸਕੂਲ ਬਡਬਰ ਦੇ ਹੈਡ ਟੀਚਰ ਅਰਵਿੰਦਰ ਕੌਰ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਡਬਰ ਦੇ ਇੰਚਾਰਜ ਜਸਵੀਰ ਕੌਰ, ਅਵਨੀਸ਼ ਕੁਮਾਰ, ਸਿੱਖਿਆ ਕੋਆਰਡੀਨੇਟਰ ਸਤਨਾਮ ਸਿੰਘ ਫਤਹਿ, ਰੋਹਿਤ ਓਸ਼ੋ, ਸਕੂਲ ਦਾ ਸਮੁੱਚਾ ਸਟਾਫ, ਵਿਦਿਆਰਥੀ ਤੇ ਮਾਪੇ ਹਾਜ਼ਰ ਸਨ।

# ਚਪੜ੍ਹ ਵਿਖੇ ਵਿਸ਼ਵ ਗਿਆਨ ਦਿਵਸ ਦੇ ਨਾਂ ਤੇ ਮਨਾਈ ਡਾ. ਅੰਬੇਡਕਰ ਜਯੰਤੀ

## ਹੁਸ਼ਿਆਰ ਵਿਦਿਆਰਥੀ ਤੇ ਨਾਮਵਰ ਸਖਸ਼ੀਅਤਾਂ ਦਾ ਹੋਇਆ ਸਨਮਾਨ - ਜਸਵਿੰਦਰ ਚਪੜ੍ਹ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਪਟਿਆਲਾ- ਅੱਜ ਹਲਕਾ ਘਨੌਰ ਦੇ ਪਿੰਡ ਚਪੜ੍ਹ ਵਿਖੇ ਸ੍ਰੀ ਗੁਰੂ ਰਵਿਦਾਸ ਵੈਲਫੇਅਰ ਕਮੇਟੀ (ਰਜ਼ਿ) - ਸਮੂਹ ਸੰਗਤ ਚਪੜ੍ਹ ਵੱਲੋਂ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ 134 ਵਾਂ ਜਨਮ ਉਤਸਵ - ਵਿਸ਼ਵ ਗਿਆਨ ਦਿਵਸ ਦੇ ਤੌਰ ਤੇ ਬਹੁਤ ਹੀ ਸ਼ਰਧਾ / ਸਤਿਕਾਰ ਨਾਲ ਮਨਾਇਆ ਗਿਆ। ਅੱਜ ਇਥੇ ਨਾਮਵਰ ਸ਼ਖ਼ਸ਼ੀਅਤ ਸ. ਅਮਰਜੀਤ ਸਿੰਘ ਡੀ.ਈ.ਓ., ਸ. ਹਰਦੀਪ ਸਿੰਘ ਚੁੰਬਰ, ਸ. ਸੋਹਣ ਸਿੰਘ , ਸ੍ਰੀ ਫਕੀਰ ਚੰਦ, ਸ. ਜਰਨੈਲ ਸਿੰਘ, ਸ.ਅੰਗਰੇਜ ਸਿੰਘ, ਸ. ਹਰਦੀਪ ਸਿੰਘ ਦੌਣ, ਸ. ਗੁਰਮੁੱਖ ਸਿੰਘ, ਸ. ਗੁਰਪਾਲ ਸਿੰਘ ਪ੍ਰਧਾਨ, ਸ. ਰਾਜਿੰਦਰ ਸਿੰਘ ਬੁਲਾਰਿਆਂ ਨੇ ਬੋਲਦਿਆਂ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜੀਵਨ ਬਾਰੇ ਵਿਚਾਰਾਂ ਕੀਤੀਆਂ ਕਿ ਸਮਾਜ ਦੇ ਹਰ ਇੱਕ ਬੱਚੇ ਨੂੰ ਸਿਹਤ ਦਾ ਧਿਆਨ ਰੱਖ ਕੇ ਵੱਧ ਤੋਂ ਵੱਧ ਵਿੱਦਿਆ ਗ੍ਰਹਿਣ ਕਰਨੀ ਚਾਹੀਦੀ ਹੈ। ਆਪਣੇ ਹੱਕਾਂ ਬਾਰੇ ਜਾਗਰੂਕ ਹੋ ਕੇ ਉਨ੍ਹਾਂ ਦੀ ਰਾਖੀ









ਕਰਨੀ ਚਾਹੀਦੀ ਹੈ। ਸਰਕਾਰ ਦੀਆਂ ਮਿਲ ਰਹੀਆਂ ਸਹੂਲਤਾਂ ਬਾਰੇ ਵੀ ਚਾਨਣਾ ਪਾਇਆ ਗਿਆ। ਸ. ਗੁਰਮੁੱਖ ਰੁੜਕੀ ਅਤੇ ਮਹੇਸ਼ ਪਾਲ ਖੇੜੀ ਦੇ ਗਾਣਿਆਂ ਨੇ ਸਰੋਤਿਆਂ ਦੇ ਮਨ ਮੋਹ ਲਏ। ਪ੍ਰਬੰਧਕਾਂ ਵੱਲੋਂ ਚਪੜ੍ਹ ਸਕੂਲ ਦੇ ਵੱਖ-ਵੱਖ ਜਮਾਤਾਂ ਵਿਚ ਅੱਵਲ ਰਹੇ ਹੁਸ਼ਿਆਰ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਕੀਤਾ। ਗੁਰੂ ਜੀ ਦਾ ਲੰਗਰ ਅਤੁੱਟ ਵਰਤਾਇਆ ਗਿਆ।ਇਸ ਮੌਕੇ ਇੰਦਰਜੀਤ ਸਿੰਘ ਕੋਚ, ਹਾਕਮ ਸਿੰਘ ਉਲਾਣਾ, ਬੂਟਾ ਸਿੰਘ- ਬੰਤ ਸਿੰਘ - ਸਾਹਿਬ ਸਿੰਘ ਝੁੰਗੀਆਂ, ਰਾਮ ਲਾਲ - ਸ. ਲਖਵਿੰਦਰ ਸਿੰਘ - ਸੋਮਾ ਸਿੰਘ ਰਾਠੀਆਂ, ਕਰਮ ਸਿੰਘ ਲੰਗ, ਈਸ਼ਰ ਸਿੰਘ, ਸਿਓ ਰਾਮ, ਹਰਨੇਕ ਸਿੰਘ - ਬਹਾਦਰ ਸਿੰਘ - ਬਚਿੱਤਰ ਸਿੰਘ - ਰਾਏਪੁਰ, ਹਰੀ ਸਿੰਘ ਸਰਪੰਚ - ਪਾਲਾ ਸਿੰਘ, ਮੱਖਣ ਸਿੰਘ - ਸਿਆਲੂ, ਰਾਜਿੰਦਰ ਸਿੰਘ ਸਾਇੰਸ ਮਾਸਟਰ, ਬਲਜੀਤ ਸਿੰਘ ਕੰਪਿਊਟਰ ਫੈਕਲਟੀ, ਲੈਕਚਰਾਰ ਸ੍ਰੀ ਚੰਦਰ ਪ੍ਰਕਾਸ਼ , ਗੁਰਮੀਤ ਸਿੰਘ ਜੋਗੀਪੁਰ, ਸ੍ਰੀ ਗੁਰੂ ਰਵਿਦਾਸ ਵੈਲਫੇਅਰ ਕਮੇਟੀ ਚਪੜ੍ਹ ਦੇ ਪ੍ਰਧਾਨ - ਸ. ਅਮਰੀਕ ਸਿੰਘ ਫੌਜੀ, ਸ. ਗੁਰਸ਼ੇਰ ਸਿੰਘ, ਸ. ਸਰਬਣ ਸਿੰਘ, ਸ. ਹਰਨੇਕ ਸਿੰਘ, ਸ. ਸੁਖਵਿੰਦਰ ਸੁੱਖਾ, ਸ. ਪਰਮਵੀਰ ਸਿੰਘ, ਸ. ਲਖਵੀਰ ਸਿੰਘ, ਸ. ਹਰਜਿੰਦਰ ਸਿੰਘ, ਸ. ਬਲਜਿੰਦਰ ਸਿੰਘ , ਸ. ਦੇਵੀਆ ਸਿੰਘ,ਅਮਨ ਸਿੰਘ , ਸ. ਹਰਵੀਰ ਸਿੰਘ, ਜਸਪ੍ਰੀਤ ਸਿੰਘ, ਰਾਮ ਸਿੰਘ ਮਿਸਤਰੀ, ਰਾਮ ਕਿਸ਼ਨ ਮਹਿਰਾ, ਬਲਦੇਵ ਸਿੰਘ, ਜੈਲਾ ਸਿੰਘ, ਛੋਟਾ ਸਿੰਘ, ਨੇਕ ਸਿੰਘ ਪਰਜਾਪੱਤ, ਗੁਰਸੇਵਕ ਸੇਬੀ, ਮਨਦੀਪ ਸਿੰਘ, ਸੰਦੀਪ ਸਿੰਘ, ਜੱਗਾ ਸਿੰਘ, ਬੀਬੀ ਨਿਰਮਲਾ ਦੇਵੀ ਤੋਂ ਇਲਾਵਾ ਇਲਾਕੇ ਦੀਆਂ ਸੰਗਤਾਂ ਅਤੇ ਸਕੂਲ ਦੇ ਵਿਦਿਆਰਥੀ ਹਾਜਰ ਰਹੇ। ਸ. ਜਸਵਿੰਦਰ ਸਿੰਘ ਚਪੜ੍ਹ ਸਟੇਟ ਅਵਾਰਡੀ ਨੇ ਸਟੇਜ ਸਕੱਤਰ ਦੀ ਭੂਮਿਕਾ ਬਾਖੂਬ ਨਿਭਾਈ।

# ਕਰੁਨ ਕੌੜਾ ਵੱਲੋਂ 'ਸਰਪੰਚ ਯੂਨੀਅਨ ਪੰਜਾਬ' ਪਾਰਟੀ ਦਾ ਗਠਨ, 'ਸਰਪੰਚਾਂ, ਪੰਚਾਂ ਤੇ ਪਿੰਡ ਦੇ ਲੋਕ ਹੱਕਾਂ ਲਈ ਕਰੇਗੀ ਕੰਮ'

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਪਟਿਆਲਾ/ਸਮਾਣਾ 19ਅਪ੍ਰੈਲ 2025 (ਬੇਅੰਤ ਸਿੰਘ ਰੋਹਟੀ ਖਾਸ)

ਸਰਪੰਚ ਯੂਨੀਅਨ ਪੰਜਾਬ ਪ੍ਰਧਾਨ ਕਰੁਨ ਕੌੜਾ ਵੱਲੋਂ ਅੱਜ ਸਰਪੰਚ ਯੂਨੀਅਨ ਪੰਜਾਬ ਪਾਰਟੀ ਦਾ ਗਠਨ ਕੀਤਾ ਗਿਆ, ਜੋ ਕਿ ਸਰਪੰਚਾਂ, ਪੰਚਾਂ ਅਤੇ ਸਾਬਕਾ ਸਰਪੰਚਾਂ, ਮੈਂਬਰਾਂ ਤੇ ਲੋਕ ਹੱਕਾ ਦੇ ਲਈ ਕੰਮ ਕਰੇਗੀ। ਇਸ ਮੌਕੇ ਮੀਡੀਆ ਨੂੰ ਦੱਸਿਆ ਕਿ ਸਰਪੰਚੀ ਇਲੈਕਸ਼ਨਾਂ ਵਿੱਚ ਪੰਜਾਬ ਵਿੱਚ ਇਸ ਵਾਰ ਬਹੁਤ ਸਾਰੇ ਸਰਪੰਚ ਨਵੇਂ ਤੌਰ 'ਤੇ ਪਹਿਲੀ ਵਾਰ ਸਰਪੰਚ ਬਣੇ ਹਨ।

ਕਰੁਨ ਕੌੜਾ ਨੇ ਕਿਹਾ ਕਿ ਜਿਹੜੇ ਸਰਪੰਚਾਂ ਨੂੰ ਕੰਮਕਾਰ ਬਾਰੇ ਘੱਟ ਜਾਣਕਾਰੀ ਹੈ ਜਾਂ ਫਿਰ ਪੋਲੀਟੀਕਲ ਦਬਾਅ ਦੇ ਵਿੱਚ ਉਹ ਕੰਮਕਾਰ ਨਹੀਂ ਕਰ ਪਾ ਰਹੇ, ਇਸ ਲਈ ਸਾਡੇ ਵੱਲੋਂ ਸਰਪੰਚ ਯੂਨੀਅਨ ਪਾਰਟੀ ਦਾ ਗਠਨ ਕੀਤਾ ਗਿਆ ਹੈ। ਇਸ ਵਿੱਚ ਸਾਰੇ ਸਰਪੰਚ ਭੈਣ-ਭਰਾਵਾਂ ਨੂੰ ਨਾਲ ਰੱਖਿਆ ਜਾਵੇਗਾ, ਕਿਸੇ ਨਾਲ ਵੀ ਕਿਸੇ ਪ੍ਰਕਾਰ ਦਾ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਕਰੁਨ ਕੌੜਾ ਨੇ ਦੱਸਿਆ ਕਿ ਇਹ ਐਸੋਸੀਏਸ਼ਨ ਸਰਪੰਚਾਂ ਦੇ ਹੱਕਾਂ ਲਈ ਅੱਗੇ ਵੱਧ ਕੇ ਲੜੇਗੀ



ਤਾਂ ਜੋ ਕਿ ਪਿੰਡਾਂ ਦੇ ਕੰਮ ਬਗੈਰ ਕਿਸੇ ਦਬਾਅ ਤੋਂ ਅਤੇ ਬਿਨ੍ਹਾਂ ਕਿਸੇ ਰੁਕਾਵਟ ਤੋਂ ਕਰਵਾਏ ਜਾ ਸਕਣ, ਦੂਜੇ ਪਾਸੇ ਜਿਹੜੇ ਸਰਪੰਚਾਂ ਨੇ ਪਿੰਡਾਂ ਦੇ ਫਾਇਦੇ ਲਈ ਕੁਝ ਔਖੇ ਫ਼ੈਸਲੇ ਲਏ ਹਨ ਜਾਂ ਲੈਣ ਜਾ ਰਹੇ ਹਨ, ਉਹਨਾਂ ਦੀ ਵੀ ਜਾਨ-ਮਾਲ ਦੀ ਸੁਰੱਖਿਆ ਕੀਤੀ ਜਾ ਸਕੇ ਕਿਉਂਕਿ ਆਪਾਂ ਦੇਖਦੇ ਹਾਂ ਕਿ ਆਏ ਦਿਨ ਪੰਜਾਬ ਵਿੱਚ ਕਿਸੇ ਨਾ ਕਿਸੇ ਸਰਪੰਚ ਨੂੰ ਗੋਲੀ ਮਾਰ ਦਿੱਤੀ ਜਾਂਦੀ ਹੈ ਜਾਂ ਫਿਰ ਕੋਈ ਨਾ ਕੋਈ ਸਰਪੰਚ ਝਗੜੇ ਵਿੱਚ ਉਲਝ ਜਾਂਦਾ ਹੈ।ਇਹ ਸਰਪੰਚ ਯੂਨੀਅਨ ਜੋ ਬਣਾਈ ਗਈ ਹੈ, ਇਹ ਸਰਪੰਚਾਂ ਦੇ ਹੱਕਾਂ ਦਾ ਰਾਖਵੀਕਰਨ ਵੀ ਕਰੇਗੀ ਅਤੇ ਸਰਪੰਚਾਂ ਨੂੰ ਸੋਸ਼ਲ ਸਿਕਉਰਿਟੀ ਵੀ ਦਿੱਤੀ ਜਾਵੇਗੀ ਤਾਂ ਜੋ ਕਿ ਕੋਈ ਵੀ ਦਿੱਕਤ ਹੋਵੇ ਤਾਂ ਸਰੀ ਯੂਨੀਅਨ ਭੈਣ-ਭਰਾ ਬਣਕੇ ਨਾਲ ਖੜ੍ਹੇ ਅਤੇ ਅਫ਼ਸਰਾਂ ਅੱਗੇ ਡੱਟ ਕੇ ਉਹਨਾਂ ਨੇ ਬਣਦੇ ਹੱਕਾਂ ਦਿਵਾਉਣ ਵਿੱਚ ਮਦਦ ਕਰੇ।

ਇਸ ਤੋਂ ਇਲਾਵਾ ਹੋਰ ਕਈ ਤਰ੍ਹਾਂ ਦੀ ਆਨਲਾਈਨ ਸੇਵਾਵਾਂ, ਪੰਚਾਇਤੀ ਜ਼ਮੀਨਾਂ ਦੇ ਪੰਗੇ, ਪੰਚਾਇਤੀ ਜ਼ਮੀਨਾਂ ਦੇ ਕਬਜ਼ੇ, ਪਿੰਡਾਂ ਦੀਆਂ ਗਰਾਂਟਾਂ, ਪਿੰਡਾਂ ਵਿੱਚ ਨਵੇਂ ਪ੍ਰੋਜੈਕਟ ਲਗਾਉਣਾ, ਸੀਐੱਸਆਰ ਦੇ ਵਿੱਚ ਕੰਪਨੀਆਂ ਤੋਂ ਪਿੰਡਾਂ ਲਈ ਗਰਾਂਟਾਂ ਲੈ ਕੇ ਆਉਣਾ ਅਤੇ ਸਮੇਂ-ਸਮੇਂ 'ਤੇ ਅਫ਼ਸਰਾਂ ਨੂੰ ਇੱਕ ਜਗ੍ਹਾ ਬੁਲਾ ਕੇ ਸਾਰੇ ਸਰਪੰਚਾਂ ਨੂੰ ਇੱਕਠੇ ਕਰਕੇ ਉਹਨਾਂ ਦੀ ਮੀਟਿੰਗ ਕਰਵਾ ਕੇ ਸਰਪੰਚਾਂ ਦੇ ਮਸਲੇ ਹੱਲ ਕਰਵਾਉਣ ਇਹ ਯੂਨੀਅਨ ਦਾ ਅਹਿਮ ਏਜੰਡਾ ਹੋਵੇਗਾ।

ਇਸ ਸਰਪੰਚ ਯੂਨੀਅਨ ਦੇ ਵਿੱਚ ਕੋਈ ਵੀ ਬੰਦਾ ਚਾਹੇ ਉਹ ਸਾਬਕਾ ਸਰਪੰਚ ਹੈ ਜਾਂ ਫਿਰ ਮੌਜੂਦਾ ਸਰਪੰਚ ਹੈ ਜਾਂ ਫਿਰ ਸਰਪੰਚ ਪੰਚ ਜਾਂ ਫਿਰ ਮੌਜੂਦਾ ਪੰਚ, ਕੋਈ ਵੀ ਸੋਸ਼ਲ ਐਕਟੀਵਿਸਟ, ਸਮਾਜ ਸੇਵੀ, ਪਿੰਡ ਦਾ ਮੋਹਤਰਵਰ ਬੰਦਾ ਮੈਂਬਰਸ਼ਿਪ ਲੈ ਸਕਦਾ ਹੈ। ਜਿਸਦੀ ਕੋਈ ਵੀ ਮੈਂਬਰਸ਼ਿਪ ਫੀਸ ਨਹੀਂ ਹੈ, ਇਸ ਸਰਪੰਚ ਯੂਨੀਅਨ ਪਿੰਡਾਂ ਦੀ ਕਾਇਆ ਪਲਟ ਬਹੁਤ ਜਲਦੀ ਕਰੇਗੀ ਇਸੇ ਲਈ ਸਭ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਲੋਕ ਇਸ ਐਸੋਸੀਏਸ਼ਨ ਦੇ ਵਿੱਚ ਇਸ ਯੂਨੀਅਨ ਨਾਲ ਜੁੜੇ ਤਾਂ ਜੋ ਕਿ ਪਿੰਡਾਂ ਦੀ ਨੁਹਾਰ ਬਦਲੀ ਜਾ ਸਕੇ।

ਖ਼ਾਸ ਕਰਕੇ ਅਸੀਂ ਪਟਿਆਲਾ ਜ਼ਿਲ੍ਹੇ ਦੇ ਪਿੰਡਾਂ ਦੀ ਨੁਹਾਰ ਬਦਲ ਸਕੀਏ, ਜਿੱਥੇ-ਜਿੱਥੇ ਸਰਪੰਚਾਂ ਨੂੰ ਜਾਂ ਪਿੰਡ ਦੇ ਕਿਸੇ ਵੀ ਵਿਅਕਤੀ ਨੂੰ ਯੂਨੀਅਨ ਜਾਂ ਕਰੁਨ ਕੌੜਾ ਦੇ ਐਨਜੀਓ ਓਮ ਫਾਊਂਡੇਸ਼ਨ ਜਾਂ ਫਿਰ ਕਰੁਨ ਕੌੜਾ ਦੀ ਲੋੜ ਹੋਵੇਗੀ, ਇਸ ਯੂਨੀਅਨ ਦੇ ਬੰਦੇ ਉਹਨਾਂ ਨੂੰ ਕਰੁਨ ਕੌੜਾ ਤੱਕ ਪਹੁੰਚਾਉਣ ਦਾ ਮਾਧਿਅਮ ਬਣਨਗੇ ਅਤੇ ਉਹਨਾਂ ਦੇ ਬਣਦੇ ਹੱਕਾਂ ਦੀ ਰਾਖੀ ਕਰਨਗੇ ਤੇ ਕਿਸੇ ਵੀ ਮੁਸ਼ਕਿਲ ਜਾਂ ਫਿਰ ਕੋਰਟ ਕਚਹਿਰੀ , ਥਾਣੇ ਦੇ ਕੰਮਾਂ ਵਿੱਚ ਨਾਲ ਖੜ੍ਹ ਕੇ ਮਦਦ ਕਰਨਗੇ।

ਇਸ ਮੌਕੇ 'ਤੇ ਜਗਦੀਸ਼ ਕੁਮਾਰ ਅਗਰਵਾਲ, ਲਲੀਤ ਕੁਮਾਰ ਸ਼ਰਮਾ, ਭਗਵੰਤ ਸਿੰਘ, ਅਮਰਜੀਤ ਸਿੰਘ (ਸਾਬਕਾ ਸਰਪੰਚ), ਸੋਨੀ ਮਾਜਰੀ (ਪ੍ਰਧਾਨ ਭਾਵਾਦਾਸ ਪਟਿਆਲਾ ਸ਼ਹਿਰੀ), ਪਰਮਿੰਦਰ ਸਿੰਘ ਕਲਿਆਣ, ਕੁਲਵਿੰਦਰ ਸਿੰਘ ਭੰਗੂ, ਨੀਰਜ ਸ਼ਰਮਾ ਅਤੇ ਮੰਗਲ ਸਿੰਘ ਜਾਹਲਾ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ।

# ਹਰਜੋਤ ਬੈਂਸ ਨੇ ਨੰਗਲ ਦੀ ਗੁਆਚੀ ਸ਼ਾਨ ਬਹਾਲ ਕਰਨ ਲਈ ਕੇਂਦਰੀ ਬਿਜਲੀ ਮੰਤਰੀ ਤੋਂ ਦਖ਼ਲ ਮੰਗਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਨੰਗਲ ਦੀ ਗੁਆਚੀ ਸ਼ਾਨ ਨੂੰ ਬਹਾਲ ਕਰਨ ਅਤੇ ਸ਼ਹਿਰ ਦੇ ਵਸਨੀਕਾਂ ਦੇ ਜੀਵਨ-ਪੱਧਰ ਨੂੰ ਹੋਰ ਬਿਹਤਰ ਬਣਾਉਣ ਲਈ ਪੰਜਾਬ ਦੇ ਸਿੱਖਿਆ ਮੰਤਰੀ ਅਤੇ ਸ੍ਰੀ ਅਨੰਦਪੁਰ ਸਾਹਿਬ ਤੋਂ ਵਿਧਾਇਕ ਸ. ਹਰਜੋਤ ਸਿੰਘ ਬੈਂਸ ਨੇ ਅੱਜ ਚੰਡੀਗੜ੍ਹ ਵਿਖੇ ਕੇਂਦਰੀ ਬਿਜਲੀ ਮੰਤਰੀ ਸ੍ਰੀ ਮਨੋਹਰ ਲਾਲ ਖੱਟਰ ਨਾਲ ਮੁਲਾਕਾਤ ਕੀਤੀ ਅਤੇ ਭਾਖੜਾ ਨੰਗਲ ਡੈਮ ਦੇ ਆਲੇ-ਦੁਆਲੇ ਵਸੇ ਇਸ ਸ਼ਹਿਰ ਨੂੰ ਦੀ ਸ਼ਾਨ ਨੂੰ ਮੁੜ ਸੁਰਜੀਤ ਕਰਨ ਮੰਗ ਰੱਖੀ।

ਨੰਗਲ ਨੂੰ ਇੱਕ ਮਾਡਲ ਸ਼ਹਿਰ ਅਤੇ ਵਿਸ਼ਵ ਪੱਧਰੀ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ ਲਈ ਕੇਂਦਰੀ ਮੰਤਰੀ ਤੋਂ ਨਿੱਜੀ ਦਖ਼ਲ ਦੀ ਮੰਗ ਕਰਦਿਆਂ ਸ. ਹਰਜੋਤ ਬੈਂਸ ਨੇ ਕੇਂਦਰੀ ਮੰਤਰੀ ਅੱਗੇ ਵੱਖ-ਵੱਖ ਪ੍ਰਾਜੈਕਟਾਂ ਦਾ ਪ੍ਰਸਤਾਵ ਰੱਖਿਆ, ਜਿਸ ਵਿੱਚ ਇੱਕ ਵਿਆਪਕ ਟਾਊਨਸ਼ਿਪ ਵਿਕਸਿਤ ਕਰਨ



ਦੇ ਨਾਲ-ਨਾਲ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਲਈ ਨੰਗਲ ਲੇਕ ਰਿਵਰਫਰੰਟ ਦੇ ਆਲੇ-ਦੁਆਲੇ ਦੇ ਖੇਤਰ ਦਾ ਵਿਕਾਸ, ਮਨਮੋਹਕ ਦ੍ਰਿਸ਼ਾਂ ਨਾਲ ਲਬਰੇਜ ਸੁੰਦਰ ਰੇਲਵੇ ਲਾਈਨ ਵਿਛਾਉਣਾ ਅਤੇ ਭਾਖੜਾ ਨੰਗਲ ਡੈਮ ਅਜਾਇਬ ਘਰ ਦੇ ਉਸਾਰੀ ਕਾਰਜ ਨੂੰ ਪੂਰਾ ਕਰਨਾ ਸ਼ਾਮਲ ਸੀ।

ਨੰਗਲ ਦੀ ਇਤਿਹਾਸਕ ਮਹੱਤਤਾ 'ਤੇ ਜ਼ੋਰ ਦਿੰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਇਸ ਸ਼ਹਿਰ ਨੂੰ ਆਜ਼ਾਦੀ ਤੋਂ ਬਾਅਦ ਭਾਰਤ ਦੀ ਤਰੱਕੀ ਦੀ ਇੱਕ ਸ਼ਾਨਦਾਰ ਮਿਸਾਲ ਵਜੋਂ ਉਜਾਗਰ ਕੀਤਾ। ਉਨ੍ਹਾਂ ਨੇ 1960 ਅਤੇ 70 ਦੇ ਦਹਾਕੇ ਵਿੱਚ ਇਸ ਸ਼ਹਿਰ ਦੇ ਸੁਨਹਿਰੀ ਯੁੱਗ ਨੂੰ ਯਾਦ ਕੀਤਾ, ਜਦੋਂ ਇਸਨੂੰ ਭਾਰਤ ਦੇ ਸਭ ਤੋਂ ਸੁੰਦਰ, ਯੋਜਨਾਬੱਧ ਅਤੇ ਜੀਵੰਤ ਸ਼ਹਿਰਾਂ ਵਿੱਚੋਂ ਇੱਕ ਗਿਣਿਆ ਜਾਂਦਾ ਸੀ। ਇਸ ਸ਼ਹਿਰ ਦੇ ਸੁੰਦਰ ਰੁੱਖਾਂ ਨਾਲ ਲੱਦੇ ਰਾਹ, ਢਾਂਚਾਗਤ ਖਾਕਾ ਅਤੇ ਅਮੀਰ ਸੱਭਿਆਚਾਰਕ ਜੀਵਨ-ਸ਼ੈਲੀ ਪੰਜਾਬ ਅਤੇ ਪੂਰੇ ਦੇਸ਼ ਲਈ ਮਾਣ ਦਾ ਸਰੋਤ ਸੀ। ਹਾਲਾਂਕਿ, ਸਿੱਖਿਆ ਮੰਤਰੀ ਨੇ ਸਮੇਂ ਦੇ ਬੀਤਣ ਨਾਲ ਇਸ ਸ਼ਹਿਰ ਦੇ ਜੋਬਨ ਦੇ ਹੌਲੀ-ਹੌਲੀ ਗੁਆਚ ਜਾਣ ਉੱਤੇ ਅਫ਼ਸੋਸ ਜ਼ਾਹਿਰ ਕਰਦਿਆਂ ਕਿਹਾ ਕਿ ਹੁਣ ਇਹ ਸ਼ਹਿਰ "ਖੰਡਰ" ਬਣ ਕੇ ਰਹਿ ਗਿਆ ਹੈ, ਜੋ ਇਸਦੇ ਸ਼ਾਨਦਾਰ ਅਤੀਤ ਦਾ ਮਹਿਜ਼ ਇੱਕ ਪਰਛਾਵਾਂ ਮਾਤਰ ਹੈ।

ਸ਼ਹਿਰ ਵਿੱਚ ਇੱਕ ਵਿਆਪਕ ਟਾਊਨਸ਼ਿਪ ਵਿਕਸਿਤ ਕਰਨ ਦਾ ਪ੍ਰਸਤਾਵ ਰੱਖਦਿਆਂ ਸ. ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਨੰਗਲ ਵਿੱਚ ਬੁਨਿਆਦੀ ਸ਼ਹਿਰੀ ਸਹੂਲਤਾਂ ਦੀ ਵੀ ਘਾਟ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਵਿੱਚ ਢੁਕਵੀਂ ਖਾਲੀ ਜ਼ਮੀਨ ਹੋਣ ਦੇ ਬਾਵਜੂਦ ਇਥੇ ਸਿਨੇਮਾ ਹਾਲ, ਸ਼ਾਪਿੰਗ ਕੰਪਲੈਕਸ ਅਤੇ ਮਨੋਰੰਜਨ ਕੇਂਦਰ ਨਹੀਂ ਹਨ। ਸ. ਹਰਜੋਤ ਸਿੰਘ ਬੈਂਸ ਨੇ ਸੁਝਾਅ ਦਿੱਤਾ ਕਿ ਪਾਰਦਰਸ਼ੀ ਪ੍ਰਕਿਰਿਆ ਤਹਿਤ ਜ਼ਮੀਨ ਦੇ ਇੱਕ ਹਿੱਸੇ ਨੂੰ ਲੀਜ਼ 'ਤੇ ਦੇਣ ਨਾਲ ਸ਼ਹਿਰ ਦਾ ਮੁਹਾਂਦਰਾ ਬਦਲ ਸਕਦਾ ਹੈ, ਜਿਥੇ ਮਨੋਰੰਜਕ ਗਤੀਵਿਧੀਆਂ ਲਈ ਜ਼ੋਨ, ਸ਼ਾਪਿੰਗ ਆਰਕੇਡ, ਅਰਬਨ ਪਾਰਕ ਅਤੇ ਰੋਜ਼ਗਾਰ ਕੇਂਦਰ ਬਣ ਸਕਦੇ ਹਨ। ਇਹ ਨਾ ਸਿਰਫ਼ ਸ਼ਹਿਰ ਦੇ ਵਸਨੀਕਾਂ ਦੇ ਜੀਵਨ-ਪੱਧਰ ਨੂੰ ਉੱਚਾ ਚੁੱਕੇਗਾ ਬਲਕਿ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀ.ਬੀ.ਐਮ.ਬੀ.) ਲਈ ਬਾਕਾਇਦਾ ਮਾਲੀਆ ਦਾ ਸਰੋਤ ਵੀ ਬਣ ਸਕੇਗਾ।

ਬਾਕੀ ਸਫਾ 12 ਤੇ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

# ਐਂਟ-ਲਾਇਨ ਆਪਟੀਮਾਈਜੇਸ਼ਨ: ਕੁਦਰਤ ਤੋਂ ਪ੍ਰੇਰਿਤ ਇੱਕ ਨਵਾਂ ਤੇ ਪ੍ਰਭਾਵਸ਼ਾਲੀ ਐਲਗੋਰਿਦਮ



ਡਾ. ਅਮਰ ਪ੍ਰਤਾਪ ਸਿੰਘ ਫਰਵਾਹਾ, ਪ੍ਰੋਫੈਸਰ, ਈਸੀਈ ਵਿਭਾਗ, ਸੰਤ ਲੌਂਗੋਵਾਲ ਇੰਜੀਨੀਅਰਿੰਗ ਅਤੇ ਤਕਨੀਕੀ ਸੰਸਥਾਨ, ਲੌਂਗੋਵਾਲ-148106, ਜਿਲਾ ਸੰਗਰੂਰ, ਪੰਜਾਬ।

ਕੁਦਰਤ ਸਿਰਫ਼ ਰੂਪ, ਰੰਗ ਤੇ ਨਜ਼ਾਰੇ ਹੀ ਨਹੀਂ ਦਿੰਦੀ, ਬਲਕਿ ਇਹ ਸਾਡੀ ਸਿੱਖਣ ਦੀ ਪ੍ਰਕਿਰਿਆ ਲਈ ਵੀ ਇੱਕ ਮਹਾਨ ਅਧਿਆਪਕ ਹੈ। ਕੁਦਰਤ ਵਿੱਚ ਰਹਿਣ ਵਾਲੇ ਜੀਵ, ਜਿਵੇਂ ਕਿ ਕੀੜੀਆਂ, ਭੌਂਰੇ, ਜਾਂ ਐਂਟ-ਲਾਇਨ (ਕੀੜੀ-ਸ਼ੇਰ), ਆਪਣੇ ਜੀਵਨ ਦੀਆਂ ਮੁਸ਼ਕਲਾਂ ਨੂੰ ਦੂਰ ਕਰਨ ਲਈ, ਜੋ ਰਣਨੀਤੀਆਂ ਵਿਕਸਤ ਕਰਦੇ ਹਨ, ਉਨ੍ਹਾਂ ਤੋਂ ਪ੍ਰੇਰਿਤ ਹੋਕੇ, ਵਿਗਿਆਨੀਆਂ ਨੇ, ਅਨੇਕ ਤਕਨੀਕਾਂ ਬਣਾਈਆਂ ਹਨ। ਇਨ੍ਹਾਂ ਵਿਚੋਂ ਇੱਕ ਵਿਸ਼ੇਸ਼ ਤੇ ਨਵੀਂ ਤਕਨੀਕ ਹੈ, ਐਂਟ-ਲਾਇਨ ਆਪਟੀਮਾਈਜੇਸ਼ਨ, ਜੋ ਕਿ ਐਂਟ-ਲਾਇਨ ਦੀ ਕੁਦਰਤੀ ਸ਼ਿਕਾਰ ਕਰਨ ਦੀ ਰਣਨੀਤੀ ਤੇ ਆਧਾਰਿਤ ਹੈ।

## ਐਂਟ-ਲਾਇਨ ਕੀ ਹੁੰਦੇ ਹਨ?

ਐਂਟ-ਲਾਇਨ ਇੱਕ ਛੋਟਾ ਜਿਹਾ ਕੀੜਾ ਹੁੰਦਾ ਹੈ, ਜਿਸਨੂੰ ਅਕਸਰ "ਕੀੜੀ-ਸ਼ੇਰ" ਦੇ ਨਾਂ ਨਾਲ ਵੀ ਜਾਣਿਆ ਜਾਂਦਾ ਹੈ। ਇਹ ਕੀੜਾ ਖਾਸ ਤੌਰ ਤੇ ਆਪਣੀ ਸ਼ਿਕਾਰੀ ਯੋਜਨਾ ਲਈ ਪ੍ਰਸਿੱਧ ਹੈ। ਇਹ ਮਿੱਟੀ ਵਿੱਚ ਇਕ ਗੋਲ ਅਤੇ ਡੂੰਘਾ ਖੱਡਾ ਤਿਆਰ ਕਰਦਾ ਹੈ ਜਿਸਦਾ ਮੁੱਖ ਉਦੇਸ਼ ਹੁੰਦਾ ਹੈ ਆਪਣੇ ਸ਼ਿਕਾਰ (ਜਿਵੇਂ ਕਿ ਕੀੜੀਆਂ ਜਾਂ ਹੋਰ ਛੋਟੇ ਕੀਟ) ਨੂੰ ਫਸਾਣਾ। ਜਦੋਂ ਕੋਈ ਕੀੜੀ ਜਾਂ ਹੋਰ ਛੋਟਾ ਕੀਟ, ਉਸ ਖੱਡੇ ਵਿਚ ਡਿੱਗਦਾ ਹੈ, ਤਾਂ ਐਂਟ-ਲਾਇਨ ਤੁਰੰਤ ਹਮਲਾ ਕਰਦਾ ਹੈ ਅਤੇ ਉਨ੍ਹਾਂ ਨੂੰ ਆਪਣਾ ਭੋਜਨ ਬਣਾ ਲੈਂਦਾ ਹੈ। ਇਹ ਵਿਧੀ ਸਰਲ, ਲਚਕੀਲੀ ਅਤੇ ਬਹੁਤ ਪ੍ਰਭਾਵਸ਼ਾਲੀ ਹੁੰਦੀ ਹੈ।

## ਐਂਟ-ਲਾਇਨ ਆਪਟੀਮਾਈਜੇਸ਼ਨ ਕੀ ਹੈ?

ਐਂਟ-ਲਾਇਨ ਆਪਟੀਮਾਈਜੇਸ਼ਨ ਇੱਕ ਕੁਦਰਤ-ਪ੍ਰੇਰਿਤ ਮੈਟਾਹਿਊਰਿਸਟਿਕ ਐਲਗੋਰਿਦਮ ਹੈ, ਜਿਸਨੂੰ 2015 ਵਿੱਚ, ਆਸਟਰੇਲੀਆ ਦੇ ਇੱਕ ਪ੍ਰੋਫੈਸਰ, ਮਿਰਜਾਅਲੀ ਅਤੇ ਉਸ ਦੀ ਟੀਮ ਨੇ ਵਿਕਸਤ ਕੀਤਾ। ਇਹ ਐਲਗੋਰਿਦਮ, ਆਪਟੀਮਾਈਜੇਸ਼ਨ ਦੀ ਦੁਨੀਆਂ ਵਿੱਚ, ਇੱਕ ਨਵਾਂ ਤੇ ਵਧੀਆ ਜੋੜ ਸਾਬਤ ਹੋਇਆ ਹੈ, ਖਾਸ ਕਰਕੇ ਉਨ੍ਹਾਂ ਖੇਤਰਾਂ ਵਿੱਚ ਜਿੱਥੇ ਬਲਪੂਰਕ ਸਰਚ ਜਾਂ ਜ਼ਬਰਦਸਤੀ ਖੋਜ, ਸੰਭਵ ਨਹੀਂ ਹੁੰਦੀ। ਬਲਪੂਰਕ ਸਰਚ ਵਿਧੀ ਵਿੱਚ, ਸਾਰੇ ਸੰਭਾਵਿਤ ਹੱਲਾਂ ਨੂੰ, ਇੱਕ-ਇੱਕ ਕਰਕੇ ਜਾਂਚਿਆ ਜਾਂਦਾ ਹੈ। ਜਿਸ ਤਰ੍ਹਾਂ, ਕੀੜੀ-ਸ਼ੇਰ ਆਪਣੇ ਸਥਾਨ ਤੇ ਰਹਿੰਦੇ ਹੋਏ, ਆਪਣੇ ਵਾਤਾਵਰਣ ਦੀ ਵਰਤੋਂ ਕਰਕੇ, ਸ਼ਿਕਾਰ ਨੂੰ ਫਸਾਉਂਦਾ ਹੈ, ਉਸੇ ਤਰੀਕੇ ਨਾਲ ਇਹ ਐਲਗੋਰਿਦਮ, ਇਸ ਸੰਕਲਪ ਨੂੰ ਦੋਹਰਾਉਂਦੇ ਹੋਏ, ਵੱਖ ਵੱਖ ਸਾਇੰਸ ਅਤੇ ਟੈਕਨੋਲੋਜੀ ਦੀਆਂ ਜਟਲ ਸਮੱਸਿਆਵਾਂ ਦਾ, ਹੱਲ ਲੱਭਣ ਲਈ, ਵਰਤਿਆ ਜਾਂਦਾ ਹੈ।



(a) (b) (c) (d) (e) (f)

## ਐਂਟ-ਲਾਇਨ ਆਪਟੀਮਾਈਜੇਸ਼ਨ ਦੀ ਕੰਮ ਕਰਨ ਦੀ ਵਿਧੀ:

ਐਂਟ-ਲਾਇਨ ਆਪਟੀਮਾਈਜੇਸ਼ਨ ਐਲਗੋਰਿਦਮ, ਦੀ ਕੰਮ ਕਰਨ ਦੀ ਪ੍ਰਕਿਰਿਆ, ਕੁਦਰਤੀ ਐਂਟ-ਲਾਇਨ ਦੀ ਸ਼ਿਕਾਰੀ ਰਣਨੀਤੀ ਨੂੰ ਅਨੁਕਰਣ ਕਰਦੀ ਹੈ। ਇਸ ਵਿੱਚ ਹੇਠ ਲਿਖੀਆਂ ਮੁੱਖ ਚਾਰ ਭੂਮਿਕਾਵਾਂ ਹੁੰਦੀਆਂ ਹਨ:

1. ਕੀੜੀਆਂ: ਇਹ ਅਨੁਸੰਧਾਨਕ ਹਨ, ਜੋ ਹੱਲ ਲੱਭਣ ਲਈ ਸਰਚ ਸਪੇਸ ਵਿੱਚ ਇਧਰ-ਉਧਰ ਘੁੰਮਦੀਆਂ ਹਨ। ਇਨ੍ਹਾਂ ਦੀ ਹਲਚਲ, ਰੈਂਡਮ ਵਾਕ, ਦੇ ਰੂਪ ਵਿੱਚ ਦਰਸਾਈ ਜਾਂਦੀ ਹੈ।
2. ਐਂਟ-ਲਾਇਨ: ਇਹ ਸਰਚ ਸਪੇਸ ਵਿੱਚ ਆਪਣੀ ਸਥਿਤੀ ਬਣਾਈ ਰੱਖਦੇ ਹਨ ਤੇ ਵਧੀਆ ਹੱਲ ਦੀ ਉਡੀਕ ਕਰਦੇ ਹਨ। ਜਿਵੇਂ ਜਿਵੇਂ ਕੀੜੀਆਂ ਵਧੀਆ ਹੱਲ ਪੇਸ਼ ਕਰਦੀਆਂ ਹਨ, ਐਂਟ-ਲਾਇਨ ਆਪਣੀ ਸਥਿਤੀ ਨੂੰ ਅਪਡੇਟ ਕਰਦੇ ਹਨ।
3. ਜਾਲ ਤੇ ਫੜਨ ਦੀ ਨਕਲ: ਐਲਗੋਰਿਦਮ, ਕੀੜੀਆਂ ਨੂੰ ਐਂਟ-ਲਾਇਨ ਦੇ ਖੱਡੇ ਵਿੱਚ ਫਸਣ ਦੀ ਤਰ੍ਹਾਂ ਸਿਮੂਲੇਟ ਕਰਦਾ ਹੈ, ਜਿਥੇ ਕੀੜੀ ਦੀ ਹਲਚਲ (ਮੂਵਮੈਂਟ), ਉਨ੍ਹਾਂ ਲਾਈਨਾਂ ਤੱਕ ਸੀਮਤ ਹੋ ਜਾਂਦੀ ਹੈ ਜੋ ਐਂਟ-ਲਾਇਨ ਨੇ ਪ੍ਰਭਾਸ਼ਿਤ ਕੀਤੀਆਂ ਹੁੰਦੀਆਂ ਹਨ।
4. ਪ੍ਰਕਿਰਿਆ ਦੀ ਦੁਹਰਾਈ: ਇਹ ਪ੍ਰਕਿਰਿਆ ਕਈ ਵਾਰ ਦੁਹਰਾਈ ਜਾਂਦੀ ਹੈ, ਜਿਸ ਦੌਰਾਨ ਸਿਸਟਮ ਹੌਲੀ-ਹੌਲੀ ਵਧੀਆ ਹੱਲ ਵੱਲ ਵੱਧਦਾ ਜਾਂਦਾ ਹੈ।

## ਵਰਤੋਂ ਦੇ ਖੇਤਰ:

ਇਹ ਗਣਿਤਕ ਤਰੀਕਾ, ਕੁਝ ਅਜਿਹੀਆਂ ਸਮੱਸਿਆਵਾਂ ਦਾ ਹੱਲ ਲੱਭਣ ਲਈ ਵਰਤਿਆ ਜਾਂਦਾ ਹੈ, ਜਿੱਥੇ ਸਹੀ ਹੱਲ ਲੱਭਣਾ ਮੁਸ਼ਕਲ ਹੋਵੇ, ਪਰ ਇਕ ਉੱਤਮ ਸੰਭਾਵਨਾ ਵਾਲਾ ਹੱਲ ਲੱਭਣਾ ਜਰੂਰੀ ਹੋਵੇ, ਜਿਵੇਂ ਕਿ, ਮਸ਼ੀਨ ਲਰਨਿੰਗ, ਇੰਜੀਨੀਅਰਿੰਗ ਡਿਜ਼ਾਇਨ, ਚਿੱਤਰ ਪ੍ਰੋਸੈਸਿੰਗ, ਅਰਥਸ਼ਾਸਤਰ ਅਤੇ ਕਾਰੋਬਾਰ, ਆਦਿ। ਇਹ ਐਲਗੋਰਿਦਮ, ਵਿਸ਼ਵ-ਪੱਧਰੀ (ਗਲੋਬਲ) ਹੱਲ ਲੱਭਣ ਦੀ ਯੋਗਤਾ ਰੱਖਦਾ ਹੈ। ਇਸ ਐਲਗੋਰਿਦਮ ਦੀ ਵਰਤੋਂ, ਇੱਕ ਕੰਪਿਊਟਰ ਪ੍ਰੋਗਰਾਮ ਦੇ ਤੌਰ ਤੇ, ਜਟਲ ਸਮੱਸਿਆਵਾਂ ਦੇ ਹੱਲ ਲਈ ਵਰਤੀ ਜਾਂਦੀ ਹੈ। ਇਹ ਤਰੀਕਾ, ਮਸ਼ੀਨਾਂ ਵਿੱਚ, ਆਰਟੀਫਿਸ਼ਅਲ ਇੰਟੈਲੀਜੈਂਸ ਦੀ ਉਤਪੱਤੀ ਲਈ ਵੀ, ਵਿਸ਼ੇਸ਼ ਤੌਰ ਤੇ ਵਰਤਿਆ ਜਾਂਦਾ ਹੈ।

## ਮਨੁੱਖਤਾ ਲਈ ਸੰਦੇਸ਼:

ਐਂਟ-ਲਾਇਨ ਆਪਟੀਮਾਈਜੇਸ਼ਨ ਸਾਨੂੰ ਇਹ ਸਿੱਖਿਆ ਦਿੰਦਾ ਹੈ, ਕਿ ਕੁਦਰਤ ਵਿੱਚ ਹਰ ਜੀਵ ਦੀ ਰਣਨੀਤੀ ਵਿਚ, ਇਕ ਗਿਆਨ ਛੁਪਿਆ ਹੁੰਦਾ ਹੈ। ਜਿਵੇਂ ਇੱਕ ਛੋਟਾ ਜਿਹਾ ਕੀੜੀ-ਸ਼ੇਰ, ਆਪਣੀ ਚਤੁਰਾਈ ਨਾਲ, ਆਪਣੇ ਵੱਡੇ ਤੋਂ ਵੱਡੇ ਸ਼ਿਕਾਰ ਨੂੰ ਫੜ ਲੈਂਦਾ ਹੈ, ਓਸੇ ਤਰ੍ਹਾਂ ਮਨੁੱਖ ਵੀ, ਆਪਣੇ ਜੀਵਨ ਦੀਆਂ ਸਮੱਸਿਆਵਾਂ ਲਈ, ਜੇਕਰ ਉਹ ਧਿਆਨ ਅਤੇ ਅਭਿਆਸ ਨਾਲ, ਕੁਦਰਤ ਦੀਆਂ ਰਣਨੀਤੀਆਂ ਨੂੰ ਸਮਝਣ, ਸਿੱਖਣ ਅਤੇ ਅਪਣਾਉਣ, ਤਾਂ ਉਹ ਹਰ ਸੰਕਟ ਦਾ ਹੱਲ ਲੱਭ ਸਕਦੇ ਹਨ।

## ਨਤੀਜਾ:

ਐਂਟ-ਲਾਇਨ ਆਪਟੀਮਾਈਜੇਸ਼ਨ ਇੱਕ ਪ੍ਰਮਾਣ ਹੈ ਕਿ ਕੁਦਰਤ ਅੰਦਰੂਨੀ ਤੌਰ ਤੇ ਆਪਟੀਮਾਈਜੇਸ਼ਨ ਕਰਦੀ ਹੈ। ਜੇ ਅਸੀਂ ਵੀ ਉਸ ਦੀ ਰੀਤ ਨੂੰ ਅਪਣਾ ਲਈਏ, ਤਾਂ ਅਸੀਂ ਇੰਜੀਨੀਅਰਿੰਗ ਤੋਂ ਲੈ ਕੇ ਜੀਵਨ ਦੇ ਹਰ ਖੇਤਰ ਵਿੱਚ, ਪ੍ਰਭਾਵਸ਼ਾਲੀ ਹੱਲ ਲੱਭ ਸਕਦੇ ਹਾਂ। ਕਹਾਣੀ ਕੀੜੀ ਅਤੇ ਕੀੜੀ-ਸ਼ੇਰ ਦੀ ਹੈ, ਪਰ ਸਿੱਖਿਆ ਇਹ ਹੈ ਕਿ ਜਿਥੇ ਮਿਹਨਤ ਅਤੇ ਚਤੁਰਾਈ ਮਿਲ ਜਾਂਦੀ ਹੈ, ਉਥੇ ਹਰੇਕ ਸਮੱਸਿਆ ਦਾ ਹੱਲ ਸੰਭਵ ਹੋ ਜਾਂਦਾ ਹੈ।

# ਕਿਸਾਨ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾ ਕੇ ਕੀਤੀ ਗਈ ਮੰਡੀ ਚ ਕਣਕ ਦੀ ਖਰੀਦ ਦੀ ਸੁਰੂਆਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਸ੍ਰੀ ਚਮਕੌਰ ਸਾਹਿਬ 19 ਅਪ੍ਰੈਲ (ਹਰਦਿਆਲ ਸਿੰਘ ਸੰਧੂ) ਸ੍ਰੀ ਚਮਕੌਰ ਸਾਹਿਬ ਦੇ ਨਜਦੀਕੀ ਪਿੰਡ ਹਾਫਿਜਾਬਾਦ ਦੀ ਦਾਣਾ ਮੰਡੀ ਵਿਖੇ ਆਪਣੀ ਕਣਕ ਦੀ ਫਸਲ ਲੈ ਕੇ ਆਏ ਕਿਸਾਨ ਨਰਿੰਦਰ ਸਿੰਘ ਦਾ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਕੇ ਖਰੀਦ ਸ਼ੁਰੂ ਕਰਵਾਈ ਗਈ। ਜਿਸਦੇ ਸਬੰਧ ਚ ਜਾਣਕਾਰੀ ਦਿੰਦਿਆਂ ਹੋਇਆਂ ਮਾਰਕੀਟ ਕਮੇਟੀ ਦੇ ਚੇਅਰਮੈਨ ਸਕਿੰਦਰ ਸਿੰਘ ਸਹੇੜੀ ਨੇ ਦੱਸਿਆ ਕਿ ਦਾਣਾ ਮੰਡੀ ਹਾਫਿਜਾਬਾਦ ਵਿਚ ਕਿਸਾਨ ਨਰਿੰਦਰ ਸਿੰਘ ਫੌਜੀ ਜਿਸਦਾ ਕਿ 25 ਕੁਇੰਟਲ ਕਣਕ ਮੰਡੀ ਚ ਲੈ ਕੇ ਆਉਣ ਤੇ ਲੱਡੂਆਂ ਨਾਲ ਮੂੰਹ ਮਿੱਠਾ ਕਰਵਾਕੇ ਖਰੀਦ ਦੀ ਸ਼ੁਰੂਆਤ ਕਰਵਾਈ ਗਈ। ਉਹਨਾਂ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਕਿਸਮ ਦੀ ਕੋਈ ਵੀ ਪ੍ਰੇਸਾਨੀ ਅਤੇ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਤੇ ਸਮੇਂ ਸਿਰ ਕਿਸਾਨਾਂ ਦੀ ਫਸਲ ਦੀ ਅਦਾਇਗੀ ਉਨਾਂ ਦੇ ਖਾਤਿਆਂ ਚ ਨਾਲ ਦੀ ਨਾਲ ਕੀਤੀ ਜਾਵੇਗੀ । ਇਸ ਮੌਕੇ ਚੇਅਰਮੈਨ ਸਕਿੰਦਰ ਸਿੰਘ ਸਹੇੜੀ, ਸਕੱਤਰ ਮਾਰਕੀਟ ਕਮੇਟੀ ਅਰਵਿੰਦ ਸਿੰਘ, ਮੰਡੀ ਸੁਪਰਵਾਈਜ਼ਰ ਪਰਮਜੀਤ ਸਿੰਘ, ਮੰਡੀ ਸੁਪਰਵਾਈਜ਼ਰ ਗਗਨਦੀਪ ਸਿੰਘ, ਸਰਪੰਚ ਹਫਿਜਾਬਾਦ, ਪ੍ਰਧਾਨ ਕੁਲਵੰਤ ਸਿੰਘ, ਧਰਮਜੀਤ ਸਿੰਘ, ਜਗਤਾਰ ਸਿੰਘ, ਬਲਵੀਰ ਸਿੰਘ, ਦਰਸ਼ਨ ਸਿੰਘ, ਪਰਮਜੀਤ ਸਿੰਘ, ਪ੍ਰੀਤ ਰਾਣਾ, ਨਿਰਮਲ ਸਿੰਘ, ਕੁਲਵੰਤ ਸਿੰਘ, ਕੁਲਵਿੰਦਰ ਸਿੰਘ, ਆਦਿ ਹਾਜ਼ਰ ਸਨ।

# ਪੰਕਜ ਪੱਪੂ ਸਟੀਲ ਦੀ ਸਖ਼ਤ ਮਿਹਨਤ ਦੇ ਨਤੀਜੇ ਵਜੋਂ, ਮੈਹਸ ਗੇਟ ' ਸਿਨੇਮਾ ਰੋਡ ਤੇ ਕੂੜਾ ਦਾ ਡੰਪ ਹੋਇਆ ਬੰਦ ਬਣਿਆ ਇੱਕ, ਇੱਕ ਸੁੰਦਰ ਟਾਇਲਟ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com






ਨਾਭਾ 19 ਅਪ੍ਰੈਲ (ਬੇਅੰਤ ਸਿੰਘ ਰੋਹਟੀ ਖਾਸ) ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਹੇਠ, ਨਗਰ ਕੌਂਸਲ ਨਾਭਾ ਦੀ ਪ੍ਰਧਾਨ ਸੁਜਾਤਾ ਚਾਵਲਾ ਅਤੇ ਉਨ੍ਹਾਂ ਦੇ ਪਤੀ, ਸਮਾਜ ਸੇਵਕ ਪੰਕਜ ਪੱਪੂ ਸਟੀਲ, ਨਾਭਾ ਵਿੱਚ ਪੂਰੇ ਜ਼ੋਰਾਂ-ਸ਼ੋਰਾਂ ਨਾਲ ਸਫਾਈ ਮੁਹਿੰਮ ਚਲਾ ਰਹੇ ਹਨ। ਇਸ ਸਬੰਧ ਵਿੱਚ, ਮਹਿਸ ਗੇਟ ਸਿਨੇਮਾ ਰੋਡ ਗੋਦਾਮ ਦੇ ਨੇੜੇ ਪੁਰਾਣੇ ਸਿਨੇਮਾ ਦੇ ਨੇੜੇ ਪੁਰਾਣੇ ਕੂੜੇ ਦੇ ਡੰਪ ਨੂੰ ਪੰਕਜ ਪੱਪੂ ਦੁਆਰਾ ਹਟਾਇਆ ਗਿਆ ਅਤੇ ਉੱਥੇ ਇੱਕ ਸੁੰਦਰ ਟਾਇਲਟ ਬਣਾਇਆ ਗਿਆ। ਅਤੇ ਦੋ ਬੈਂਚ ਲਗਾਏ ਗਏ ਹਨ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਕਜ ਪੱਪੂ ਨੇ ਕਿਹਾ ਕਿ ਮੈਂ ਨਾਭਾ ਹਾਂ, ਮੈਂ ਤੁਹਾਡਾ ਹਾਂ, ਮੈਨੂੰ ਸਾਫ਼ ਰੱਖੋ ਮੁਹਿੰਮ ਤਹਿਤ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਾਭਾ ਸ਼ਹਿਰ ਵਿੱਚੋਂ ਬਹੁਤ ਸਾਰੇ ਕੂੜੇ ਦੇ ਡੰਪ ਹਟਾ ਦਿੱਤੇ ਗਏ ਹਨ ਅਤੇ ਨਾਭਾ ਨੂੰ ਹਰ ਤਰ੍ਹਾਂ ਨਾਲ ਸੁੰਦਰ ਬਣਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਭਾਵੇਂ ਪਟਿਆਲਾ ਗੇਟ 'ਤੇ ਇੱਕ ਸੁੰਦਰ ਬੱਸ ਸਟੈਂਡ ਬਣਾਉਣਾ ਹੈ ਜਾਂ ਉੱਥੇ ਲੱਗੇ ਕੂੜੇ ਦੇ ਡੰਪ ਵੀ ਹਟਾ ਕੇ, ਬੱਸ ਸਟੈਂਡ ਬਣਾਇਆ ਗਿਆ ਹੈ। ਇਸ ਕਾਰਨ, ਭਵਿੱਖ ਵਿੱਚ ਵੀ ਨਾਭਾ ਵਿੱਚ ਉੱਚ ਪੱਧਰ 'ਤੇ ਹੋਰ ਕੰਮ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਾਭਾ ਦੇ ਸਾਰੇ ਵਸਨੀਕਾਂ ਨੂੰ ਅਪੀਲ ਕਰਦਾ ਹਾਂ ਕਿ ਨਗਰ ਕੌਂਸਲ ਦਾ ਸਹਿਯੋਗ ਕਰਨ। ਨਗਰ ਕੌਂਸਲ ਵੱਲੋਂ ਸ਼ਹਿਰ ਦੀ ਹਰ ਗਲੀ ਵਿੱਚ ਕੂੜਾ ਚੁੱਕਣ ਵਾਲੇ ਵਾਹਨ ਚਲਾਏ ਜਾ ਰਹੇ ਹਨ ਅਤੇ ਉਨ੍ਹਾਂ ਨੂੰ ਗਿੱਲਾ ਅਤੇ ਸੁੱਕਾ ਕੂੜਾ ਸਿਰਫ਼ ਵਾਹਨਾਂ ਵਿੱਚ ਹੀ ਸੁੱਟਣਾ ਚਾਹੀਦਾ ਹੈ ਤਾਂ ਜੋ ਸ਼ਹਿਰ ਨੂੰ ਸਾਫ਼ ਰੱਖਿਆ ਜਾ ਸਕੇ। ਪੰਕਜ ਪੱਪੂ ਨੇ ਕਿਹਾ ਕਿ ਵਿਧਾਇਕ ਦੇਵ ਮਾਨ ਦੀ ਅਗਵਾਈ ਹੇਠ ਸ਼ਹਿਰ ਵਿੱਚ ਸਫ਼ਾਈ ਅਤੇ ਵਿਕਾਸ ਦੀ ਨਾ ਪਹਿਲਾ ਕੋਈ ਕਮੀ ਨਹੀਂ ਆਈ ਹੈ ਅਤੇ ਨਾ ਹੀ ਭਵਿੱਖ ਵਿੱਚ ਹੋਣ ਦਿੱਤੀ ਜਾਵੇਗੀ। ਤਸਵੀਰ ਗੱਲਬਾਤ ਤੋਂ ਬਾਅਦ ਪੰਕਜ ਪੱਪੂ ਨਾਲ ਮੈਹਸ ਸਿਨੇਮਾ ਰੋਡ 'ਤੇ ਬਣੇ ਟਾਇਲਟ ਦੀ ਤਸਵੀਰ।

# ਆਯੂਸ਼ਮਾਨ ਆਰੋਗਿਆ ਕੇਂਦਰ ਓਇੰਦ ਵਿਖੇ ਵਿਸ਼ਵ ਜਿਗਰ ਦਿਵਸ ਮਨਾਇਆ ਗਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਚਮਕੌਰ ਸਾਹਿਬ 19 ਅਪ੍ਰੈਲ (ਹਰਦਿਆਲ ਸਿੰਘ ਸੰਧੂ) ਡਾ.ਤਰਸੇਮ ਸਿੰਘ ਸਿਵਲ ਸਰਜਨ ਰੂਪਨਗਰ ਤੇ ਡਾ.ਗੋਬਿੰਦ ਟੰਡਨ ਸੀਨੀਅਰ ਮੈਡੀਕਲ ਅਫਸਰ ਸੀ.ਐਚ. ਸੀ ਚਮਕੌਰ ਸਾਹਿਬ ਦੀ ਅਗਵਾਈ ਹੇਠ ਆਯੂਸ਼ਮਾਨ ਆਰੋਗਿਆ ਕੇਂਦਰ ਓਇੰਦ ਵਿਖੇ ਵਿਸ਼ਵ ਜਿਗਰ ਦਿਵਸ ਮਨਾਇਆ ਗਿਆ। ਇਸ ਮੌਕੇ ਤੇ ਬੇਅੰਤ ਸਿੰਘ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਹਰ ਸਾਲ 19 ਅਪ੍ਰੈਲ ਨੂੰ ਵਿਸ਼ਵ ਪੱਧਰ ਤੇ ਵਿਸ਼ਵ ਜਿਗਰ ਦਿਵਸ ਮਨਾਇਆ ਜਾਂਦਾ ਹੈ ਜਿਸ ਦਾ ਉਦੇਸ਼ ਲੋਕਾਂ ਵਿੱਚ ਜਿਗਰ ਦੀ ਸਿਹਤ ਬਾਰੇ ਜਾਗਰੂਕਤਾ ਪੈਦਾ ਕਰਨਾ ਹੈ। ਜਿਗਰ ਸਰੀਰ ਦਾ ਇੱਕ ਮਹਤਵਪੂਰਨ ਅੰਗ ਹੈ ਜੋ ਪਾਚਨ, ਖੂਨ ਸਾਫ ਕਰਨ ਅਤੇ ਵਿਟਾਮਿਨ ਸੰਭਾਲ ਵਰਗੇ ਕਈ ਕੰਮ ਕਰਦਾ ਹੈ। ਅੱਜ ਦੇ ਸਮੇਂ ਵਿੱਚ ਗਲਤ ਖੁਰਾਕ, ਵਧੇਰੇ ਮੋਟਾਪਾ, ਅਲਕੋਹਲ ਦਾ ਵਧਦਾ ਸੇਵਨ ਅਤੇ ਵਾਇਰਲ ਹੈਪੇਟਾਈਟਿਸ ਵਰਗੀਆਂ ਸਮੱਸਿਆਵਾਂ ਕਾਰਨ ਲਿਵਰ ਦੀਆਂ ਬਿਮਾਰੀਆਂ ਵਧ ਰਹੀਆਂ ਹਨ। ਇਸ ਮੌਕੇ ਤੇ ਗੁਰਜੀਤ ਕੌਰ ਸੀ.ਐਚ.ਓ ਨੇ ਕਿਹਾ ਕਿ ਵਿਸ਼ਵ ਭਰ ਵਿੱਚ ਕਰੋੜਾਂ ਲੋਕ ਲਿਵਰ ਨਾਲ ਸੰਬੰਧਤ ਰੋਗਾਂ ਨਾਲ ਜੂਝ ਰਹੇ ਹਨ ਜਿਨ੍ਹਾਂ ਵਿੱਚੋਂ ਕਈ ਨੂੰ ਸਮੇਂ ਸਿਰ ਪਤਾ ਨਹੀਂ ਲੱਗਦਾ। ਇਸ ਦਿਨ ਦੀ ਮਹੱਤਤਾ ਇਹ ਹੈ ਕਿ ਲੋਕ ਆਪਣੀ ਜੀਵਨਸ਼ੈਲੀ ਨੂੰ ਸਿਹਤਮੰਦ ਬਣਾਉਣ ਵੱਲ ਧਿਆਨ ਦੇਣ। ਇਸ ਮੌਕੇ ਤੇ ਮਨਦੀਪ ਕੌਰ ਏ.ਐਨ.ਐਮ, ਸੁੱਖਵਿੰਦਰ ਕੌਰ ਆਸ਼ਾ ਅਤੇ ਪਤਵੰਤੇ ਸੱਜਣ ਹਾਜਰ ਸਨ।

# ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਖ਼ੂਨਦਾਨ ਕੈਂਪ ਲਾਇਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com




ਲੁਧਿਆਣਾ (ਗੁਰਦੀਪ ਸਿੰਘ) ਵਿਸ਼ਵ ਪ੍ਰਸਿਧ ਭਗਤੀ ਦਾ ਘਰ ਗੁਰਦੁਆਰਾ ਨਾਨਕਸਰ ਕਲੇਰਾਂ ਵਿਖੇ ਸ੍ਰਿਸ਼ਟੀ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਅਤੇ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਬਾਬਾ ਨੰਦ ਸਿੰਘ ਜੀ, ਬਾਬਾ ਈਸ਼ਰ ਸਿੰਘ ਜੀ ਵਲੋਂ ਵਰੋਸਾਏ ਨਾਨਕਸਰ ਦੇ ਸਮੂਹ ਮਹਾਂਪੁਰਖਾਂ ਦੀ ਪ੍ਰੇਰਣਾ ਸਦਕਾ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਵਲੋ ਮੁੱਖ ਸੇਵਾਦਾਰ ਜੱਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਦੇਖ ਰੇਖ ਹੇਠ 798ਵਾਂ ਮਹਾਨ ਖੂਨਦਾਨ ਕੈਂਪ ਅਤੇ ਮੁਫਤ ਜਰਨਲ ਮੈਡੀਕਲ ਕੈਂਪ ਬਾਬਾ ਈਸ਼ਰ ਸਿੰਘ ਸਰਪ੍ਰਸਤ, ਡਾ: ਬਲਵਿੰਦਰ ਸਿੰਘ ਮੁੱਖ ਸੇਵਾਦਾਰ ਸੁਖ ਸਾਗਰ ਚੈਰੀਟੇਬਲ ਟਰੱਸਟ (ਰਜਿ) ਜਗਰਾਉਂ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਮੌਕੇ ਤੇ ਮਹਾਨ ਖੂਨਦਾਨ ਕੈਂਪ ਦਾ ਉਦਘਾਟਨ ਕਰਨ ਪਹੁੰਚੇ ਬਾਬਾ ਹਰੀ ਸਿੰਘ ਨਾਨਕਸਰ ਵਾਲਿਆਂ ਵਾਲਿਆ ਨੇ ਸ੍ਰਿਸ਼ਟੀ ਦੀ ਚਾਦਰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਮਹਾਰਾਜ ਜੀ ਦੇ ਪ੍ਰਕਾਸ਼ ਪੁਰਬ ਅਤੇ ਖਾਲਸਾ ਪੰਥ ਦੇ ਸਾਜਨਾ ਦਿਵਸ ਤੇ ਸੰਗਤਾਂ ਨੂੰ ਵਧਾਈ ਦਿੱਤੀ ਅਤੇ ਲੋੜਵੰਦ ਮਰੀਜ਼ਾਂ ਲਈ ਮਨੁੱਖਤਾ ਦੇ ਭਲੇ ਲਈ ਲਗਾਏ ਗਏ ਮਹਾਨ ਖੂਨਦਾਨ ਕੈਂਪ ਅਤੇ ਮੈਡੀਕਲ ਕੈਂਪ ਦੀ ਸ਼ਲਾਘਾ ਕੀਤੀ ਅਤੇ ਖੂਨਦਾਨੀ ਸੱਜਣਾਂ ਪ੍ਰਣਾਮ ਪੱਤਰ ਭੇਂਟ ਕਰਕੇ ਹੌਂਸਲਾ ਅਫਜ਼ਾਈ ਕੀਤੀ। ਇਸ ਮੌਕੇ ਤੇ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਮੁੱਖ ਸੇਵਾਦਾਰ ਭਾਈ ਘੱਨ੍ਈਆ ਜੀ ਮਿਸ਼ਨ ਸੇਵਾ ਸੁਸਾਇਟੀ (ਰਜਿ) ਨੇ ਦਸਿਆ ਖੂਨਦਾਨ ਕੈਂਪ ਦੌਰਾਨ ਇਕੱਤਰ ਕੀਤਾ ਗਿਆ ਖੂਨ ਲੋੜਵੰਦ ਮਰੀਜ਼ਾਂ ਨੂੰ ਨਿਸ਼ਕਾਮ ਰੂਪ ਵਿਚ ਦਿਤਾ ਜਾਵੇਗਾ। ਇਸ ਮੌਕੇ ਡਾ: ਬਲਵਿੰਦਰ ਸਿੰਘ ਨੇ ਜਰਨਲ ਮੈਡੀਕਲ ਕੈਂਪ ਦੋਰਾਨ ਹਜ਼ਾਰਾਂ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੰਡੀਆਂ।ਇਸ ਮੌਕੇ ਤੇ ਗੁਰਵਿੰਦਰ ਸਿੰਘ ਗੋਲਡੀ ਸੋਹਲ, ਗੁਰਿੰਦਰ ਸਿੰਘ ਕਿਰਤੋਂਵਾਲ ਜਰਨਲ ਸਕੱਤਰ ਅੰਨਦਾਤਾ ਕਿਸਾਨ ਮਜ਼ਦੂਰ ਯੂਨੀਅਨ, ਦਰਸ਼ਨ ਸਿੰਘ ਭੁੰਬਰਾਹ, ਜਸਮੇਲ ਸਿੰਘ ਜੰਡੀ, ਕੁਲਦੀਪ ਸਿੰਘ, ਬਲਦੇਵ ਸਿੰਘ ਸੰਧੂ, ਦਿਲਬਾਗ ਸਿੰਘ, ਗੁਰਮੀਤ ਸਿੰਘ ਖਾਲਸਾ, ਸਰਬਜੀਤ ਸਿੰਘ ਸੋਹਲ ਆਦਿ ਹਾਜ਼ਰ ਸਨ।

# ਨਵਾਂਸ਼ਹਿਰ ਦੇ ਨਸ਼ਾ ਮੁਕਤੀ ਕੇਂਦਰ 'ਚ ਸ਼ੁਰੂ ਹੋਈ 'ਸੀ.ਐੱਮ ਯੋਗਸ਼ਾਲਾ'

## ਸੂਬਾ ਸਰਕਾਰ ਦਾ ਨਸ਼ਾ ਮੁਕਤ ਪੰਜਾਬ ਵੱਲ ਅਹਿਮ ਕਦਮ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ)

ਨਸ਼ਾ ਮੁਕਤ ਪੰਜਾਬ ਵੱਲ ਇਕ ਹੋਰ ਅਹਿਮ ਕਦਮ ਚੁੱਕਦਿਆਂ, ਪੰਜਾਬ ਸਰਕਾਰ ਵੱਲੋਂ ਨਸ਼ਾ ਮੁਕਤੀ ਤੇ ਪੁਨਰਵਾਸ ਕੇਂਦਰ ਨਵਾਂਸ਼ਹਿਰ ਵਿਚ 'ਸੀ.ਐੱਮ ਯੋਗਸ਼ਾਲਾ' ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਯੋਜਨਾ ਦਾ ਮੁੱਖ ਮਕਸਦ ਨਸ਼ੇ ਦੀ ਲਤ ਵਿਚ ਫਸੇ ਲੋਕਾਂ ਨੂੰ ਯੋਗ ਅਤੇ ਪ੍ਰਾਣਾਯਾਮ ਰਾਹੀਂ ਮਾਨਸਿਕ ਅਤੇ ਸਰੀਰਕ ਤੌਰ 'ਤੇ ਮਜ਼ਬੂਤ ਬਣਾਉਣਾ ਹੈ, ਤਾਂ ਜੋ ਉਹ ਇਕ ਸਿਹਤਮੰਦ ਅਤੇ ਸਕਾਰਾਤਮਕ ਜੀਵਨ ਵੱਲ ਵਧ ਸਕਣ।

ਇਸ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਕੋਆਰਡੀਨੇਟਰ ਕਿਰਨ ਬਾਲਾ ਨੇ ਦੱਸਿਆ ਕਿ ਯੋਗਸ਼ਾਲਾ ਦੀਆਂ ਕਲਾਸਾਂ ਰੋਜ਼ਾਨਾ ਸਵੇਰੇ 7 ਵਜੇ ਤੋਂ 8 ਵਜੇ ਤੱਕ ਲੱਗਣਗੀਆਂ। ਇਹ ਸੈਸ਼ਨ ਮਾਹਿਰ ਯੋਗ ਟ੍ਰੇਨਰ ਅਮਰਦੀਪ ਸਿੰਘ ਦੁਆਰਾ ਚਲਾਏ ਜਾਣਗੇ। ਉਨ੍ਹਾਂ ਕਿਹਾ ਕਿ ਯੋਗ ਨਾ ਸਿਰਫ਼ ਸਰੀਰ ਨੂੰ ਫਿੱਟ ਰੱਖਦਾ ਹੈ, ਬਲਕਿ ਇਹ ਮਾਨਸਿਕ ਸੰਤੁਲਨ ਵੀ ਪ੍ਰਦਾਨ ਕਰਦਾ ਹੈ, ਜੋ ਨਸ਼ੇ ਦੀ ਆਦਤ ਤੋਂ ਛੁਟਕਾਰਾ ਪਾਉਣ ਵਿਚ ਬਹੁਤ ਹੀ ਲਾਭਕਾਰੀ ਸਾਬਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਇਹ ਪਹਿਲ ਰਾਜ ਭਰ ਵਿਚ ਨੌਜਵਾਨਾਂ ਨੂੰ ਨਸ਼ੇ ਤੋਂ ਦੂਰ ਰੱਖਣ ਲਈ ਚਲਾਈ ਜਾ ਰਹੀ ਵਿਸਥਾਰਕ ਯੋਜਨਾ ਦਾ ਹਿੱਸਾ ਹੈ। ਉਨ੍ਹਾਂ ਦੱਸਿਆ ਕਿ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਨਿਰਧਾਰਤ ਥਾਵਾਂ 'ਤੇ ਨਿਯਮਤ ਰੂਪ ਵਿਚ ਯੋਗ ਕਲਾਸਾਂ ਲਗਾਈਆਂ ਜਾ ਰਹੀਆਂ ਹਨ। ਮੈਂ ਦੱਸਿਆ ਕਿ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਵਿਚ ਇਸ ਵੇਲੇ ਕੁੱਲ 96 ਥਾਵਾਂ 'ਤੇ ਸੀ.ਐੱਮ ਯੋਗਸ਼ਾਲਾਵਾਂ ਸਫਲਤਾਪੂਰਵਕ ਚੱਲ ਰਹੀਆਂ ਹਨ। ਉਨ੍ਹਾਂ ਕਿਹਾ ਕਿ ਇਹ ਯਤਨ ਨਾ ਕੇਵਲ ਪ੍ਰਸ਼ਾਸਨਿਕ ਪੱਧਰ 'ਤੇ ਸਲਾਹੁਣਯੋਗ ਹਨ, ਸਗੋਂ ਲੋਕਾਂ ਵੱਲੋਂ ਵੀ ਇਸ ਨੂੰ ਭਰਪੂਰ ਸਮਰਥਨ ਮਿਲ ਰਿਹਾ ਹੈ। ਲੋਕਾਂ ਦਾ ਮੰਨਣਾ ਹੈ ਕਿ ਇਹ ਯੋਜਨਾ ਨਸ਼ਾ ਮੁਕਤ ਪੰਜਾਬ ਵਿਚ ਅਹਿਮ ਯੋਗਦਾਨ ਪਾ ਰਹੀ ਹੈ।

# ਵਿਕਾਸ ਕਾਰਜਾਂ ਨੂੰ ਤੈਅ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ - ਅੰਕੁਰਜੀਤ ਸਿੰਘ

## ਡਿਪਟੀ ਕਮਿਸ਼ਨਰ ਨੇ ਪੇਂਡੂ ਤੇ ਸ਼ਹਿਰੀ ਵਿਕਾਸ ਕਾਰਜਾਂ ਦੀ ਕੀਤੀ ਸਮੀਖਿਆ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਡਿਪਟੀ ਕਮਿਸ਼ਨਰ ਅੰਕੁਰਜੀਤ ਸਿੰਘ ਨੇ ਅੱਜ ਜ਼ਿਲ੍ਹੇ ਦੇ ਪਿੰਡਾਂ ਅਤੇ ਸ਼ਹਿਰਾਂ ਵਿਚ ਚੱਲ ਰਹੇ ਵਿਕਾਸ ਕਾਰਜਾਂ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਚੱਲ ਰਹੇ ਵਿਕਾਸ ਕਾਰਜਾਂ ਦੀ ਪ੍ਰਗਤੀ ਦੀ ਪ੍ਰਭਾਵਸ਼ਾਲੀ ਢੰਗ ਨਾਲ ਨਿਗਰਾਨੀ ਕੀਤੀ ਜਾਵੇ ਅਤੇ ਇਨ੍ਹਾਂ ਕਾਰਜਾਂ ਨੂੰ ਤੈਅ ਸਮੇਂ ਅੰਦਰ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਇਆ ਜਾਵੇ। ਇਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਇਸ ਸਬੰਧੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਸਾਰੇ ਬੀ. ਡੀ. ਪੀ. ਓਜ਼ ਅਤੇ ਈ. ਓਜ਼ ਨੂੰ ਵਿਕਾਸ ਕਾਰਜਾਂ 'ਚ ਤੇਜ਼ੀ ਲਿਆਉਣ ਲਈ ਟੀਚਾ ਮਿੱਥਣ ਲਈ ਕਿਹਾ। ਉਨ੍ਹਾਂ ਇਹ ਵੀ ਕਿਹਾ ਕਿ ਕੰਮ ਮੁਕੰਮਲ ਹੁੰਦੇ ਹੀ ਵਰਤੋਂ ਸਰਟੀਫਿਕੇਟ ਜਮ੍ਹਾ ਕਰਵਾਉਣੇ ਯਕੀਨੀ ਬਣਾਏ ਜਾਣ। ਇਸ ਦੌਰਾਨ ਉਨ੍ਹਾਂ ਪਿੰਡਾਂ 'ਚ ਟੋਬਿਆਂ ਦੇ ਪਾਣੀ ਨੂੰ ਸਿੰਚਾਈ ਲਈ ਵਰਤਣਯੋਗ ਬਣਾਉਣ ਲਈ ਸੀਚੇਵਾਲ/ਥਾਪਰ ਮਾਡਲ ਦੇ ਉਸਾਰੀ ਕਾਰਜਾਂ ਦੀ ਸਮੀਖਿਆ ਕੀਤੀ। ਇਸੇ ਤਰ੍ਹਾਂ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਲਈ ਖੇਡ ਮੈਦਾਨਾਂ ਦੀ ਉਸਾਰੀ ਦੇ ਕੰਮਾਂ ਨੂੰ ਜੰਗੀ ਪੱਧਰ 'ਤੇ ਮੁਕੰਮਲ ਕੀਤੇ ਜਾਣ ਦੀ ਹਦਾਇਤ ਕੀਤੀ। ਮੀਟਿੰਗ ਦੌਰਾਨ ਡਿਪਟੀ ਕਮਿਸ਼ਨਰ ਨੇ ਸ਼ਹਿਰੀ ਵਿਕਾਸ ਕਾਰਜਾਂ ਦਾ ਨਿਰੀਖਣ ਕਰਦਿਆਂ ਕਿਹਾ ਕਿ ਜ਼ਿਲ੍ਹੇ ਦੇ ਸ਼ਹਿਰੀ ਇਲਾਕਿਆਂ ਦੇ ਸੈਨੀਟੇਸ਼ਨ, ਸੀਵਰੇਜ, ਸੜਕਾਂ, ਸਟ੍ਰੀਟ ਲਾਈਟਾਂ, ਪਾਰਕਾਂ ਅਤੇ ਪਾਣੀ ਦੀ ਸਪਲਾਈ ਸਬੰਧੀ ਹਰ ਮਾਮਲੇ ਨੂੰ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਜਾਵੇ। ਮੀਟਿੰਗ 'ਚ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਮੌਜੂਦ ਸਨ।

# ਮੁੱਖ ਖੇਤੀਬਾੜੀ ਅਫਸਰ ਨੇ ਕਿਸਾਨਾਂ ਨੂੰ ਮਿਆਰੀ ਬੀਜ ਉਪਲਬੱਧ ਕਰਵਾਉਣ ਲਈ ਬੀਜ ਵਿਕਰੇਤਾਵਾਂ ਨਾਲ ਕੀਤੀ ਮੀਟਿੰਗ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ) ਖੇਤੀਬਾੜੀ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਅਤੇ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਅੰਕੁਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਅੱਜ ਮੁੱਖ ਖੇਤੀਬਾੜੀ ਅਫ਼ਸਰ ਸ਼ਹੀਦ ਭਗਤ ਸਿੰਘ ਨਗਰ ਡਾ. ਰਜਿੰਦਰ ਕੁਮਾਰ ਕੰਬੋਜ ਵੱਲੋਂ ਜ਼ਿਲ੍ਹੇ ਦੇ ਖਾਦ-ਬੀਜ-ਦਵਾਈ ਵਿਕਰੇਤਾਵਾਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਡਾ. ਰਜਿੰਦਰ ਕੁਮਾਰ ਕੰਬੋਜ ਨੇ ਖਾਦ-ਬੀਜ-ਦਵਾਈ ਵਿਕਰੇਤਾਵਾਂ ਨੂੰ ਸਖਤ ਹਦਾਇਤ ਕਰਦਿਆਂ ਕਿਹਾ ਕਿ ਇਸ ਵਾਰ ਸਾਉਣੀ ਦੇ ਸੀਜ਼ਨ ਦੌਰਾਨ ਕਿਸਾਨਾਂ ਨੂੰ ਮਿਆਰੀ ਕਿਸਮ ਦੇ ਬੀਜ ਮੁਹੱਈਆ ਕਰਵਾਏ ਜਾਣ ਅਤੇ ਕਿਸਾਨਾਂ ਨੂੰ ਉਨ੍ਹਾਂ ਦੁਆਰਾ ਖ਼ਰੀਦ ਕੀਤੇ ਗਏ ਬੀਜ ਦੇ ਪੱਕੇ ਬਿੱਲ ਜ਼ਰੂਰ ਦਿੱਤੇ ਜਾਣ। ਇਸ ਦੇ ਨਾਲ ਹੀ ਉਨ੍ਹਾਂ ਹਦਾਇਤ ਕੀਤੀ ਕਿ ਸਾਉਣੀ ਦੀ ਮੁੱਖ ਫ਼ਸਲ ਝੋਨੇ ਦਾ ਬੀਜ ਕਿਸਾਨਾਂ ਨੂੰ ਪੰਜਾਬ ਸਰਕਾਰ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੋਂ ਸਿਫ਼ਾਰਿਸ਼ ਕਿਸਮਾਂ ਦਾ ਬੀਜ ਹੀ ਵੇਚਿਆ ਜਾਵੇ ਅਤੇ ਬੀਜ ਵਿਕਰੀ ਦੌਰਾਨ ਕਿਸੇ ਵੀ ਤਰ੍ਹਾਂ ਦੀ ਕਾਲਾਬਾਜ਼ਾਰੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਲਗਾਤਾਰ ਦੁਕਾਨਾਂ ਦੀ ਚੈਕਿੰਗ ਕੀਤੀ ਜਾਵੇਗੀ ਅਤੇ ਜੇਕਰ ਇਸ ਦੌਰਾਨ ਕਿਸੇ ਵੀ ਬੀਜ ਵਿਕਰੇਤਾ ਕੋਲੋਂ ਪੰਜਾਬ ਸਰਕਾਰ ਅਤੇ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਤੋਂ ਸਿਫ਼ਾਰਿਸ਼ ਕਿਸਮਾਂ ਦੇ ਬੀਜ ਤੋਂ ਇਲਾਵਾ ਕੋਈ ਹੋਰ ਬੀਜ, ਜਿਵੇਂ ਕਿ ਪੂਸਾ 44 ਅਤੇ ਗੈਰ-ਸਿਫਾਰਿਸ਼ ਹਾਈਬ੍ਰਿਡ ਝੋਨੇ ਦਾ ਬੀਜ ਪਾਇਆ ਗਿਆ ਤਾਂ ਉਸ ਖ਼ਿਲਾਫ਼ ਬੀਜ ਐਕਟ 1966 ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ । ਇਸ ਮੌਕੇ ਡਾਕਟਰ ਜਸਵਿੰਦਰ ਕੁਮਾਰ ਖੇਤੀਬਾੜੀ ਵਿਕਾਸ ਅਫਸਰ (ਬੀਜ), ਡਾਕਟਰ ਵਿਜੇ ਕੁਮਾਰ ਖੇਤੀਬਾੜੀ ਵਿਕਾਸ ਅਫਸਰ (ਇਨਫੋਰਸਮੈਂਟ), ਮਹਿੰਦਰ ਪਾਲ ਸਿੰਘ ਖਾਲਸਾ ਪ੍ਰਧਾਨ ਪੈਸਟੀਸਾਈਡ ਯੂਨੀਅਨ, ਉੱਤਮ ਸਿੰਘ ਅਤੇ ਜ਼ਿਲ੍ਹੇ ਦੇ ਹੋਰ ਖਾਦ ਬੀਜ ਦਵਾਈ ਵਿਕਰੇਤਾ ਹਾਜ਼ਰ ਸਨ|

# ਏ.ਡੀ.ਸੀ ਅਵਨੀਤ ਕੌਰ ਨੇ 'ਪਹਿਲ' ਪ੍ਰੋਜੈਕਟ ਤਹਿਤ ਤਿਆਰ ਕੀਤੀਆਂ ਵਰਦੀਆਂ ਵਿਦਿਆਰਥੀਆਂ ਨੂੰ ਦੇਣ ਦੀ ਕੀਤੀ ਸ਼ੁਰੂਆਤ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com




ਬਲਾਚੌਰ (ਸਤਨਾਮ ਸਿੰਘ ਸਹੂੰਗੜਾ) ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਅਵਨੀਤ ਕੌਰ ਵੱਲੋਂ ਅੱਜ ਬਲਾਚੌਰ ਬਲਾਕ ਵਿਚ ਪੰਜਾਬ ਰਾਜ ਦਿਹਾਤੀ ਆਜੀਵਿਕਾ ਮਿਸ਼ਨ ਤਹਿਤ 'ਪਹਿਲ' ਪ੍ਰੋਜੈਕਟ ਅਧੀਨ ਸਵੈ-ਸਹਾਇਤਾ ਗਰੁੱਪਾਂ ਦੁਆਰਾ ਤਿਆਰ ਕੀਤੀਆਂ ਗਈਆਂ ਸਕੂਲ ਵਰਦੀਆਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਤਕਸੀਮ ਕੀਤੇ ਜਾਣ ਦੀ ਸ਼ੁਰੂਆਤ ਕੀਤੀ। ਇਸ ਮੌਕੇ ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਪਿਛਲੇ ਸਾਲ ਸਵੈ-ਸਹਾਇਤਾ ਗਰੁੱਪਾਂ ਦੁਆਰਾ 10 ਹਜ਼ਾਰ ਸਕੂਲ ਵਰਦੀਆਂ ਤਿਆਰ ਕੀਤੀਆਂ ਗਈਆਂ ਸਨ ਜਦਕਿ ਇਸ ਸਾਲ 20 ਹਜ਼ਾਰ ਸਕੂਲ ਵਰਦੀਆਂ ਤਿਆਰ ਕੀਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਨਾਲ ਸਥਾਨਕ ਸਵੈ-ਸਹਾਇਤਾ ਗਰੁੱਪਾਂ ਦੀ ਆਮਦਨ ਵਿਚ ਸੁਧਾਰ ਹੋਇਆ ਹੈ। ਉਨ੍ਹਾਂ ਦੱਸਿਆ ਕਿ 'ਪਹਿਲ' ਪ੍ਰੋਜੈਕਟ ਅਧੀਨ ਸਕੂਲੀ ਵਰਦੀਆਂ ਬਣਾਉਣ ਦਾ ਕੰਮ ਪਿੰਡਾਂ ਵਿਚ ਬਣੇ ਸਵੈ-ਸਹਾਇਤਾ ਗਰੁੱਪਾਂ ਦੀਆਂ ਔਰਤਾਂ ਤੋਂ ਕਰਵਾਇਆ ਜਾ ਰਿਹਾ ਹੈ ਤਾਂ ਜੋ ਆਤਮ-ਨਿਰਭਰ ਹੋਣ ਦੇ ਨਾਲ-ਨਾਲ ਉਨ੍ਹਾਂ ਦੀ ਆਜੀਵਿਕਾ ਵਿਚ ਵੀ ਵਾਧਾ ਹੋ ਸਕੇ। ਉਨ੍ਹਾਂ ਦੱਸਿਆ ਕਿ ਔਰਤਾਂ ਵਿਚ ਇਸ ਪ੍ਰੋਜੈਕਟ ਪ੍ਰਤੀ ਕਾਫੀ ਉਤਸ਼ਾਹ ਹੈ।

# ਪਿੰਡ ਅਬੁੱਲਖੁਰਾਣਾ 'ਚ ਪਿਉ-ਪੁੱਤਰ ਦਾ ਕਤਲ

## ਪਿੰਡ ਅਬੁੱਲਖੁਰਾਣਾ 'ਚ ਪਿਉ-ਪੁੱਤਰ ਦਾ ਕਤਲ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਸ੍ਰੀ ਮੁਕਤਸਰ ਸਾਹਿਬ: ਪਿੰਡ ਅਬੁੱਲਖੁਰਾਣਾ ਵਿਚ ਸ਼ਾਮ ਦੇ ਕਰੀਬ 7 ਕੁ ਵਜੇ ਉਸ ਵੇਲੇ ਸਨਸਨੀ ਫੈਲ ਗਈ, ਜਦੋਂ ਕਿਸੇ ਇਕ ਵਿਅਕਤੀ ਵਲੋਂ ਪਿਉ ਅਤੇ ਉਸ ਦੇ ਪੁੱਤਰ ਦਾ ਕਤਲ ਕਰ ਦਿੱਤਾ ਗਿਆ। ਦੱਸਿਆ ਜਾ ਰਿਹਾ ਹੈ ਕਿ ਇਸ ਘਟਨਾ ਵਿਚ ਮਾਰੇ ਗਏ ਵਿਨੇ ਪ੍ਰਤਾਪ ਸਿੰਘ ਉਰਫ ਬਿਨੀ ਤੇ ਉਸ ਦਾ ਪੁੱਤਰ ਸੂਰਜ ਪ੍ਰਤਾਪ ਸਿੰਘ ਦਾ ਇਹ ਕਤਲ ਕਿਸੇ ਰੰਜਿਸ਼ ਤਹਿਤ ਹੋਇਆ ਹੈ।

ਸੂਚਨਾ ਮਿਲਦੇ ਸਾਰ ਹੀ ਪੁਲਿਸ ਮੌਕੇ ਉੱਤੇ ਪਹੁੰਚ ਗਈ। ਪੁਲਿਸ ਵੱਲੋਂ ਵਾਰਦਾਤ ਵਾਲੀ ਥਾਂ ਉੱਤੇ ਜਾਂਚ ਕੀਤੀ ਜਾ ਰਹੀ ਹੈ।

# ਸਿੱਖਿਆ ਕ੍ਰਾਂਤੀ ਨਾਲ ਪੰਜਾਬ ਪੁੱਟ ਰਿਹਾ ਹੈ ਨਵੀਆਂ ਪੁਲਾਘਾਂ - ਲਲਿਤ ਮੋਹਨ ਪਾਠਕ ਬੱਲੂ

## ਨਵਾਂਸ਼ਹਿਰ ਹਲਕੇ ਦੇ ਵੱਖ-ਵੱਖ ਸਕੂਲਾਂ ਵਿਚ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਨਵਾਂਸ਼ਹਿਰ (ਸਤਨਾਮ ਸਿੰਘ ਸਹੂੰਗੜਾ)

ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੇ ਯਤਨਾਂ ਸਦਕਾ ਪੰਜਾਬ ਸਿੱਖਿਆ ਦੇ ਖੇਤਰ 'ਚ ਨਵੀਆਂ ਪੁਲਾਂਘਾ ਪੁੱਟ ਰਿਹਾ ਹੈ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਰਾਜ ਤਕਨੀਕੀ ਸਿੱਖਿਆ ਤੇ ਉਦਯੋਗਿਕ ਸਿਖਲਾਈ ਬੋਰਡ ਦੇ ਉੱਪ ਚੇਅਰਮੈਨ ਲਲਿਤ ਮੋਹਨ ਪਾਠਕ ਬੱਲੂ ਨੇ ਅੱਜ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਹਲਕਾ ਨਵਾਂਸ਼ਹਿਰ ਦੇ ਵੱਖ-ਵੱਖ ਸਕੂਲਾਂ ਵਿਚ ਵਿਕਾਸ ਕਾਰਜ ਲੋਕ ਅਰਪਿਤ ਕਰਨ ਮੌਕੇ ਕੀਤਾ। ਇਸ ਦੌਰਾਨ ਉਨ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਸਨਾਵਾ, ਸਰਕਾਰੀ ਪ੍ਰਾਇਮਰੀ



ਸਕੂਲ ਮਜਾਰਾ ਕਲਾਂ, ਸਰਕਾਰੀ ਪ੍ਰਾਇਮਰੀ ਸਕੂਲ ਸਾਹਬਪੁਰ ਅਤੇ ਸਰਕਾਰੀ ਹਾਈ ਸਕੂਲ ਸਾਹਬਪੁਰ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਆਧੁਨਿਕ ਯੋਜਨਾਵਾਂ ਉਲੀਕੀਆਂ ਜਾ ਰਹੀਆਂ ਹਨ, ਜਿਨ੍ਹਾਂ ਦੇ ਸਾਰਥਿਕ ਨਤੀਜ਼ੇ ਸਾਹਮਣੇ ਆ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਤਰ੍ਹਾਂ ਦੀ ਵੀ ਕਮੀ ਪੰਜਾਬ ਦੇ ਸਕੂਲਾਂ ਅੰਦਰ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਿੱਖਿਆ ਹੀ ਸਫਲਤਾ ਦੀ ਕੁੰਜੀ ਹੈ, ਜਿਸ ਨਾਲ ਹਰੇਕ ਉਚ ਮੁਕਾਮ 'ਤੇ ਪਹੁੰਚਿਆ ਜਾ ਸਕਦਾ ਹੈ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਹੋਰ ਸਖਤ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਕੂਲਾਂ ਦੇ ਅਧਿਆਪਕਾਂ ਨੂੰ ਕਿਹਾ ਕਿ ਉਹ ਸਰਕਾਰ ਵੱਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਰੋਸ਼ਨ ਬਣਾਉਣ ਲਈ ਦਿੱਤੀਆਂ ਜਾ ਰਹੀਆਂ ਸਹੂਲਤਾਂ ਦਾ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਦੇਣ, ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀ ਵੀ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਵੱਡੀਆਂ ਮੱਲ੍ਹਾਂ ਮਾਰ ਕੇ ਆਪਣੇ ਸੂਬੇ ਤੇ ਸਕੂਲ ਦਾ ਨਾਮ ਰੋਸ਼ਨ ਕਰ ਸਕਣ। ਇਸ ਮੌਕੇ ਮਾਰਕੀਟ ਕਮੇਟੀ ਨਵਾਂਸ਼ਹਿਰ ਦੇ ਚੇਅਰਮੈਨ ਗਗਨ ਅਗਨੀਹੋਤਰੀ, ਸਰਪੰਚ ਜਾਡਲਾ ਵਨੀਤ ਰਾਣਾ, ਸਰਪੰਚ ਸਾਹਿਬਾਜਪੁਰ ਦਵਿੰਦਰ ਸਿੰਘ, ਸਾਬਕਾ ਐਮ.ਸੀ ਬਲਵਿੰਦਰ ਕੁਮਾਰ, ਲਖਵੀਰ ਧੰਜਲ, ਸੋਨੀ ਸਾਹਬਪੁਰ, ਸੁਰਿੰਦਰ ਸੰਘਾ, ਸਰਪੰਚ ਮਜਾਰਾ ਖੁਰਦ ਸਰਨਾਮ ਸਿੰਘ, ਹਰਭਜਨ ਸਿੰਘ, ਸਰਪੰਚ ਸਨਾਵਾ ਕ੍ਰਿਸ਼ਨ ਕੁਮਾਰ, ਪ੍ਰਦੀਪ ਕੁਮਾਰ ਤੋਂ ਇਲਾਵਾ ਸਬੰਧਿਤ ਇਲਾਕਿਆਂ ਦੇ ਮੋਹਤਬਰ, ਸਕੂਲਾਂ ਦੇ ਮੁਖੀ, ਅਧਿਆਪਕ ਤੇ ਵੱਡੀ ਗਿਣਤੀ ਵਿਦਿਆਰਥੀ ਹਾਜ਼ਰ ਸਨ।

# ਵਿਧਾਇਕ ਡਾ ਇਸ਼ਾਂਕ ਨੇ 4 ਸਕੂਲਾਂ ਵਿਚ 84.47 ਲੱਖ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦਾ ਕੀਤਾ ਉਦਘਾਟਨ

## ਕਿਹਾ ਚੱਬੇਵਾਲ 'ਚ ਸਿੱਖਿਆ ਢਾਂਚੇ ਨੂੰ ਮਿਲੀ ਮਜ਼ਬੂਤੀ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਚੱਬੇਵਾਲ (ਸਤਨਾਮ ਸਿੰਘ ਸਹੂੰਗੜਾ) ਚੱਬੇਵਾਲ ਵਿਧਾਨ ਸਭਾ ਹਲਕੇ ਤੋਂ ਵਿਧਾਇਕ ਡਾ. ਈਸ਼ਾਂਕ ਕੁਮਾਰ ਨੇ “ਸਿੱਖਿਆ ਕ੍ਰਾਂਤੀ ਦੇ ਨਾਲ ਬਦਲਦਾ ਪੰਜਾਬ” ਮੁਹਿੰਮ ਅਧੀਨ ਅੱਜ ਪਿੰਡ ਬਜਰਾਵਰ, ਪੱਟੀ, ਬੋਹਣ ਅਤੇ ਅਟਲਗੜ੍ਹ ਦੇ ਸਰਕਾਰੀ ਸਕੂਲਾਂ ਵਿੱਚ ਪੂਰੇ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਹ ਕਾਰਜ ਸਕੂਲਾਂ ਵਿੱਚ ਨਵੇਂ ਕਲਾਸਰੂਮ, ਚਾਰਦੀਵਾਰੀ ਅਤੇ ਹੋਰ ਆਧਾਰਭੂਤ ਢਾਂਚੇ ਦੇ ਨਿਰਮਾਣ ਨਾਲ ਸਬੰਧਤ ਸਨ, ਜਿਨ੍ਹਾਂ 'ਤੇ ਕੁੱਲ 84.47 ਲੱਖ ਰੁਪਏ ਦੀ ਲਾਗਤ ਆਈ। ਇਸ ਮੌਕੇ ਤੇ ਸਿੱਖਿਆ ਵਿਭਾਗ ਦੇ ਕਈ ਅਧਿਕਾਰੀ ਅਤੇ ਇਲਾਕੇ




ਦੇ ਪਤਵੰਤੇ ਮੌਜੂਦ ਰਹੇ। ਪ੍ਰੋਗਰਾਮ ਦੌਰਾਨ ਵਿਧਾਇਕ ਡਾ. ਈਸ਼ਾਂਕ ਨੇ ਕਿਹਾ ਕਿ ਸਿੱਖਿਆ ਹੀ ਸਮਾਜ ਦੀ ਤਰੱਕੀ ਦੀ ਅਸਲੀ ਕੁੰਜੀ ਹੈ। ਉਨ੍ਹਾਂ ਕਿਹਾ ਕਿ ਸਾਡਾ ਟੀਚਾ ਹੈ ਕਿ ਹਰ ਬੱਚੇ ਨੂੰ ਸੁਰੱਖਿਅਤ ਅਤੇ ਵਧੀਆ ਸਿੱਖਿਆ ਵਾਲਾ ਵਾਤਾਵਰਣ ਮਿਲੇ। ਪਿੰਡਾਂ ਦੇ ਸਕੂਲਾਂ ਨੂੰ ਸਮਾਰਟ ਸਕੂਲ ਬਣਾਉਣ ਵੱਲ ਇਹ ਇੱਕ ਵੱਡਾ ਕਦਮ ਹੈ। ਉਨ੍ਹਾਂ ਇਹ ਵੀ ਭਰੋਸਾ ਦਿਵਾਇਆ ਕਿ ਸਿੱਖਿਆ ਨਾਲ ਸਬੰਧਤ ਇਨ੍ਹਾਂ ਯਤਨਾਂ ਨੂੰ ਅੱਗੇ ਵੀ ਜਾਰੀ ਰੱਖਿਆ ਜਾਵੇਗਾ। ਇਸ ਮੌਕੇ 'ਤੇ ਜ਼ਿਲ੍ਹਾ ਸਿੱਖਿਆ ਅਫਸਰ ਲਲਿਤਾ ਅਰੋੜਾ ਨੇ ਕਿਹਾ ਕਿ ਸਰਕਾਰ ਦੀ ਸਿੱਖਿਆ ਨੀਤੀ ਹੁਣ ਜਮੀਨੀ ਪੱਧਰ 'ਤੇ ਦਿਖਾਈ ਦੇ ਰਹੀ ਹੈ। ਉਨਾਂ ਕਿਹਾ ਕਿ ਪਿੰਡਾਂ ਦੇ ਸਕੂਲਾਂ ਦੀ ਹਾਲਤ 'ਚ ਆਇਆ ਸੁਧਾਰ ਨਾ ਸਿਰਫ ਵਿਦਿਆਰਥੀਆਂ ਲਈ, ਸਗੋਂ ਮਾਪਿਆਂ ਲਈ ਵੀ ਭਰੋਸਾ ਜਮਾਉਣ ਵਾਲਾ ਹੈ। ਇਸ ਮੌਕੇ ਪ੍ਰਿੰਸੀਪਲ ਮ੍ਰਿਦੂਲਾ ਸ਼ਰਮਾ, ਪ੍ਰਿੰਸੀਪਲ ਭਾਰਤ ਭੂਸ਼ਣ, ਪ੍ਰਿੰਸੀਪਲ ਧਰਮਿੰਦਰ ਸ਼ਰਮਾ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਵਧੀਆ ਆਧਾਰਭੂਤ ਢਾਂਚੇ ਕਾਰਨ ਵਿਦਿਆਰਥੀਆਂ ਦੀ ਹਾਜ਼ਰੀ ਅਤੇ ਪੜ੍ਹਾਈ ਪ੍ਰਤੀ ਰੁਚੀ ਦੋਹਾਂ ਵਿੱਚ ਵਾਧਾ ਹੋਇਆ ਹੈ। ਸਾਰੇ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਇਸ ਮੌਕੇ ਡਾ. ਅਨਿਲ ਗੋਗਨਾ, ਜ਼ਿਲ੍ਹਾ ਕੋਆਰਡੀਨੇਟਰ ਰਜਨੀਸ਼ ਕੁਮਾਰ ਗੁਲਿਆਨੀ , ਰਮਨ ਕੁਮਾਰ, ਪ੍ਰਿੰਸੀਪਲ ਮਲਕੀਅਤ ਕੌਰ, ਮਨੀਸ਼ ਮੋਦਗਿਲ, ਹਰਕਮਲ ਕੌਰ, ਗੁਰਚਰਨ ਸਿੰਘ, ਰਾਜਿੰਦਰ ਭਾਟੀਆ, ਸੰਦੀਪ ਸੈਣੀ, ਸਿਕੰਦਰ ਪਾਲ, ਸਤਨਾਮ ਸਿੰਘ ਸਮੇਤ ਕਈ ਹੋਰ ਪਤਵੰਤੇ ਵੀ ਮੌਜੂਦ ਰਹੇ।

# ਆਪਣੀਆਂ ਮਜਬੂਰੀਆ ਦੱਸਦੀ ਹੋਈ ਇੱਕ ਭੈਣ ਦਾ ਦੁੱਖ ਸੁਣਿਆ ਨਹੀਂ ਜਾਂਦਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਰਾਜਪੁਰਾ( ਚਰਨਜੀਤ ਸੱਲ੍ਹਾ )ਵਾਹਿਗੁਰੂ ਜੀ ਹਮੇਸ਼ਾ ਇਸ ਭੈਣ ਤੇ ਆਪਣਾ ਹੱਥ ਰੱਖਣ, ਕਿ ਇਹ ਭੈਣ ਵੀ ਝੂਠ ਬੋਲ ਰਹੀ ਹੈ ਕਿਸ ਤਰਾ ਇਹ ਭੈਣ ਆਪਣਾ ਦੁਖ ਦੱਸ ਰਹੀ ਹੈ ,ਆਪਣੇ ਬੱਚੀਆ ਦੀ ਪੜ੍ਹਾਈ ਦੀ ਗੱਲ ਕਰ ਰਹੀ ਹੈ ਕਿਨਾ ਮੁਸ਼ਕਿਲ ਹੋ ਰਿਹਾ ਇਹਨਾ ਪਰਵਾਰਾ ਨੂੰ ਘਰ ਦਾ ਖਰਚਾ




ਚਲੋਨਾ, ਭੈਣ ਦੱਸ ਦੀ ਹੈ ਉਹਨਾ ਦੇ ਪਤੀ ਕੰਪਨੀ ਵਿੱਚ 2009 ਵਿੱਚ ਲੱਗੇ ਸੀ ਤੇ ਹੁਣ ਉਹਨਾ ਦੀ ਤਨਖਾਹ 10ਹਜਾਰ ਤੇ ਲੇਕੇ 12 ਹਜਾਰ ਤੱਕ ਹੈ ਅਤੇ ਜੋ ਕੰਪਨੀ ਦੇ ਚੇਨ ਸਪਲਾਈ ਡਰੈਕਟਰ ਹਨ ਉਹ ਸਾਲ 2013 ਜਾ 2014 ਵਿੱਚ ਲੱਗੇ ਸਨ ਤੇ ਉਹਨਾ ਦੀ ਤਨਖਾਹ ਅੱਜ 12 ਲੱਖ ਰੁਪਏ ਹੈ ਤੁਸੀ ਹੁਣ ਆਪ ਹੀ ਦੱਸ ਦਿਉ ਕੀ ਇਹ ਧੱਕਾ ਹੀ ਕੀਤਾ ਜਾ ਰਿਹਾ ਵਰਕਰ ਨਾਲ ,ਅਸੀ 12 ਲੱਖ ਨਹੀ ਮੰਗਦੇ ਪਰ 23 ਸਾਲ ਕੰਮ ਕਰਕੇ ਵੀ 12 ਤੇ 13 ਹਜਾਰ ਤਨਖਾਹ ਇਹ ਫੈਕਟਰੀ ਕੋਕਾ ਕੋਲਾ ਕੰਧਾਰੀ ਬੀਵਰੇਜ਼ ਪ੍ਰਾਈਵੇਟ ਲਿਮਟਿਡ ਨਬੀਪੁਰ ਸਾਧੂਗੜ੍ਹ ਜ਼ਿਲਾ ਫਤਿਹਗੜ੍ਹ ਸਾਹਿਬ ਰਾਜ਼ਪੁਰਾ ਸਰਹਿੰਦ ਰੋਡ ਤੇ ਸਥਿਤ ਹੈ| ਪੰਜ਼ਾਬੀਓ ਸਾਡਾ ਸਾਥ ਦਿਓ, ਪ੍ਰਸਾਸਨ ਤੇ ਪ੍ਰਬੰਧਕ ਪੰਜ਼ਾਬੀ ਵਰਕਰਾਂ ਨਾਲ ਬਹੁਤ ਧੱਕਾ ਕਰ ਰਹੀ ਆ ਪੰਜ਼ਾਬੀਓ ਪਹੁੰਚੋ ਸਾਥ ਦੇਣ ਲਈ

# ਸੇਵਾ ਟਰੱਸਟ ਯੂ ਕੇ ਦੇ ਪ੍ਰਧਾਨ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਸੱਲ ਕਲਾਂ ਬੱਚਿਆਂ ਨੂੰ ਸਟੇਸ਼ਨਰੀ ਅਤੇ ਜੂਸ ਵੰਡੇ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਬੰਗਾ (ਚਰਨਜੀਤ ਸੱਲ੍ਹਾ ) ਸੇਵਾ ਟਰੱਸਟ ਯੂ ਕੇ ਦੇ ਪ੍ਰਧਾਨ ਸਰਦਾਰ ਸ਼ਮਿੰਦਰ ਸਿੰਘ ਗਰਚਾ ਵੱਲੋਂ ਪਿੰਡ ਸੱਲ੍ਹ ਕਲਾਂ ਦੇ ਪ੍ਰਾਇਮਰੀ ਸਕੂਲ ਸੱਲ ਕਲਾਂ ਦੇ ਬੱਚਿਆਂ ਨੂੰ ਸਟੇਸ਼ਨਰੀ ਅਤੇ ਡਾਬਰ ਕਾਪਨੀ ਦਾ ਜੂਸ ਵੰਡੇ ਗਏ। ਉਹਨਾਂ ਨੇ ਬੱਚਿਆਂ ਨੂੰ ਕਿੱਟਾਂ ਵੀ ਵੰਡੀਆਂ ਅਤੇ ਬੱਚਿਆਂ ਨੂੰ ਕਿਹਾ ਕਿ ਜੇਕਰ ਕਿਸੇ ਬੱਚੇ ਨੂੰ ਕੋਈ ਵੀ ਚੀਜ਼ ਚਾਹੀਦੀ ਹੈ




ਤਾਂ ਉਹ ਬੱਚਾ ਬਿਨ੍ਹਾਂ ਝਿਜਕ ਮੈਨੂੰ ਦੱਸ ਸਕਦਾ ਹੈ। ਤੁਹਾਡਾ ਕੰਮ ਹੈ ਕਿ ਤੁਸੀਂ ਪੜ੍ਹਾਈ ਕਰਨੀ ਹੈ ਜਾਂ ਤੁਸੀਂ ਕੋਈ ਵੀ ਗੇਮ ਖੇਡਣੀ ਹੈ, ਪੈਸੇ ਦੀ ਕੋਈ ਪ੍ਰਵਾਹ ਨਹੀਂ ਕਰਨੀ। ਉਹ ਅੱਜ ਆਪਣੇ ਪੋਤਰੇ ਦਾ ਜਨਮ ਦਿਨ ਮਨਾ ਰਿਹਾ ਸੀ। ਸਰਦਾਰ ਦਿਲਬਾਗ ਸਿੰਘ ਬਾਗੀ ਪ੍ਰਧਾਨ ਰੋਟਰੀ ਕਲੱਬ ਬੰਗਾ ਗਰੀਨ ਨੇ ਗਰਚਾ ਜੀ ਦੇ ਵਾਰੇ ਬੋਲਦਿਆਂ ਕਿਹਾ ਕਿ ਇਹ ਇਨਸਾਨ ਆਪਣੀ ਜਨਮ ਭੂਮੀ ਦੇ ਵਾਰੇ ਬਹੁਤ ਸੋਚਦਾ ਹੈ ਨਹੀ ਤਾਂ ਕਈ ਇਨਸਾਨ ਭੁੱਲ ਜਾਂਦੇ ਹਨ ਆਪਣੇ ਪਿੰਡ ਨੂੰ ਇਸ ਇਨਸਾਨ ਨੇ ਆਪਣੇ ਪਿੰਡ ਨੂੰ ਹਮੇਸ਼ਾ ਯਾਦ ਰੱਖਿਆ ਜਦੋਂ ਸਕੂਲ ਬਣਾਉਣਾ ਸੀ ਉਸ ਵਿੱਚ ਵੀ ਬਹੁਤ ਨੱਠ ਭੱਜ ਕੀਤੀ ਅਤੇ ਪਿੰਡ ਦੇ ਛੱਪੜ ਵਾਰੇ ਵੀ ਕਾਫੀ ਕੋਸ਼ਿਸ਼ ਕਰਦਾਂ ਹੈਂ ਸਰਕਾਰ ਭਾਵੇਂ ਕਿਸੇ ਦੀ ਹੋਵੇ। ਇਸ ਮੌਕੇ ਜਸਵੀਰ ਕੌਰ,, ਹਰਪ੍ਰੀਤ ਕੁਮਾਰ ਸਰਪੰਚ ਸੱਲ ਕਲਾਂ ਹੋਰ ਪੱਤਰਕਾਰ ਮਨਜਿੰਦਰ ਸਿੰਘ, ਨਰਿੰਦਰ ਮਾਹੀ ਅਤੇ ਬਾਕੀ ਸਕੂਲ ਦਾ ਪੂਰਾ ਸਟਾਫ ਹਾਜ਼ਰ ਸੀ।

# ਪ੍ਰਵਾਜ਼ ਪੰਜਾਬ ਵਲੋਂ ਪ੍ਰਸਿੱਧ ਚਿੱਤਰਕਾਰ ਸਰੂਪ ਸਿੰਘ ਨੂੰ ਸ਼ਰਧਾਂਜਲੀਆਂ ਭੇਂਟ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਨ ਵਾਂ ਸ਼ ਹਿ ਰ / ਬੰ ਗਾ (ਸਤਨਾਮ ਸਿੰਘ ਸਹੂੰਗੜਾ) ਅਦਾਰਾ 'ਪ੍ਰਵਾਜ਼ ਪੰਜਾਬ' ਵਲੋਂ ਮੰਗੂਵਾਲ ਵਾਸੀਆਂ ਦੇ ਸਹਿਯੋਗ ਨਾਲ ਰੰਗਾਂ ਦੇ ਜਾਦੂਗਰ ਵਜੋਂ ਮਸ਼ਹੂਰ, ਪਿੰਡ ਮੰਗੂਵਾਲ ਦੇ ਜੰਮਪਲ ਪ੍ਰਸਿੱਧ ਚਿੱਤਰਕਾਰ ਸਰੂਪ ਸਿੰਘ (ਯੂ.ਕੇ) ਦਾ ਪਿੰਡ ਮੰਗੂਵਾਲ ਦੇ ਗੁਰਦੁਆਰੇ ਸ਼ਰਧਾਂਜਲੀ ਸਮਾਗਮ ਕੀਤਾ ਗਿਆ।ਇੱਥੇ ਵਰਨਣਯੋਗ ਹੈ ਕਿ ਬੀਤੀ 8 ਮਾਰਚ ਨੂੰ ਇੰਗਲੈਂਡ ਦੇ ਸ਼ਹਿਰ ਲਿਸਟਰ ਵਿਖੇ ਸਰੂਪ ਸਿੰਘ ਦਾ ਦੇਹਾਂਤ ਹੋ ਗਿਆ ਸੀ। ਸ਼ਰਧਾਂਜਲੀ ਸਮਾਗਮ ਦੀ ਪ੍ਰਧਾਨਗੀ ਜਸਵੀਰ ਕੌਰ ਸਰਪੰਚ, ਦਰਬਾਰਾ ਸਿੰਘ, ਕਮਲਜੀਤ ਸਿੰਘ, ਸੋਹਣ ਸਿੰਘ ਅਤੇ ਸਰੂਪ ਸਿੰਘ ਹੁਰਾਂ ਦੀ ਮੂੰਹ ਬੋਲੀ ਬੇਟੀ ਅਮਰਜੀਤ ਕੌਰ ਭਾਮ ਨੇ ਕੀਤੀ।ਚਿੱਤਰਕਾਰ ਸਰੂਪ ਸਿੰਘ,ਪ੍ਰਸਿੱਧ ਕਹਾਣੀਕਾਰ ਪ੍ਰੇਮ ਪ੍ਰਕਾਸ਼, ਲੇਖਕ ਤੇ ਅਲੋਚਕ ਹਰਜਿੰਦਰ ਸਿੰਘ ਅਟਵਾਲ ਨੂੰ ਦੋ ਮਿੰਟ ਦਾ ਮੌਨ ਧਾਰਕੇ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਕ੍ਰਾਂਤੀਕਾਰੀ ਕਵੀ ਦਰਸ਼ਨ ਸਿੰਘ ਖਟਕੜ ਨੇ ਕਿਹਾ ਕਿ ਉਹ 1982 ਨੂੰ ਇੰਗਲੈਂਡ ਗਏ ਸਨ ਜਿੱਥੇ ਉਹ ਸਰੂਪ ਸਿੰਘ ਹੁਣਾਂ ਨੂੰ ਮਿਲੇ ਸਨ ।ਸਰੂਪ




ਕੈਪਸ਼ਨ :ਸ਼ਰਧਾਂਜਲੀ ਸਮਾਗਮ ਮੌਕੇ ਬੋਲਦੇ ਹੋਏ ਦਰਸ਼ਨ ਸਿੰਘ ਖਟਕੜ, ਅਜਮੇਰ ਸਿੱਧੂ ਅਤੇ ਬਲਜੀਤ ਕੌਰ ।

ਸਿੰਘ ਨੇ ਬੀਤੇ ਸਾਲਾਂ ਵਿਚ ਗੁਰੂ ਸਹਿਬਾਨ,ਸੂਫੀਆਂ , ਪੰਜਾਬੀ ਦੇ ਕਵੀਆਂ, ਵਿਦਵਾਨਾਂ, ਅਲੋਚਕਾਂ ਦੇ ਅਤੇ ਹੋਰ 150 ਦੇ ਕਰੀਬ ਪੋਰਟਰੇਟ ਬਣਾਏ।ਖਟਕੜ ਨੇ ਕਿਹਾ ਕਿ ਪੋਰਟਰੇਟ ਫੋਟੋਗ੍ਰਾਫੀ ਨਹੀਂ ਹੁੰਦਾ।ਜਦੋਂ ਪੋਰਟਰੇਟ ਬਣਾਇਆ ਜਾਂਦਾ ਹੈ ਉਦੋਂ ਚਿੱਤਰਕਾਰ ਰੰਗਾਂ ਦੀ ਵਰਤੋਂ ਰਾਹੀਂ ਚਿਹਰੇ ਦੇ ਹਾਵ ਭਾਵ ਦਰਸਾਉਂਦਾ ਹੈ।ਸੰਤੋਖ ਸਿੰਘ ਭੁੱਲਰ ਵਲੋਂ ਸਰੂਪ ਸਿੰਘ ਬਾਰੇ ਛਾਪੀ ਪੁਸਤਕ 'ਰੰਗਾਂ ਦਾ ਜਾਦੂਗਰ ਸਰੂਪ ਸਿੰਘ' ਵਿਚ ਸਰੂਪ ਸਿੰਘ ਅਤੇ ਉਸਦੀ ਚਿੱਤਰਕਲਾ ਬਾਰੇ ਕਲਾ ਪ੍ਰੇਮੀਆਂ ਨੂੰ ਕਾਫੀ ਜਾਣਕਾਰੀ ਦਿੱਤੀ ਹੈ। ਉਹਨਾਂ ਅੱਗੇ ਦੱਸਿਆ ਕਿ ਸਰੂਪ ਸਿੰਘ ਨੇ ਇੰਗਲੈਂਡ ਜਾਕੇ ਉਥੇ ਫਾਈਨ ਆਰਟਸ ਕਾਲਜ ਤੋਂ ਪੰਜ ਸਾਲ ਦਾ ਕੋਰਸ ਕੀਤਾ। ਉਹਨਾਂ ਦੱਸਿਆ ਕਿ ਸਰੂਪ ਸਿੰਘ ਨੇ ਮੰਗੂਵਾਲ ਰਹਿੰਦਿਆਂ 'ਗਰੀਬ ਦੀ ਦੁਨੀਆਂ' ਨਾਟਕ ਵੀ ਲਿਖਿਆ ਸੀ ਜੋ ਪਿੰਡ ਦੀ ਨਾਟਕ ਟੀਮ ਵਲੋਂ ਪਿੰਡ ਦੇ ਵੱਡੇ ਦਰਵਾਜੇ ਖੇਡਿਆ ਵੀ ਗਿਆ।ਦਰਸ਼ਕਾਂ ਨੇ ਇਹ ਨਾਟਕ ਕਾਫੀ ਪਸੰਦ ਕੀਤਾ। ਪ੍ਰਸਿੱਧ ਕਹਾਣੀਕਾਰ ਅਜਮੇਰ ਸਿੱਧੂ ਨੇ ਸਰੂਪ ਸਿੰਘ ਦੇ ਜੀਵਨ ਅਤੇ ਕਲਾ ਪੱਖ ਤੇ ਬੋਲਦਿਆਂ ਕਿਹਾ -ਸਰੂਪ ਸਿੰਘ ਨੇ ਛੋਟੇ ਜਿਹੇ ਪਿੰਡ ਮੰਗੂਵਾਲ ਦੀ ਧਰਤੀ ਤੇ ਸਕੈੱਚ ਅਤੇ ਜਲ ਰੰਗਾਂ ਰਾਹੀਂ ਸ਼ੁਰੂਆਤ ਕੀਤੀ ਅਤੇ ਇੰਗਲੈਂਡ ਜਾ ਕੇ ਤੇਲ ਰੰਗਾਂ ਰਾਹੀਂ ਚਿੱਤਰਕਾਰੀ ਕਰਕੇ ਵਿਸ਼ਵ ਪੱਧਰ ਦੇ ਪੰਜਾਬੀ ਭਾਈਚਾਰੇ ਵਿੱਚ ਨਾਮਣਾ ਖੱਟਿਆ। ਉਸਨੇ ਸਿੱਖ ਗੁਰੂਆਂ , ਪੰਜਾਬੀ ਸੱਭਿਆਚਾਰ, ਪ੍ਰਸਿੱਧ ਸਾਹਿਤਕਾਰਾਂ / ਰਾਜਨੀਤਕ ਆਗੂਆਂ , ਬ੍ਰਹਿਮੰਡ , ਸਮੁੰਦਰੀ ਦ੍ਰਿਸ਼ , ਪਹਾੜ , ਝੀਲਾਂ , ਘੋੜਿਆਂ , ਔਰਤਾਂ ਵਾਰ ਐਂਡ ਪੀਸ ਆਦਿ ਨੂੰ ਪੇਂਟਿੰਗਜ਼ ਰਾਹੀਂ ਜਿਉਂਦਾ ਕੀਤਾ ਅਤੇ ਵਡੇਰੇ ਅਰਥ ਪ੍ਰਦਾਨ ਕੀਤੇ। ਉਸਨੇ ਵਿਤਕਰਿਆਂ ਅਤੇ ਬੇਇਨਸਾਫੀਆਂ ਖਿਲਾਫ ਲੜਨ ਵਾਲੀਆਂ ਸੰਸਾਰ ਪ੍ਰਸਿੱਧ ਹਸਤੀਆਂ ਨੂੰ ਬੁਰਸ਼ ਅਤੇ ਰੰਗਾਂ ਰਾਹੀਂ ਅਮਰ ਕੀਤਾ ।ਉਹਨਾਂ ਕਿਹਾ ਕਿ ਡਰਬੀ (ਯੂ.ਕੇ) ਦੀ ਆਰਟ ਗੈਲਰੀ ਅਤੇ ਯੋਰਪ ਦੀਆਂ ਹੋਰ ਆਰਟ ਗੈਲਰੀਆਂ ਵਿਚ ਸਰੂਪ ਸਿੰਘ ਦੇ ਬਣਾਏ ਚਿੱਤਰ ਸੁਸ਼ੋਭਿਤ ਹਨ। ਸਰੂਪ ਸਿੰਘ ਦੀ ਮੂੰਹ ਬੋਲੀ ਬੇਟੀ ਅਮਰਜੀਤ ਕੌਰ ਭਾਮ,ਪ੍ਰਸਿੱਧ ਕਵੀ ਫਤਹਿਜੀਤ ਸਿੰਘ ਦੀ ਬੇਟੀ ਬਲਜੀਤ ਕੌਰ ਨੇ ਕਿਹਾ ਕਿ ਸਰੂਪ ਸਿੰਘ ਨੇ ਪੰਜਾਬ ਦੀਆਂ ਮਹੱਤਵਪੂਰਨ ਸ਼ਖਸੀਅਤਾਂ, ਖਾਸ ਕਰਕੇ ਸਿੱਖ ਇਤਿਹਾਸ ਦੇ ਨਾਇਕਾਂ ਅਤੇ ਸੱਭਿਆਚਾਰਕ ਪ੍ਰਤੀਕਾਂ ਦੇ ਪੋਰਟਰੇਟ ਬਣਾਏ। ਉਨ੍ਹਾਂ ਦੀਆਂ ਰਚਨਾਵਾਂ ਵਿੱਚ ਰੰਗਾਂ ਦੀ ਗਹਿਰਾਈ ਅਤੇ ਵੇਰਵਿਆਂ 'ਤੇ ਧਿਆਨ ਦੇਣ ਦੀ ਵਿਲੱਖਣ ਸ਼ੈਲੀ ਸੀ । ਉਹਨਾਂ ਨੇ ਕਿਹਾ ਕਿ ਸਰੂਪ ਸਿੰਘ ਨੂੰ ਉਨ੍ਹਾਂ ਦੇ ਕਲਾਤਮਕ ਯੋਗਦਾਨ ਲਈ ਕਈ ਸਨਮਾਨ ਮਿਲੇ। ਉਨ੍ਹਾਂ ਦੀਆਂ ਰਚਨਾਵਾਂ ਨੂੰ ਪੰਜਾਬੀ ਸੱਭਿਆਚਾਰ ਦੀ ਇੱਕ ਅਮੁੱਲੀ ਦੇਣ ਮੰਨਿਆ ਜਾਂਦਾ ਹੈ। ਇਸ ਮੌਕੇ ਹਰੀ ਰਾਮ ਰਸੂਲਪੁਰੀ,ਅਮਰਜੀਤ ਕੌਰ ਭਾਮ, ਬਲਵੀਰ ਮੰਗੂਵਾਲ ਅਤੇ ਮਾਸਟਰ ਬਲਵੀਰ ਕੁਮਾਰ ਨੇ ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ। ਮੰਚ ਸੰਚਾਲਨ 'ਪ੍ਰਵਾਜ਼ ਪੰਜਾਬ ' ਦੇ ਆਗੂ ਜਸਬੀਰ ਦੀਪ ਨੇ ਕੀਤਾ।

# ਮਾ. ਜਗਦੀਸ਼ ਰਾਏਪੁਰ ਡੱਬਾ ਤਰਕਸ਼ੀਲ ਸੁਸਾਇਟੀ ਜੋਨ ਨਵਾਂਸ਼ਹਿਰ ਦੇ ਜਥੇਬੰਦਕ ਮੁਖੀ ਚੁਣੇ ਗਏ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਨਵਾਂਸ਼ਹਿਰ ( ਚਰਨਜੀਤ ਸੱਲ੍ਹਾ )- ਤਰਕਸ਼ੀਲ ਸੁਸਾਇਟੀ ਪੰਜਾਬ (ਰਜਿ:) ਜੋਨ ਨਵਾਂਸ਼ਹਿਰ ਦਾ ਚੋਣ ਇਜਲਾਸ ਕਾਮਰੇਡ ਮਲਕੀਤ ਚੰਦ ਮੇਹਲੀ ਹਾਲ ਬੰਗਾ ਰੋਡ ਨਵਾਂਸ਼ਹਿਰ ਵਿਖੇ ਹੋਇਆ। ਜੋਨ ਮੁਖੀ ਸੱਤਪਾਲ ਸਲੋਹ ਜੀ ਦੀ ਅਗਵਾਈ ਵਿੱਚ ਹੋਏ ਇਸ ਇਜਲਾਸ ਦਾ ਆਗਾਜ਼ ਜੋਗਿੰਦਰ ਕੁੱਲੇਵਾਲ ਮੁਖੀ ਸੱਭਿਆਚਾਰਕ ਵਿਭਾਗ ਪੰਜਾਬ ਦੇ ਲੈਕਚਰ ਨਾਲ ਹੋਇਆ।ਸਭ ਤੋਂ ਪਹਿਲਾਂ ਜਥੇਬੰਦਕ ਮੁਖੀ ਸੱਤਪਾਲ ਸਲੋਹ ਨੇ ਆਪਣੇ ਵਿਭਾਗ ਦੀ ਬੀਤੇ ਦੇ ਸਾਲਾਂ ਦੀ ਕਾਰਗੁਜ਼ਾਰੀ ਰਿਪੋਰਟ ਪੇਸ਼ ਕੀਤੀ। ਫਿਰ ਵਿੱਤ ਵਿਭਾਗ ਮੁਖੀ ਸੁਖਵਿੰਦਰ ਗੋਗਾ, ਸੱਭਿਆਚਾਰਕ ਵਿਭਾਗ ਮੁਖੀ ਮਾ.ਰਾਮਪਾਲ ਰਾਹੋਂ ਅਤੇ ਮੀਡੀਆ ਵਿਭਾਗ ਦੇ ਮੁਖੀ ਮਾ. ਜਗਦੀਸ਼ ਰਾਏਪੁਰ ਡੱਬਾ ਨੇ ਵਾਰੋ ਵਾਰੀ ਦੋ ਸਾਲਾਂ ਦੀਆਂ ਕਾਰਗੁਜ਼ਾਰੀ ਰਿਪੋਰਟਾਂ ਵਿਸਥਾਰ ਪੂਰਵਕ ਪੇਸ਼ ਕੀਤੀਆਂ। ਪੇਸ਼ ਕੀਤੀਆਂ ਰਿਪੋਰਟਾਂ ਦੀ ਹਾਜ਼ਰ ਡੈਲੀਗੇਟਾਂ ਦੁਆਰਾ ਸ਼ਲਾਘਾ ਕੀਤੀ ਅਤੇ ਪ੍ਰਵਾਨ ਕੀਤੀਆਂ ਗਈਆਂ। ਉਪਰੰਤ ਪੇਸ਼ ਕਾਰਗੁਜ਼ਾਰੀ ਰਿਪੋਰਟਾਂ ਤੇ ਭਖਵੀਂ ਬਹਿਸ ਵੀ ਹੋਈ। ਬਹਿਸ ਵਿੱਚ ਮਾਸਟਰ ਰਾਜ ਕੁਮਾਰ ਗੜ੍ਹਸ਼ੰਕਰ, ਜੋਗਿੰਦਰ ਕੁੱਲੇਵਾਲ,ਡਾ. ਦਲਵੀਰ ਮਾਹਿਲ, ਕੁਲਵਿੰਦਰ ਖਟਕੜ, ਬਲਵਿੰਦਰ ਕੌਰ ਸਲੋਹ, ਸੰਤੋਸ਼ ਖਟਕੜ, ਰੂਬੀ ਬੰਗਾ, ਹਰਜਿੰਦਰ ਸੂੰਨੀ, ਸੁਖਵਿੰਦਰ ਲੰਗੇਰੀ, ਮੋਹਨ ਬੀਕਾ, ਕੁਲਵਿੰਦਰ ਖਟਕੜ ਅਤੇ ਸੁਰੇਸ਼ ਕਰਨਾਣਾ ਆਦਿ ਨੇ ਭਾਗ ਲਿਆ।ਇਸ ਮੌਕੇ ਮਾ. ਜਗਦੀਸ਼ ਅਤੇ ਮਾ. ਰਾਜ ਕੁਮਾਰ ਦੁਆਰਾ ਅਗਾਂਹਵਧੂ ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ ਗਈਆਂ। ਉਪਰੰਤ ਪੁਰਾਣੀ ਜੋਨ ਕਮੇਟੀ ਨੂੰ ਭੰਗ ਕੀਤਾ ਗਿਆ ਅਤੇ ਅਗਲੇ ਦੋ ਸਾਲਾਂ ਲਈ ਨਵੀਂ ਜੋਨ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਨਵੇਂ ਚੁਣੇ ਅਹੁਦੇਦਾਰਾਂ ਵਿੱਚ ਜਥੇਬੰਦਕ ਵਿਭਾਗ ਦੇ ਮੁਖੀ ਮਾ. ਜਗਦੀਸ਼ ਰਾਏਪੁਰ ਡੱਬਾ, ਵਿੱਤ ਵਿਭਾਗ ਦੇ ਮੁਖੀ ਸੁਖਵਿੰਦਰ ਗੋਗਾ, ਸੱਭਿਆਚਾਰਕ ਵਿਭਾਗ ਦੇ ਮੁਖੀ ਮੋਹਨ ਬੀਕਾ, ਮੀਡੀਆ ਵਿਭਾਗ ਦੇ ਮੁਖੀ ਬਲਜਿੰਦਰ ਸਵਾਜਪੁਰ ਅਤੇ ਮਾਨਸਿਕ ਚੇਤਨਾ ਮਸ਼ਵਰਾ ਵਿਭਾਗ ਦੇ ਮੁਖੀ ਸੱਤਪਾਲ ਸਲੋਹ ਨੂੰ ਚੁਣਿਆ ਗਿਆ।ਚੁਣੀ ਗਈ ਨਵੀਂ ਟੀਮ ਮੈਂਬਰਾਂ ਨੇ ਇਮਾਨਦਾਰੀ ਅਤੇ ਸ਼ਿੱਦਤ ਨਾਲ ਕੰਮ ਕਰਨ ਦਾ ਭਰੋਸਾ ਦਿਵਾਇਆ। ਅੰਤ ਵਿੱਚ ਸੂਬਾ ਕਮੇਟੀ ਮੈਂਬਰ ਜੋਗਿੰਦਰ ਕੁੱਲੇਵਾਲ ਨੇ ਚੁਣੀ ਗਈ ਟੀਮ ਨੂੰ ਆਉਣ ਵਾਲੇ ਸਮੇਂ ਵਿੱਚ ਕਰਨ ਵਾਲੇ ਕੰਮਾਂ ਸਬੰਧੀ ਜਾਣਕਾਰੀ ਦਿੱਤੀ। ਉਹਨਾਂ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਅੰਧਵਿਸ਼ਵਾਸਾਂ, ਵਹਿਮਾਂ ਭਰਮਾਂ, ਰੂੜੀਵਾਦੀ ਰਸਮਾਂ ਰਿਵਾਜਾਂ ਨੂੰ ਤਿਆਗ ਕੇ ਵਿਗਿਆਨਕ ਸੋਚ ਦੇ ਧਾਰਨੀ ਬਣਨ। ਸਟੇਜ ਸਕੱਤਰ ਦੀ ਭੂਮਿਕਾ ਮਾ. ਜਗਦੀਸ਼ ਦੁਆਰਾ ਬਾਖੂਬੀ ਨਿਭਾਈ ਗਈ।ਇਸ ਮੌਕੇ ਗੁਰਨਾਮ ਹਾਜੀਪੁਰ, ਸੰਜੀਵ ਕੁਮਾਰ ਨਵਾਂ ਸ਼ਹਿਰ ਅਤੇ ਕਰਨਦੀਪ ਗੜ੍ਹਸ਼ੰਕਰ ਆਦਿ ਹਾਜ਼ਰ ਸਨ।

ਮਾਸਟਰ ਜਗਦੀਸ਼ ਰਾਏਪੁਰ ਡੱਬਾ ਮੁੱਖੀ ਜਥੇਬੰਦਕ ਵਿਭਾਗ ਤ.ਸ.ਪੰਜਾਬ ਜੋਨ ਨਵਾਂਸ਼ਹਿਰ ਫੋਨ 9417434038

# ਪੜ੍ਹੋ ਜੁੜੋ ਸੰਘਰਸ਼ ਕਰੋ ਮੇਨ ਗੱਲ ਸਮਝ ਕੇ ਅੱਗੇ ਵਧਣਾ ਚਾਹੀਦਾ ਹੈ --ਧਰਮ ਪਾਲ ਤਲਵੰਡੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਬੰਗਾ (ਚਰਨਜੀਤ ਸੱਲ੍ਹਾ ) Symbol of knowledge ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਬਾਬਾ ਸਾਹਿਬ ਅੰਬੇਡਕਰ ਜੀ ਜਿਨਾਂ ਦਾ 134ਵਾਂ ਜਨਮ ਦਿਹਾੜਾ ਪਿੰਡ ਕਟਾਰੀਆਂ ਜਿਲਾ ਸ਼ਹੀਦ ਭਗਤ ਸਿੰਘ ਨਗਰ ਵਿਖੇ ਮਨਾਇਆ ਗਿਆ ।ਸਭ ਤੋਂ ਪਹਿਲਾਂ ਬਾਬਾ ਸਾਹਿਬ ਅੰਬੇਡਕਰ,ਸ਼ਹੀਦ ਭਗਤ ਸਿੰਘ ਅਤੇ ਸ਼ਹੀਦ ਉਧਮ ਸਿੰਘ ਫੁੱਲ ਮਾਲਾ ਪਾ ਕੇ ਉਹਨਾਂ ਦੀ ਕੁਰਬਾਨੀ ਨੂੰ ਯਾਦ ਕੀਤਾ ਗਿਆ ਇਸ ਮੌਕੇ ਤੇ ਵਿਸ਼ੇਸ਼ ਤੌਰ ਤੇ ਪਹੁੰਚੇ ਮੁੱਖ ਬੁਲਾਰੇ ਧਰਮਪਾਲ ਤਲਵੰਡੀ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਕਿਹਾ ਕਿ ਜਿਨਾਂ ਦੇ ਮੇਰੇ ਸਮਾਜ ਦੇ ਲੋਕਾਂ ਨੂੰ ਆਪਣੀ ਤਾਕਤ ਦਾ ਅਹਿਸਾਸ ਨਹੀਂ ਹੁੰਦਾ ਆਪਣੀ ਵੋਟ ਦੀ ਕੀਮਤ ਨੂੰ ਨਹੀਂ ਜਾਣਦਾ ਉਨਾ ਚਿਰ ਮੇਰਾ ਸਮਾਜ ਸੱਸ ਸ਼ਾਸਕ ਨਹੀਂ ਬਣ ਸਕਦਾ। ਰਾਜਨੀਤਿਕ, ਆਰਥਿਕ ,ਸਮਾਜਿਕ ਗੁਲਾਮੀ ਤੋਂ ਮੁਕਤੀ ਤਾਂ ਹੀ ਮਿਲ ਸਕਦੀ ਹੈ ਜੇ ਕਿ ਜੇ ਸਾਡੀਆਂ ਆਉਣ ਵਾਲੀਆਂ ਨਸਲਾਂ ਬਾਵਾ ਸਾਹਿਬ ਦੇ ਦਿੱਤੇ ਹੋਏ ਮੂਲ ਮੰਤਰ ਪੜ੍ਹੋ ਜੁੜੋ ਸੰਘਰਸ਼ ਕਰੋ ਨੂੰ ਚੰਗੀ ਤਰਾਂ ਸਮਝਣਗੀਆਂ। ਜਿਨ੍ਹਾਂ ਜਿਨਾਂ ਲੋਕਾਂ ਦਾ ਰਾਜ ਹੁੰਦਾ ਹੈ ਉਹਨਾਂ ਦੀਆਂ ਧੀਆਂ ਭੈਣਾਂ ਦੀਆਂ ਸੁਰਖਿਤ ਰਹਿੰਦੀਆਂ।ਉਹ ਕੌਮਾ ਕਿਸੇ ਦੇ ਗੁਲਾਮ ਨਹੀਂ ਰਹਿੰਦੀਆਂ। ਲੈਕਚਰਾਰ ਮਨਜਿੰਦਰ ਸਿੰਘ ਕਲਸੀ ਨੇ ਕਿਹਾ ਕਿ ਐਜੂਕੇਸ਼ਨ ਤੋਂ ਬਗੈਰ ਸਮਾਜ ਤਰੱਕੀ ਨਹੀਂ ਕਰ ਸਕਦਾ। ਇਸ ਮੌਕੇ ਤੇ ਇੰਸਪੈਕਟਰ ਪ੍ਰੇਮ ਸਿੰਘ ਕਲਸੀ ,ਮਹਿੰਦਰ ਪਾਲ ਪਟਵਾਰੀ ,ਸਰਪੰਚ ਵਰਿੰਦਰ ਸਿੰਘ, ਰਜਿੰਦਰ ਸਿੰਘ ਚਾਕ ,ਗੁਰਬਚਨ ਸਿੰਘ ਬਾਦਸ਼ਾਹ, ਮਲਕੀਤ ਰਾਮ ਬੰਗਾ ,ਜੋਗਾ ਸਿੰਘ ,ਮਲਕੀਤ ਸਿੰਘ ,ਬਾਬਾ ਸਰਜੀਤ ਸਿੰਘ ਕਲਸੀ ਅਤੇ ਹੋਰ ਨਗਰ ਨਿਵਾਸੀ ਨੌਜਵਾਨ ਬਜ਼ੁਰਗ ਬੀਬੀਆਂ ਭੈਣਾਂ ਅਤੇ ਬੱਚੇ ਹਾਜ਼ਰ ਸਨ ਉਸ ਤੋਂ ਬਾਅਦ ਪਰਬੰਧਕਾਂ ਵੱਲੋਂ ਸਕੂਲ ਵਿੱਚ ਪੜਨ ਵਾਲੇ ਬੱਚਿਆਂ ਨੂੰ ਸਟੇਸ਼ਨਰੀ ਦਾ ਸਮਾਨ ਵੰਡਿਆ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਲੈਕਚਰਾਰ ਮਨਜਿੰਦਰ ਸਿੰਘ ਕਲਸੀ ਅਤੇ ਇੰਸਪੈਕਟਰ ਪ੍ਰੇਮ ਸਿੰਘ ਕਲਸੀ ਹੁਰਾਂ ਵਲੋਂ ਨਗਰ ਨਿਵਾਸੀਆਂ ਅਤੇ ਆਏ ਸਾਥੀਆਂ ਦਾ ਧੰਨਵਾਦ ਕੀਤਾ ਅਤੇ ਚਾਹ ਪਕੌੜਿਆਂ ਲੰਗਰ ਵੀ ਵਰਤਾਇਆ ਗਿਆ।

# ਥਾਣਾ ਮੇਹਟੀਆਣਾ ਦੀ ਪੁਲਿਸ ਨੇ 35 ਗ੍ਰਾਮ ਨਸ਼ੀਲੇ ਪਦਾਰਥ ਸਮੇਤ ਕੀਤਾ ਇੱਕ ਵਿਅਕਤੀ ਨੂੰ ਕਾਬੂ !

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 19 ਅਪ੍ਰੈਲ ( ਤਰਸੇਮ ਦੀਵਾਨਾ ) ਸੰਦੀਪ ਮਲਿਕ ਆਈ.ਪੀ. ਐਸ.ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਵੱਲੋ ਦਿੱਤੇ ਦਿਸ਼ਾ ਨਿਰਦੇਸ਼ਾ ਅਤੇ ਮੁਕੇਸ਼ ਕੁਮਾਰ ਪੀ.ਪੀ.ਐਸ, ਪੁਲਿਸ ਕਪਤਾਨ ਤਫਤੀਸ਼ ਦੀ ਰਹਿਨੁਮਾਈ ਹੇਠ ਨਸ਼ੀਲੀਆ ਵਸਤੂਆ ਦੀ ਸਮੱਗਲਿਗ ਕਰਨ ਵਾਲੇ ਵਿਅਕਤੀਆ ਦੇ ਖਿਲਾਫ ਸ਼ੁਰੂ ਕੀਤੀ ਮੁਹਿੰਮ ਤਹਿਤ ਪਲਵਿੰਦਰ ਸਿੰਘ ਉਪ ਪੁਲਿਸ ਕਪਤਾਨ ਚੱਬੇਵਾਲ ਦੇ ਦਿਸ਼ਾ ਨਿਰਦੇਸ਼ਾ ਤੇ ਇੰਸਪੈਕਟਰ ਬਲਜੀਤ ਸਿੰਘ ਹੁੰਦਲ ਮੁੱਖ ਅਫਸਰ ਥਾਣਾ ਮੇਹਟੀਆਣਾ ਵੱਲੋਂ ਉਚ ਅਫਸਰਾਂ ਦੀਆਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦੇ ਹੋਏ

ਦੱਸਿਆ ਕਿ ਪੁਲਿਸ ਪਾਰਟੀ ਫਗਵਾੜਾ ਰੋਡ ਤੋਂ ਹੁਸ਼ਿਆਰਪੁਰ ਵੱਲ ਨੂੰ ਜਾ ਰਹੇ ਸੀ। ਤਾ ਇੱਕ ਮੋਨਾ ਨੌਜਵਾਨ ਸੜਕ ਵੱਲ ਨੂੰ ਆ ਰਿਹਾ ਸੀ, ਪੁਲਿਸ ਪਾਰਟੀ ਨੇ ਉਸ ਵਿਅਕਤੀ ਨੂੰ ਸ਼ੱਕ ਦੇ ਅਧਾਰ ਤੇ ਰੋਕ ਕੇ ਉਸਦਾ ਨਾਮ ਪਤਾ ਪੁੱਛਿਆ, ਜਿਸਨੇ ਪੁੱਛਣ ਤੇ ਆਪਣਾ ਨਾਮ ਹਰਦੀਪ ਕੁਮਾਰ ਉਰਫ ਸੰਨੀ ਪੁੱਤਰ ਹਰਮੇਸ਼ ਲਾਲ ਵਾਸੀ ਅਜੜਮ ਦੱਸਿਆ ਉਕਤ ਵਿਅਕਤੀ ਦੀ ਤਲਾਸ਼ੀ ਕਰਨ ਤੇ ਉਸ ਕੋਲੋ 35 ਗ੍ਰਾਮ ਨਸ਼ੀਲਾ ਪਦਾਰਥ ਪਾਉਡਰ ਨੁਮਾ ਬ੍ਰਾਮਦ ਕੀਤਾ ਗਿਆ ਜਿਸਦੇ ਬਰਖਿਲਾਫ ਥਾਣਾ ਮੇਹਟੀਆਣਾ ਵਿਖੇ ਮੁਕੱਦਮਾ ਦਰਜ ਕੀਤਾ ਗਿਆ। ਉਹਨਾਂ ਦੱਸਿਆ ਕੀ ਕਥਿਤ ਦੋਸ਼ੀ ਹਰਦੀਪ ਕੁਮਾਰ ਉਰਫ ਸੰਨੀ ਉਕਤ ਵੱਲੋ ਬਰਾਮਦ ਹੋਏ ਨਸ਼ੀਲੇ ਪਦਾਰਥ ਪਾਉਡਰ ਨੁਮਾ ਸਬੰਧੀ ਬਰੀਕੀ ਨਾਲ ਪੁੱਛਗਿੱਛ ਜਾਰੀ ਹੈ ਅਤੇ ਉਕਤ ਵਿਅਕਤੀ ਵੱਲੋਂ ਨਸ਼ੇ ਦੀ ਸਮਗਲਿੰਗ ਕਰਕੇ ਬਣਾਈ ਗਈ ਜਾਇਦਾਦ ਦਾ ਵੀ ਪਤਾ ਲਗਾਇਆ ਜਾ ਰਿਹਾ ਹੈ।

# ਅਕਾਲੀ ਫੂਲਾ ਸਿੰਘ ਨਸ਼ਾ ਛੁਡਾਊ, ਦਸਤਾਰ ਸਜਾਓ ਵੈਲਫੇਅਰ ਸੁਸਾਇਟੀ ਵੱਲੋਂ ਸਟੇਟ ਐਵਾਰਡੀ ਡਾ. ਪ੍ਰੀਆ ਜਿੰਦਲ ਦਾ ਸਨਮਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਸੰਗਰੂਰ,19 ਅਪ੍ਰੈਲ (ਜਗਸੀਰ ਲੌਂਗੋਵਾਲ)- ਅੱਜ ਸੰਗਰੂਰ ਵਿਖੇ ਅਕਾਲੀ ਫੂਲਾ ਸਿੰਘ ਨਸ਼ਾ ਛੁਡਾਉ, ਦਸਤਾਰ ਸਜਾਓ ਮਿਸ਼ਨ ਪੰਜਾਬ ਵੱਲੋ ਸਟੇਟ ਐਵਾਰਡੀ ਡਾਕਟਰ ਪ੍ਰੀਆ ਜਿੰਦਲ ਨੂੰ ਚੰਗੀਆਂ ਸਿਹਤ ਸਹੂਲਤਾ ਦੇਣ ਲਈ ਸਨਮਾਨਿਤ ਕੀਤਾ ਗਿਆ ।ਇਸ ਮੌਕੇ ਡਾਕਟਰ ਪ੍ਰੀਆ ਜਿੰਦਲ ਨੇ ਮਿਸ਼ਨ ਦੇ ਆਗੂਆ ਨੂੰ ਕਿਹਾ ਕਿ ਜਦੋ ਵੀ ਮਿਸ਼ਨ ਵੱਲੋ ਕੋਈ ਨਸ਼ਾ ਛੁਡਾਓ ਦਸਤਾਰ ਸਜਾਓ ਕੈਂਪ ਲਗਾਇਆ ਜਾਵੇਗਾ ਉਸ ਸਮੇਂ ਮੇਰੇ ਵੱਲੋ ਪੂਰਨ ਸਹਿਯੋਗ ਦਿੱਤਾ ਜਾਵੇਗਾ ਤਾ ਜੋ ਪੰਜਾਬ ਦੀ ਜਵਾਨੀ ਅਤੇ ਦਸਤਾਰ ਦੀ ਸੰਭਾਲ ਕਰਨ ਲਈ ਆਪਣਾ ਯੋਗਦਾਨ ਪਾਇਆ ਜਾ ਸਕੇ । ਇਸ ਮੌਕੇ ਮਿਸ਼ਨ ਦੇ ਪ੍ਰਧਾਨ ਜਗਸੀਰ ਸਿੰਘ ਖੇੜੀ ਚੰਦਵਾ,ਖਜਾਨਚੀ ਪਾਲੀ ਸਿੰਘ ਕਮਲ ਸਾਬਕਾ ਸਰਪੰਚ ਉਭਾਵਾਲ, ਸੈਕਟਰੀ ਨਿਰਭੈ ਸਿੰਘ ਛੰਨਾ, ਸਲਾਹਕਾਰ ਹਰਵਿੰਦਰ ਸਿੰਘ ਬਡਰੁੱਖਾਂ, ਸਤਿਗੁਰ ਸਿੰਘ ਮੈਂਬਰ ਖੇੜੀ ਚੰਦਵਾ ਹਾਜ਼ਰ ਸਨ

# ਮਾਤਾ ਗੁਰਦੇਵ ਕੌਰ ਅਕਲੀਆ ਦੀ ਅੰਤਮ ਅਰਦਾਸ 22 ਨੂੰ

## ਲਿਬਰੇਸ਼ਨ ਵਲੋਂ ਪਰਿਵਾਰ ਨਾਲ ਹਮਦਰਦੀ ਦਾ ਪ੍ਰਗਟਾਵਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਮਾਨਸਾ, 19 ਅਪਰੈਲ (ਆਤਮਾ ਸਿੰਘ ਪਮਾਰ) ਸੀਪੀਆਈ ਐਮ ਐਲ ਲਿਬਰੇਸ਼ਨ ਦੇ ਇਨਕਲਾਬੀ ਗਾਇਕ ਅਜਮੇਰ ਅਕਲੀਆ ਅਤੇ ਮੇਹਰ ਸਿੰਘ ਅਕਲੀਆ ਦੇ ਮਾਤਾ ਗੁਰਦੇਵ ਕੌਰ ਸਦੀਵੀ ਵਿਛੋੜਾ ਦੇ ਜਾਣ 'ਤੇ ਦੁੱਖ ਦਾ ਪ੍ਰਗਟਾਵਾ ਕਰਦੇ ਹੋਏ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਹੈ।

ਪਾਰਟੀ ਦੇ ਸੀਨੀਅਰ ਆਗੂ ਕਾਮਰੇਡ ਸੁਖਦਰਸ਼ਨ ਸਿੰਘ ਨੱਤ ਨੇ ਦੱਸਿਆ ਕਿ ਮਾਤਾ ਜੀ ਦੀ ਉਮਰ ਕਰੀਬ 85 ਸਾਲ ਸੀ। ਇੱਕ ਸੜਕ ਹਾਦਸੇ 'ਚ ਫੱਟੜ ਹੋ ਜਾਣ ਕਾਰਨ 13 ਅਪ੍ਰੈਲ ਨੂੰ ਉਨ੍ਹਾਂ ਦੀ ਮੌਤ ਹੋ ਗਈ ਸੀ। ਮਾਤਾ ਗੁਰਦੇਵ ਕੌਰ ਦੀ ਅੰਤਮ ਅਰਦਾਸ 22 ਅਪ੍ਰੈਲ ਨੂੰ ਗੁਰਦੁਆਰਾ ਕੇਰਵਾਲਾ ਸਾਹਿਬ ਪਿੰਡ ਅਕਲੀਆ ਵਿਖੇ ਦੁਪਹਿਰ 12 ਵਜੇ ਹੋਵੇਗੀ। ਪਿੰਡ ਅਕਲੀਆ ਮਾਨਸਾ ਬਰਨਾਲਾ ਸੜਕ 'ਤੇ ਕਸਬਾ ਜੋਗਾ ਦੇ ਨਜ਼ਦੀਕ ਹੈ। ਬਿਆਨ ਵਿੱਚ ਇਨਕਲਾਬੀ ਲਹਿਰ ਤੇ ਜਨਤਕ ਜੱਥੇਬੰਦੀਆਂ ਦੇ ਆਗੂਆਂ ਤੇ ਵਰਕਰਾਂ ਨੂੰ ਇਸ ਮੌਕੇ ਪਹੁੰਚਣ ਅਤੇ ਅੰਤਿਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਬੇਨਤੀ ਕੀਤੀ



ਜਾਂਦੀ ਹੈ।

ਵੱਲੋਂ - ਕਾ .ਸੁਖਦਰਸ਼ਨ ਸਿੰਘ ਨੱਤ ਸੀਨੀਅਰ ਆਗੂ ਸੀ.ਪੀ. ਆਈ (ਐਮ ਐਲ)

# ਮੋਹਾਲੀ ਦੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵੱਲੋਂ ਵਿਲੱਖਣ ਪ੍ਰਦਰਸ਼ਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com



ਮੋਹਾਲੀ : 34 ਵਿਦਿਆਰਥੀਆਂ ਨੇ ਜੇ ਈ ਈ ਮੇਨਜ਼ ਵਿੱਚ ਸਫ਼ਲਤਾ ਹਾਸਲ ਕੀਤੀ ਪੰਜਾਬ ਦੇ ਸਰਕਾਰੀ ਸਕੂਲਾਂ ਦੇ ਬਾਕੀ ਵਿਦਿਆਰਥੀਆਂ ਲਈ ਇੱਕ ਮਿਸਾਲ ਕਾਇਮ ਕਰਦੇ ਹੋਏ, ਮੋਹਾਲੀ ਜ਼ਿਲ੍ਹੇ ਦੇ 34 ਵਿਦਿਆਰਥੀਆਂ ਨੇ ਦੇਸ਼ ਦੀਆਂ ਨਾਮਵਰ ਇੰਜੀਨੀਅਰਿੰਗ ਸਿੱਖਿਆ ਸੰਸਥਾਵਾਂ ਵਿੱਚ ਦਾਖਲਾ ਲੈਣ ਦਾ ਆਪਣਾ ਰਾਹ ਪੱਧਰਾ ਕੀਤਾ ਹੈ।

ਵੇਰਵੇ ਸਾਂਝੇ ਕਰਦਿਆਂ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਡਾ. ਗਿੰਨੀ ਦੁੱਗਲ ਨੇ ਕਿਹਾ ਕਿ ਰਿਤੂ ਸ਼ਰਮਾ ਦੀ ਅਗਵਾਈ ਅਤੇ ਅਧਿਆਪਕਾਂ ਦੀ ਸਖ਼ਤ ਮਿਹਨਤ ਹੇਠ, ਮੈਰੀਟੋਰੀਅਸ ਸਕੂਲ ਮੋਹਾਲੀ ਦੇ 28 ਅਤੇ ਮੋਹਾਲੀ ਦੇ ਹੋਰ ਸਰਕਾਰੀ ਸਕੂਲਾਂ ਦੇ 6 ਵਿਦਿਆਰਥੀਆਂ ਨੇ ਜੇ ਈ ਈ ਮੇਨਜ਼ ਵਿੱਚ ਸਫ਼ਲਤਾ ਹਾਸਲ ਕੀਤੀ ਹੈ ਜੋ ਕਿ ਦੇਸ਼ ਦੀਆਂ ਨਾਮਵਰ ਇੰਜੀਨੀਅਰਿੰਗ ਦੀ ਪੜ੍ਹਾਈ ਕਰਵਾਉਣ ਵਾਲੀਆਂ ਸੰਸਥਾਵਾਂ ਵਿੱਚ ਦਾਖਲਾ ਲੈਣ ਲਈ ਲਾਜ਼ਮੀ ਯੋਗਤਾ ਮਾਪਦੰਡ ਹੈ। ਉਨ੍ਹਾਂ ਅੱਗੇ ਕਿਹਾ ਕਿ ਹਰਮਨਪ੍ਰੀਤ ਸਿੰਘ ਨੇ 99.105, ਸਚਿਨ ਨੇ 92.83, ਜਸਪ੍ਰੀਤ ਕੌਰ ਨੇ 98.11 ਅਤੇ ਅਰਸ਼ਪ੍ਰੀਤ ਕੌਰ ਨੇ 89.37 ਪ੍ਰਤੀਸ਼ਤ ਪ੍ਰਸੈਂਟਾਈਲ ਪ੍ਰਾਪਤ ਕਰਕੇ ਮੈਰੀਟੋਰੀਅਸ ਸਕੂਲ ਮੋਹਾਲੀ ਦਾ ਨਾਮ ਰੌਸ਼ਨ ਕੀਤਾ ਹੈ।

ਬਿਹਤਰ ਭਵਿੱਖ ਵੱਲ ਸਫਲ ਉਡਾਣ ਭਰਨ ਵਾਲੇ ਜ਼ਿਲ੍ਹੇ ਦੇ ਹੋਰਨਾਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਮਾਡਲ ਸਕੂਲ ਖਰੜ ਤੋਂ ਨਿਸ਼ਠਾ, ਐਸ ਓ ਈ 3ਬੀ1, ਮੋਹਾਲੀ ਤੋਂ ਪ੍ਰਿਯਾਂਸ਼ੂ, ਐਸ ਓ ਈ ਬਨੂੜ ਤੋਂ ਕਰਨਵੀਰ ਸਿੰਘ, ਐਸ ਓ ਈ ਬਾਕਰਪੁਰ ਤੋਂ ਜਸ਼ਨ ਪ੍ਰੀਤ ਕੌਰ, ਸਿਆਲਬਾ ਤੋਂ ਸਾਹਿਲਪ੍ਰੀਤ ਸਿੰਘ ਅਤੇ ਬੂਟਾ ਸਿੰਘ ਵਾਲਾ ਤੋਂ ਨਿਸ਼ਾਂਤ ਥੰਮਣ ਸ਼ਾਮਲ ਹਨ।

ਪ੍ਰੋਜੈਕਟ ਡਾਇਰੈਕਟਰ ਸ਼੍ਰੀਮਤੀ ਰਣਜੀਤ ਕੌਰ ਅਤੇ ਡਿਪਟੀ ਪ੍ਰੋਜੈਕਟ ਡਾਇਰੈਕਟਰ ਬਲਵਿੰਦਰ ਸਿੰਘ ਸੈਣੀ ਨੂੰ ਵਧਾਈ ਦਿੰਦੇ ਹੋਏ, ਡਾ. ਦੁੱਗਲ ਨੇ ਕਿਹਾ ਕਿ ਸ਼ਾਨਦਾਰ ਪ੍ਰਦਰਸ਼ਨ ਨੇ ਹੋਰ ਵਿਦਿਆਰਥੀਆਂ ਵਿੱਚ ਉੱਚ ਪੱਧਰ ਪ੍ਰਾਪਤ ਕਰਨ ਲਈ ਉਤਸ਼ਾਹ ਪੈਦਾ ਕੀਤਾ ਹੈ।

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

# ਸੰਵਾਦ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਦਾ ਹੱਲ

ਲੇਖਕ- ਡਾ. ਅਮਿਤ ਕਾਂਸਲ



ਹਨੇਰਾ! ਹਨੇਰਾ! ਹਨੇਰਾ ਚੀਕਣ ਨਾਲ ਹਨੇਰਾ ਦੂਰ ਨਹੀਂ ਹੁੰਦਾ, ਇਸਨੂੰ ਦੂਰ ਕਰਨ ਲਈ ਦੀਵਾ ਜਗਾਉਣਾ ਪੈਂਦਾ ਹੈ। ਇਸੇ ਤਰ੍ਹਾਂ, ਕਿਸੇ ਵੀ ਸਮੱਸਿਆ ਨੂੰ ਹੱਲ ਕਰਨ ਲਈ ਸਾਨੂੰ ਇਸਦੀ ਜੜ੍ਹ ਨੂੰ ਸਮਝਣ ਦੀ ਲੋੜ ਹੁੰਦੀ ਹੈ। ਇਸ ਦੇ ਲਈ ਇੱਕ ਪ੍ਰਭਾਵਸ਼ਾਲੀ ਰਣਨੀਤੀ ਬਣਾਉਣੀ ਪਵੇਗੀ। ਇਸ ਵੇਲੇ ਪੰਜਾਬ ਵਿੱਚ ਨਸ਼ੇ ਦੇ ਦਾਨਵ ਨੇ ਭਸਮਾਸੁਰ ਦਾ ਰੂਪ ਧਾਰਨ ਕਰ ਲਿਆ ਹੈ। ਸਮਾਜ ਨਾਲ ਸਬੰਧਤ ਹਰ ਵਿਅਕਤੀ ਇਸ ਗੱਲੋਂ ਚਿੰਤਤ ਹੈ ਕਿ ਪੰਜਾਬ ਹੁਣ ਪੰਜ ਦਰਿਆਵਾਂ ਦੀ ਧਰਤੀ ਨਹੀਂ ਰਿਹਾ ਸਗੋਂ ਇਸ ਧਰਤੀ 'ਤੇ ਨਸ਼ਿਆਂ ਦਾ ਇੱਕ ਹੋਰ ਦਰਿਆ ਵਗ ਰਿਹਾ ਹੈ। ਇੱਕ ਪਾਸੇ ਪੰਜਾਬ ਦੀ ਜਵਾਨੀ ਅਤੇ ਦੂਜੇ ਪਾਸੇ ਪੰਜਾਬ ਦਾ ਪਾਣੀ ਖ਼ਤਰੇ ਵਿੱਚ ਹੈ। ਵੱਖ-ਵੱਖ ਰਾਜਨੀਤਿਕ ਪਾਰਟੀਆਂ ਅਤੇ ਸਮਾਜਿਕ ਵਰਕਰਾਂ ਨੇ ਨਸ਼ਿਆਂ ਵਿਰੁੱਧ ਲੜਨ ਦਾ ਸੱਦਾ ਦਿੱਤਾ ਹੈ। ਮੀਡੀਆ ਵਿੱਚ ਬਹੁਤ ਸਾਰੀਆਂ ਸੁਰਖੀਆਂ ਬਣ ਰਹੀਆਂ ਹਨ। ਵੱਖ-ਵੱਖ ਪੱਧਰਾਂ 'ਤੇ ਨਸ਼ੇ ਦੀ ਲਤ ਨੂੰ ਖਤਮ ਕਰਨ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ ਹਨ।

ਪੰਜਾਬ ਦੀ ਧਰਤੀ ਤੋਂ ਨਸ਼ਿਆਂ ਨੂੰ ਖਤਮ ਕਰਨ ਲਈ, ਸਰਕਾਰ ਦੀ ਪਹਿਲੀ ਅਤੇ ਸਭ ਤੋਂ ਵੱਡੀ ਜ਼ਿੰਮੇਵਾਰੀ ਨਸ਼ਿਆਂ ਦੀ ਸਪਲਾਈ ਨੂੰ ਰੋਕਣਾ ਹੈ। ਜੇਕਰ ਸਰਕਾਰ ਪੂਰੀ ਇਮਾਨਦਾਰੀ ਨਾਲ ਢੁਕਵੇਂ ਕਦਮ ਚੁੱਕੇ ਤਾਂ ਯਕੀਨਨ ਪੰਜਾਬ ਦੀ ਪਵਿੱਤਰ ਧਰਤੀ 'ਤੇ ਇੱਕ ਚੁਟਕੀ ਵੀ ਨਸ਼ਾ ਨਹੀਂ ਪਹੁੰਚ ਸਕੇਗਾ। ਉੱਤਰ ਪ੍ਰਦੇਸ਼ ਮਾਡਲ ਦੀ ਪਾਲਣਾ ਕਰਦੇ ਹੋਏ ਪਿਛਲੇ ਕੁਝ ਹਫ਼ਤਿਆਂ ਦੌਰਾਨ ਪੰਜਾਬ ਵਿੱਚ ਪੁਲਿਸ ਦੀ ਨਸ਼ਾ ਤਸਕਰਾਂ ਵਿਰੁੱਧ ਬੁਲਡੋਜ਼ਰ ਕਾਰਵਾਈ, ਬਿਨਾਂ ਸ਼ੱਕ ਉਨ੍ਹਾਂ ਵਿੱਚ ਡਰ ਪੈਦਾ ਕਰ ਰਹੀ ਹੈ।

ਦੂਜੇ ਪਾਸੇ, ਸਰਕਾਰੀ ਪ੍ਰਣਾਲੀ ਨਸ਼ੇ ਦੇ ਸ਼ਿਕਾਰ ਹੋਏ ਲੋਕਾਂ ਨੂੰ ਸਹੀ ਇਲਾਜ ਪ੍ਰਦਾਨ ਕਰਨ ਦਾ ਇੱਕੋ ਇੱਕ ਪ੍ਰਭਾਵਸ਼ਾਲੀ ਸਾਧਨ ਸਾਬਤ ਹੋ ਸਕਦੀ ਹੈ। ਨਸ਼ਾ ਛੁਡਾਊ ਕੇਂਦਰਾਂ ਵਿੱਚ ਉਨ੍ਹਾਂ ਨੂੰ ਸਹੀ ਡਾਕਟਰੀ ਸਲਾਹ ਦਿੱਤੀ ਜਾਣੀ ਚਾਹੀਦੀ ਹੈ ਅਤੇ ਨਾਲ ਹੀ ਧਿਆਨ, ਯੋਗਾ, ਖੇਡਾਂ ਆਦਿ ਗਤੀਵਿਧੀਆਂ ਰਾਹੀਂ ਉਨ੍ਹਾਂ ਦੇ ਸਰੀਰ ਅਤੇ ਮਨ ਨੂੰ ਮਜ਼ਬੂਤ ਬਣਾਇਆ ਜਾਣਾ ਚਾਹੀਦਾ ਹੈ। ਇਕ ਨਸ਼ਾ ਛੁਡਾਊ ਕੇਂਦਰ ਅਸਲ ਵਿੱਚ ਨਸ਼ੇ ਦੇ ਆਦੀ ਨੌਜਵਾਨਾਂ ਦੇ ਪੁਨਰਵਾਸ ਦਾ ਇੱਕ ਸਾਧਨ ਬਣਨਾ ਚਾਹੀਦਾ ਹੈ ਨਾ ਕਿ ਸਿਰਫ਼ ਇੱਕ ਰਸਮੀ ਕਾਰਵਾਈ।

ਇੱਕ ਕਹਾਣੀ ਹੈ ਕਿ ਇੱਕ ਯਾਤਰਾ ਦੌਰਾਨ, ਸਮਰਾਟ ਚੰਦਰਗੁਪਤ ਦਾ ਪ੍ਰਧਾਨ ਮੰਤਰੀ ਅਤੇ ਗੁਰੂ ਚਾਣਕਿਆ ਦੇ ਪੈਰ ਵਿੱਚ ਰਸਤੇ ਵਿੱਚ ਇੱਕ ਕੰਡਿਆਲੀ ਝਾੜੀ ਦਾ ਕੰਡਾ ਚੁਭ ਗਿਆ ਅਤੇ ਉਸਨੂੰ ਅਸਹਿ ਦਰਦ ਹੋਇਆ। ਉਸਦਾ ਇੱਕ ਨੌਕਰ ਝਾੜੀ ਨੂੰ ਕੱਟਣ ਦੀ ਗੱਲ ਕਰਦਾ ਹੈ ਪਰ ਸਿਆਣਾ ਰਣਨੀਤੀਕਾਰ ਚਾਣਕਿਆ ਨੇੜਲੇ ਘਰ ਤੋਂ ਮਿੱਠੀ ਲੱਸੀ ਮੰਗਵਾਉਂਦਾ ਹੈ ਅਤੇ ਇਸਨੂੰ ਝਾੜੀ ਦੀ ਜੜ੍ਹ 'ਤੇ ਡੋਲ੍ਹ ਦਿੰਦਾ ਹੈ ਅਤੇ ਕੁਝ ਹੀ ਸਮੇਂ ਵਿੱਚ ਕੀੜੀਆਂ ਉੱਥੇ ਆ ਜਾਂਦੀਆਂ ਹਨ ਅਤੇ ਝਾੜੀ ਦੀ ਜੜ੍ਹ ਨੂੰ ਪੂਰੀ ਤਰ੍ਹਾਂ ਤਬਾਹ ਕਰ ਦਿੰਦੀਆਂ ਹਨ। ਚਾਣਕਯ ਨੇ ਇਹ ਕੰਮ ਆਪਣੀ ਸਮਾਜਿਕ ਜ਼ਿੰਮੇਵਾਰੀ ਸਮਝਦੇ ਹੋਏ ਕੀਤਾ ਤਾਂ ਜੋ ਭਵਿੱਖ ਵਿੱਚ ਉਸ ਝਾੜੀ ਦਾ ਕੋਈ ਕੰਡਾ ਕਿਸੇ ਨੂੰ ਨੁਕਸਾਨ ਨਾ ਪਹੁੰਚਾ ਸਕੇ। ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ, ਭਵਿੱਖ ਵਿੱਚ ਕੋਈ ਵੀ ਨੌਜਵਾਨ ਅਤੇ ਕੋਈ ਪਰਿਵਾਰ ਨਸ਼ਿਆਂ ਨਾਲ ਬਰਬਾਦ ਨਹੀਂ ਹੋਣਾ ਚਾਹੀਦਾ। ਇਹ ਪੂਰੇ ਸਮਾਜ ਦੀ ਜ਼ਿੰਮੇਵਾਰੀ ਹੈ,ਹਰ ਉਸ ਵਿਅਕਤੀ ਦੀ ਜਿਸਨੂੰ ਸਮਾਜ ਨੇ ਥੋੜ੍ਹਾ ਜਿਹਾ ਵੀ ਦਿੱਤਾ ਹੈ।ਇਸ ਸਮੱਸਿਆ ਦੇ ਹੱਲ ਲਈ ਵੱਖ-ਵੱਖ ਪੱਧਰਾਂ 'ਤੇ ਕਿਸੇ ਵੀ ਦੁਆਰਾ ਜੋ ਵੀ ਯਤਨ ਕੀਤੇ ਜਾ ਰਹੇ ਹਨ, ਉਹ ਜ਼ਰੂਰ ਸ਼ਲਾਘਾਯੋਗ ਹਨ ਪਰ ਇਹ ਵੀ ਮਹੱਤਵਪੂਰਨ ਹੈ ਕਿ ਉਨ੍ਹਾਂ ਦੇ ਕੁਝ ਸਾਰਥਕ ਨਤੀਜੇ ਨਿਕਲਣ।

ਨਸ਼ਾ ਮੁਕਤੀ ਚੇਤਨਾ ਸੰਘ ਪਿਛਲੇ ਦੋ ਸਾਲਾਂ ਤੋਂ ਪੰਜਾਬ ਦੇ ਹਰ ਖੇਤਰ ਵਿੱਚ ਨਸ਼ਾ ਮੁਕਤ ਪੰਜਾਬ ਮੁਹਿੰਮ ਤਹਿਤ ਨਸ਼ਿਆਂ ਤੋਂ ਆਜ਼ਾਦੀ ਲਈ ਜਨ ਜਾਗਰੂਕਤਾ ਮੁਹਿੰਮ ਚਲਾ ਰਿਹਾ ਹੈ। ਇਸ ਸੰਗਠਨ ਦੇ ਸੂਬਾ ਕੋ- ਕੋਆਰਡੀਨੇਟਰ, ਇੱਕ ਸਮਾਜਿਕ ਕਾਰਜ ਕਰਤਾ ਹੋਣ ਦੇ ਨਾਲ-ਨਾਲ 25 ਸਾਲਾਂ ਤੋਂ ਅਧਿਆਪਨ ਦੇ ਖੇਤਰ ਨਾਲ ਜੁੜੇ ਰਹਿਣ ਦੇ ਨਾਲ, ਮੈਨੂੰ ਘਰ ਘਰ ਅਤੇ ਪਿੰਡ ਪਿੰਡ ਪਿੰਡ ਦਾ ਦੌਰਾ ਕਰਕੇ ਇਸ ਸਮੱਸਿਆ ਨੂੰ ਜ਼ਮੀਨੀ ਪੱਧਰ 'ਤੇ ਸਮਝਣ ਦਾ ਮੌਕਾ ਮਿਲਿਆ। ਮੇਰਾ ਮਨ ਇਸ ਸਮੱਸਿਆ ਬਾਰੇ ਚਿੰਤਤ ਹੈ ਅਤੇ ਇਸ ਬਾਰੇ ਲਗਾਤਾਰ ਸੋਚਦਾ ਵੀ ਰਹਿੰਦਾ ਹੈ। ਮੈਨੂੰ ਇਹ ਜਾਣ ਕੇ ਦੁੱਖ ਹੁੰਦਾ ਹੈ ਕਿ ਬਹਾਦਰ ਯੋਧਿਆਂ ਦੀ ਧਰਤੀ ਪੰਜਾਬ ਨੇ ਨਾ ਸਿਰਫ਼ ਆਜ਼ਾਦੀ ਸੰਗਰਾਮ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ, ਸਗੋਂ ਪੰਜਾਬ ਦੇ ਨੌਜਵਾਨ ਭਾਰਤੀ ਫੌਜ ਵਿੱਚ ਆਪਣੀ ਬਹਾਦਰੀ ਅਤੇ ਹਿੰਮਤ ਲਈ ਵੀ ਜਾਣੇ ਜਾਂਦੇ ਹਨ। ਹੁਣ ਅਸੀਂ ਸਾਰੇ ਜਾਣਦੇ ਹਾਂ ਕਿ ਮੌਜੂਦਾ ਸਥਿਤੀ ਕੀ ਹੈ। ਇੱਕ ਸੋਚੀ ਸਮਝੀ ਸਾਜ਼ਿਸ਼ ਤਹਿਤ, ਵਿਦੇਸ਼ੀ ਤਾਕਤਾਂ ਨੇ ਪੰਜਾਬ ਦੇ ਨੌਜਵਾਨਾਂ ਨੂੰ ਤਬਾਹ ਕਰਨ ਲਈ ਪੰਜਾਬ ਵਿੱਚ ਨਸ਼ਿਆਂ ਦਾ ਜਾਲ ਵਿਛਾ ਰੱਖਿਆ ਹੈ। ਪੰਜਾਬ ਦੇ ਨੌਜਵਾਨਾਂ ਨੂੰ ਨਸ਼ੇੜੀ ਅਤੇ ਬੇਸਹਾਰਾ ਬਣਾਇਆ ਜਾ ਰਿਹਾ ਹੈ ਅਤੇ ਨਸ਼ਿਆਂ ਉਹਨਾਂ ਦੀਆਂ ਰਗਾਂ ਵਿੱਚ ਧੱਕ ਕੇ ਉਹਨਾਂ ਦੀ ਹੱਤਿਆ ਕੀਤੀ ਜਾ ਰਹੀ ਹੈ ਅਤੇ ਪੰਜਾਬ ਦੀ ਤਸਵੀਰ ਦੁਨੀਆ ਸਾਹਮਣੇ "ਉਡਦਾ ਪੰਜਾਬ" ਵਜੋਂ ਪੇਸ਼ ਕੀਤੀ ਜਾ ਰਹੀ ਹੈ।

ਨਸ਼ਾਖੋਰੀ ਯਕੀਨੀ ਤੌਰ 'ਤੇ ਇੱਕ ਸਮਾਜਿਕ ਸਮੱਸਿਆ ਹੈ। ਨੌਜਵਾਨਾਂ ਅਤੇ ਬੱਚਿਆਂ ਵਿੱਚ ਇਸ ਬਾਰੇ ਜਾਗਰੂਕਤਾ ਦੀ ਘਾਟ ਹੈ। ਇਸ ਜਾਗਰੂਕਤਾ ਦੀ ਘਾਟ ਕਾਰਨ, ਉਹ ਅਣਜਾਣੇ ਵਿੱਚ ਨਸ਼ੇ ਦੀ ਲਤ ਵਿੱਚ ਫਸ ਜਾਂਦੇ ਹਨ। ਅੱਜ ਸਮਾਜ ਵਿੱਚ ਸਾਂਝੇ ਪਰਿਵਾਰਾਂ ਨਾਲੋਂ ਜ਼ਿਆਦਾ ਨਿਊਕਲੀਅਰ ਪਰਿਵਾਰ ਹਨ। ਇਨ੍ਹਾਂ ਪਰਿਵਾਰਾਂ ਵਿੱਚ, ਮਾਪੇ ਕਮਾਉਣ ਵਿੱਚ ਲੱਗੇ ਹੋਏ ਹਨ। ਉਨ੍ਹਾਂ ਕੋਲ ਬੱਚਿਆਂ ਅਤੇ ਨੌਜਵਾਨਾਂ ਨੂੰ ਸੇਧ ਦੇਣ ਲਈ ਸਮਾਂ ਨਹੀਂ ਹੈ। ਸਿਆਸਤਦਾਨ ਆਪਣੀ ਰਾਜਨੀਤੀ ਨੂੰ ਨ ਚਮਕਾਉਣ ਅਤੇ ਆਪਣਾ ਵੋਟ ਬੈਂਕ ਬਚਾਉਣ ਵਿੱਚ ਰੁੱਝੇ ਹੋਏ ਹਨ ਅਤੇ ਇੱਕ ਆਮ ਨਾਗਰਿਕ ਮਹਿਸੂਸ ਕਰਦਾ ਹੈ ਕਿ ਮੈਂ ਇਕੱਲਾ ਕੀ ਕਰ ਸਕਦਾ ਹਾਂ। ਓ ਭਲੇ ਮਾਨਸ! ਅੱਗ ਲੱਗੀ ਹੋਈ ਹੈ, ਤੂੰ ਆਪਣੀ ਪੂਰੀ ਸਮਰੱਥਾ ਨਾਲ ਇਸਨੂੰ ਬੁਝਾਉਣ ਦੀ ਕੋਸ਼ਿਸ਼ ਤਾ ਕਰ। ਘੱਟੋ-ਘੱਟ ਤੁਹਾਨੂੰ ਇਤਿਹਾਸ ਵਿੱਚ ਅੱਗ ਬੁਝਾਉਣ ਵਾਲੇ ਵਜੋਂ ਯਾਦ ਕੀਤਾ ਜਾਣਾ ਚਾਹੀਦਾ ਹੈ, ਨਾ ਕਿ ਅੱਗ ਲਗਾਉਣ ਵਾਲੇ ਵਜੋਂ।

ਮੈਂ ਦੁਸ਼ਯੰਤ ਦੀਆਂ ਸਤਰਾਂ ਨੂੰ ਯਾਦ ਕਰਕੇ ਭਾਵੁਕ ਹੋ ਜਾਂਦਾ ਹਾਂ "ਮੇਰਾ ਉਦੇਸ਼ ਸਿਰਫ਼ ਹੰਗਾਮਾ ਕਰਨਾ ਨਹੀਂ ਹੈ, ਮੇਰੀ ਕੋਸ਼ਿਸ਼ ਇਸ ਸਥਿਤੀ ਨੂੰ ਬਦਲਣਾ ਹੈ" ਮੈਂ ਸੋਚਦਾ ਰਹਿੰਦਾ ਹਾਂ ਕਿ ਮੈਨੂੰ ਕੀ ਕਰਨਾ ਚਾਹੀਦਾ ਹੈ ਤਾਂ ਜੋ ਮੇਰੇ ਪੰਜਾਬ ਦਾ ਦਿਖ ਬਦਲ ਜਾਵੇ। ਸੋਚਦੇ-ਸੋਚਦੇ ਇੱਕ ਵਿਚਾਰ ਆਇਆ ਕਿ ਪੰਜਾਬ ਦਾ ਚਿਹਰਾ ਬਦਲਣ ਦੀ ਰਣਨੀਤੀ ਵਜੋਂ, ਸਮਾਜ ਵਿੱਚ ਸੰਵਾਦ ਨਾਮਕ ਇੱਕ ਪ੍ਰੋਗਰਾਮ ਸ਼ੁਰੂ ਕੀਤਾ ਜਾਣਾ ਚਾਹੀਦਾ ਹੈ। ਇਸ ਰਾਹੀਂ ਯਕੀਨੀ ਤੌਰ 'ਤੇ ਸਕਾਰਾਤਮਕ ਨਤੀਜੇ ਪ੍ਰਾਪਤ ਕੀਤੇ ਜਾ ਸਕਦੇ ਹਨ।

ਸੰਵਾਦ ਕੀ ਹੈ? - ਕੋਈ ਵੀ ਜੰਗ ਸਿਰਫ਼ ਉਦੋਂ ਹੀ ਜਿੱਤੀ ਜਾ ਸਕਦੀ ਹੈ ਜਦੋਂ ਉਸ ਜੰਗ ਨੂੰ ਲੜਨ ਲਈ ਇੱਕ ਪ੍ਰਭਾਵਸ਼ਾਲੀ ਰਣਨੀਤੀ ਹੋਵੇ। ਨਸ਼ੇ ਤੋਂ ਆਜ਼ਾਦੀ ਦੀ ਲੜਾਈ, ਜੋ ਕਿ ਅੰਮ੍ਰਿਤਕਾਲ ਵਿੱਚ ਸਮਾਜ ਦੇ ਹਰ ਵਿਅਕਤੀ ਨੂੰ ਨਸ਼ੇ ਤੋਂ ਆਜ਼ਾਦੀ ਦੇ ਯੋਧੇ ਵਜੋਂ ਲੜਨੀ ਪਵੇਗੀ, ਨੂੰ ਵੀ ਇੱਕ ਵਿਸ਼ੇਸ਼ ਰਣਨੀਤੀ ਅਪਣਾਉਣਾ ਪਵੇਗੀ ਅਤੇ ਮੈਂ ਉਸ ਰਣਨੀਤੀ ਦਾ ਨਾਮ ਸੰਵਾਦ ਰੱਖਿਆ ਹੈ। ਸੰਵਾਦ ਦਾ ਅਰਥ ਹੈ ਨਸ਼ਿਆਂ ਵਿਰੁੱਧ ਪਿੰਡਾਂ ਵਿੱਚ ਯੋਜਨਾਬੱਧ ਸਰਗਰਮ ਮੀਟਿੰਗਾਂ ਪੰਜਾਬ ਇੱਕ ਪੇਂਡੂ ਪ੍ਰਧਾਨ ਸੂਬਾ ਹੈ। ਨਸ਼ਿਆਂ ਦਾ ਜਾਲ ਹਰ ਪਿੰਡ ਵਿੱਚ ਫੈਲਿਆ ਹੋਇਆ ਹੈ; ਇਸ ਨੈੱਟਵਰਕ ਨੂੰ ਖਤਮ ਕਰਨ ਲਈ, ਹਰ ਪਿੰਡ ਵਿੱਚ ਜਾ ਕੇ ਪਹਿਲ ਕਰਨੀ ਪਵੇਗੀ। ਇਸ ਰਣਨੀਤੀ ਦੇ ਤਹਿਤ, ਸਮਾਜਿਕ ਕਾਰਜਕਰਤਾਵਾਂ ਨੂੰ ਜਿਨਾਂ ਨੂੰ ਸਮਾਜ ਦੀ ਚਿੰਤਾ ਹੈ, ਨੂੰ ਪਿੰਡ-ਪਿੰਡ ਜਾਣਾ ਚਾਹੀਦਾ ਹੈ ਅਤੇ ਨਸ਼ਿਆਂ ਵਿਰੁੱਧ ਇੱਕ ਯੋਜਨਾਬੱਧ ਤਰੀਕੇ ਨਾਲ ਸਰਗਰਮ ਮੀਟਿੰਗਾਂ ਦਾ ਆਯੋਜਨ ਕਰਨਾ ਚਾਹੀਦਾ ਹੈ। ਨਸ਼ਿਆਂ ਦੀ ਦੁਰਵਰਤੋਂ ਵਿਰੁੱਧ ਸਰਗਰਮ ਸੁਚੱਜੇ ਢੰਗ ਨਾਲ ਯੋਜਨਾਬੱਧ ਮੀਟਿੰਗਾਂ ਦੀ ਸਰੰਚਨਾ ਬਾਰੇ, ਮੇਰਾ ਮੰਨਣਾ ਹੈ ਕਿ ਕੰਮ ਸਿਰਫ਼ ਦਿਖਾਵੇ ਅਤੇ ਫੋਟੋਆਂ ਖਿਚਵਾਉਣ ਲਈ ਨਹੀਂ ਕੀਤਾ ਜਾਣਾ ਚਾਹੀਦਾ। ਹਰ ਉਹ ਵਿਅਕਤੀ ਜੋ ਸਮਾਜ ਦੀ ਪਰਵਾਹ ਕਰਦਾ ਹੈ, ਨੂੰ ਇੱਕ ਸਰਗਰਮ ਭੂਮਿਕਾ ਨਿਭਾਉਣੀ ਪੈਂਦੀ ਹੈ। ਪਰਿਵਾਰ, ਵਿਦਿਅਕ ਸੰਸਥਾਵਾਂ, ਪਿੰਡ ਪੰਚਾਇਤਾਂ ਸਮਾਜ ਦੀਆਂ ਮੁੱਢਲੀਆਂ ਸੰਸਥਾਵਾਂ ਹਨ। ਨਸ਼ਿਆਂ ਵਿਰੁੱਧ ਸੁਚੱਜੇ ਢੰਗ ਨਾਲ ਕੀਤੀਆਂ ਜਾਣ ਵਾਲੀਆਂ ਮੀਟਿੰਗਾਂ ਵਿੱਚ, ਸਰਪੰਚ, ਪੰਚ, ਹਰੇਕ ਪਰਿਵਾਰ ਦੇ ਪ੍ਰਮੁੱਖ ਮੈਂਬਰ, ਨੌਜਵਾਨ, ਵਿਦਿਆਰਥੀ, ਅਧਿਆਪਕ, ਉਸ ਪਿੰਡ ਵਿੱਚ ਰਹਿਣ ਵਾਲੇ ਸਰਕਾਰੀ ਕਰਮਚਾਰੀ, ਪਿੰਡ ਦੇ ਸਮਾਜਿਕ ਸੰਗਠਨਾਂ ਅਤੇ ਕਲੱਬਾਂ ਦੇ ਮੈਂਬਰ ਅਤੇ ਸਮਾਜ ਵਿੱਚ ਪ੍ਰਭਾਵ ਰੱਖਣ ਵਾਲੇ ਹੋਰ ਲੋਕਾਂ ਨੂੰ ਇਕੱਠੇ ਬੈਠਣਾ ਪਵੇਗਾ। ਨਸ਼ੇ ਨਾਲ ਸਬੰਧਤ ਵੱਖ-ਵੱਖ ਪਹਿਲੂਆਂ 'ਤੇ ਖੁੱਲ੍ਹ ਕੇ ਚਰਚਾ ਕਰਨ ਦੀ ਲੋੜ ਹੈ। ਇਸ ਤੋਂ ਬਾਅਦ, ਇਹ ਚਰਚਾ ਹਰ ਪਰਿਵਾਰ ਵਿੱਚ, ਧਰਮਸ਼ਾਲਾਵਾਂ, ਗੁਰਦੁਆਰਿਆਂ, ਮੰਦਰਾਂ ਅਤੇ ਸਮਾਜਿਕ ਧਾਰਮਿਕ ਪ੍ਰੋਗਰਾਮਾਂ ਵਿੱਚ ਹੋਣੀ ਚਾਹੀਦੀ ਹੈ। ਇਸ ਭਿਆਨਕ, ਵਿਸ਼ਾਲ ਸਮੱਸਿਆ 'ਤੇ ਹਰ ਪਾਸਿਓਂ ਹਮਲਾ ਕੀਤਾ ਜਾਣਾ ਚਾਹੀਦਾ ਹੈ। ਤਦ ਹੀ ਇਸ ਸਮੱਸਿਆ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਸੰਭਵ ਹੋਵੇਗਾ। ਸਮਾਜ ਦੇ ਹਰ ਜ਼ਿੰਮੇਵਾਰ ਵਿਅਕਤੀ ਨੂੰ ਨੌਜਵਾਨਾਂ ਦਾ ਸਰਪ੍ਰਸਤ ਅਤੇ ਮਾਰਗਦਰਸ਼ਕ ਬਣਨਾ ਪਵੇਗਾ। ਕੋਈ ਵੀ ਮੂਕ ਦਰਸ਼ਕ ਬਣ ਨਹੀਂ ਰਹਿ ਸਕਦਾ; ਸਾਰਿਆਂ ਨੂੰ ਸਰਗਰਮ ਹੋਣਾ ਪਵੇਗਾ।

ਅਤੇ ਇੱਕ ਅੰਤਿਮ ਕਦਮ ਵਜੋਂ, ਨੌਜਵਾਨਾਂ ਨੂੰ ਗੁਰਵਾਣੀ ਅਤੇ ਸ਼੍ਰੀ ਭਗਵਦ ਗੀਤਾ ਦਾ ਸ਼ਰਨ ਲੈਣਾ ਹੋਵੇਗਾ ਅਤੇ ਉਨ੍ਹਾਂ ਨੂੰ ਆਪਣੇ ਜੀਵਨ ਵਿੱਚ ਧਾਰਨ ਕਰਕੇ ਅੱਗੇ ਵਧਣਾ ਹੋਵੇਗਾ।

**ਲੇਖਕ- ਡਾ. ਅਮਿਤ ਕਾਂਸਲ**
**ਸੂਬਾ ਸਹਿ-ਕਨਵੀਨਰ, ਨਸ਼ਾ ਮੁਕਤੀ ਚੇਤਨਾ ਸੰਘ, ਪੰਜਾਬ ਲਓ ਜੀ ਹੋ ਗਿਆ ਹੁਣ ਤੇ ਦੀ**
**ਸਾਬਕਾ ਡਾਇਰੈਕਟਰ, ਨੈਸ਼ਨਲ ਹਾਈਡ੍ਰੋ ਪਾਵਰ ਕਾਰਪੋਰੇਸ਼ਨ, ਬਿਜਲੀ ਮੰਤਰਾਲਾ, ਭਾਰਤ ਸਰਕਾਰ**
**www.amitkansal.in**

# ਜਾਗੋ ਇੰਟਰਨੈਸ਼ਨਲ ਜੋਰਾ ਸਿੰਘ ਮੰਡੇਰ ਵਿਸ਼ੇਸ਼ ਅੰਕ ਲੋਕ ਅਰਪਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਸੰਗਰੂਰ,18 ਅਪ੍ਰੈਲ (ਜਗਸੀਰ ਲੌਂਗੋਵਾਲ)- ਪੰਜਾਬੀ ਸਾਹਿਤ ਸਭਾ ਸੰਗਰੂਰ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਜਾਗੋ ਇੰਟਰਨੈਸ਼ਨਲ ਅਪ੍ਰੈਲ 2025—ਮਾਰਚ 2026 ਜੋਰਾ ਸਿੰਘ ਮੰਡੇਰ ਵਿਸ਼ੇਸ਼ ਅੰਕ ਲੋਕ ਅਰਪਣ ਤੇ ਵਿਚਾਰ ਚਰਚਾ ਦਾ ਆਯੋਜਨ ਡਾ. ਸਵਰਾਜ ਸਿੰਘ ਵਿਸ਼ਵ ਚਿੰਤਕ ਦੀ ਪ੍ਰਧਾਨਗੀ ਹੇਠ ਰੈਸਟੋਰੈਂਟ ਪੰਜਾਬੀ ਵਿਰਸਾ ਵਿੱਚ ਸ਼ਾਨਦਾਰ ਢੰਗ ਨਾਲ ਕੀਤਾ ਗਿਆ। ਡਾ. ਤੇਜਵੰਤ ਮਾਨ ਮੁੱਖ ਮਹਿਮਾਨ, ਪਵਨ ਹਰਚੰਦਪੁਰੀ ਸਨਮਾਨਿਤ ਮਹਿਮਾਨ ਅਤੇ ਵਿਸ਼ੇਸ਼ ਮਹਿਮਾਨ, ਡਾ. ਨਰਵਿੰਦਰ ਸਿੰਘ ਕੌਸ਼ਲ, ਜਗੀਰ ਸਿੰਘ ਰਤਨ ਤੇ ਅਨੋਖ ਸਿੰਘ ਵਿਰਕ ਸਨ। ਇਨ੍ਹਾਂ ਨਾਲ ਮੁੱਖ ਸੰਪਾਦਕ ਡਾ. ਭਗਵੰਤ ਸਿੰਘ ਮੰਚ ਤੇ ਸੁਭਾਇਮਾਨ ਹੋਏ। ਏ.ਪੀ ਸਿੰਘ ਦੇ ਸ਼ਬਦ ਗਾਇਨ ਉਪਰੰਤ ਗੁਰਨਾਮ ਸਿੰਘ ਜਨਰਲ ਸਕੱਤਰ ਦੇ ਸਟੇਜ ਸੰਚਾਲਨ ਅਧੀਨ ਭੋਲਾ ਸਿੰਘ ਸੰਗਰਾਮੀ ਦੇ ਇਤਿਹਾਸਕ ਪ੍ਰਸੰਗ ਦੇ ਗੀਤ, ਨਾਹਰ ਸਿੰਘ ਮੁਬਾਰਕਪੁਰੀ, ਡਾ. ਰਾਕੇਸ਼ ਸ਼ਰਮਾ, ਧਰਮੀ ਤੁੰਗਾਂ ਦੇ ਸੁਹਜਾਤਮਕ ਗੀਤਾਂ ਉਪਰੰਤ, ਡਾ. ਜਗਦੀਪ ਕੌਰ ਅਹੂਜਾ, ਜੋਗਿੰਦਰ ਕੌਰ ਅਗਨੀਹੋਤਰੀ ਅਤੇ ਸੁਖਦੇਵ ਸਿੰਘ ਔਲਖ ਨੇ ਬਾਹਰਮੁਖੀ ਦ੍ਰਿਸ਼ਟੀ ਤੋਂ ਵਿਸ਼ਲੇਸ਼ਣਾਤਮਕ ਪੇਪਰ ਪੇਸ਼ ਕਰਕੇ ਇਸ ਵਿਸ਼ੇਸ਼ ਅੰਕ ਅਤੇ ਜੋਰਾ ਸਿੰਘ ਮੰਡੇਰ ਦੀ ਸਿਰਜਣ ਪ੍ਰਕ੍ਰਿਆ ਦਾ ਯਥਾਰਥਕ ਵਿਵੇਚਨ ਕੀਤਾ। ਵਿਚਾਰ ਚਰਚਾ ਦਾ ਆਰੰਭ ਕਰਦੇ ਹੋਏ ਡਾ. ਤੇਜਾ ਸਿੰਘ ਤਿਲਕ ਨੇ ਜਾਗੋ ਇੰਟਰਨੈਸ਼ਨਲ ਦੇ ਇਤਿਹਾਸ ਤੇ ਸਮਕਾਲੀਨਤਾ ਬਾਰੇ ਬਹੁਤ ਸਾਰਥਿਕ ਟਿੱਪਣੀਆਂ ਕੀਤੀਆਂ। ਉਨ੍ਹਾਂ ਕਿਹਾ ਜਾਗੋ ਇੰਟਰਨੈਸ਼ਨਲ ਨੇ ਕੌਮੀ ਤੇ ਕੌਮਾਂਤਰੀ ਪੱਧਰ ਤੇ ਆਪਣੀ ਵਿਸ਼ੇਸ਼ ਪਹਿਚਾਣ ਬਣਾਈ ਹੈ। ਮੇਘ ਰਾਜ ਸ਼ਰਮਾ





ਬਠਿੰਡਾ ਨੇ ਕਿਹਾ ਕਿ ਜੋਰਾ ਸਿੰਘ ਮੰਡੇਰ, ਡਾ. ਤੇਜਵੰਤ ਮਾਨ, ਡਾ. ਸਵਰਾਜ ਸਿੰਘ ਉੱਚ ਬੁਢਾਪੇ ਦਾ ਨਮੂਨਾ ਹਨ। ਇਹ ਸਮਾਜ ਨੂੰ ਸਹੀ ਸੇਧ ਦੇ ਰਹੇ ਹਨ। ਡਾ. ਭਗਵੰਤ ਸਿੰਘ ਤੇ ਜਾਗੋ ਇੰਟਰਨੈਸ਼ਨਲ ਇਸ ਤਰ੍ਹਾਂ ਦੇ ਰੋਲ ਮਾਡਲ ਬਜ਼ੁਰਗ ਸਾਹਿਤਕਾਰਾਂ ਨੂੰ ਸਮਾਜ ਦੇ ਰੂ—ਬ—ਰੂ ਕਰਕੇ ਉੱਚ ਆਦਰਸ਼ਾਂ ਦੀ ਪਾਲਣਾ ਕਰ ਰਹੇ ਹਨ। ਅਮਰ ਗਰਗ ਕਲਮਦਾਨ ਨੇ ਉੱਚ ਸਾਹਿਤ ਦੇ ਸਿਧਾਂਤਕ ਪਿਛੋਕੜ ਦੀ ਗੱਲ ਕਰਦੇ ਹੋਏ ਜਾਗੋ ਇੰਟਰਨੈਸ਼ਨਲ ਦੀ ਪ੍ਰਸੰਸਾ ਕੀਤੀ। ਵਿਚਾਰ ਚਰਚਾ ਵਿੱਚ ਜਗਦੀਪ ਸਿੰਘ ਗੰਧਾਰਾ, ਗੁਰਨਾਮ ਸਿੰਘ ਡੂੰਘੇ ਖੋਜੀ, ਬਾਬਾ ਪਿਆਰਾ ਸਿੰਘ, ਡਾ. ਗੁਰਮੀਤ ਸਿੰਘ, ਨਿਹਾਲ ਸਿੰਘ ਮਾਨ, ਦਲਬਾਰ ਸਿੰਘ ਚੱਠੇ ਸੇਖਵਾਂ, ਗੁਲਜ਼ਾਰ ਸਿੰਘ ਸ਼ੌਂਕੀ, ਮੇਘ ਰਾਜ ਸ਼ਰਮਾ, ਸੁਰਿੰਦਰਪਾਲ ਸਿੰਘ ਸਿਦਕੀ, ਮੁਖਤਿਆਰ ਅਲਾਲ, ਧਰਮੀ ਤੁੰਗਾਂ, ਡਾ. ਰਾਜੀਵ ਪੁਰੀ, ਪਵਨ ਕੁਮਾਰ ਹੋਸੀ, ਕੁਲਵੰਤ ਕਸਕ, ਦਰਸ਼ਨ ਸਿੰਘ, ਗੁਰੂ ਬਹਾਦਰ ਸਿੰਘ ਧੌਲਾ ਨੇ ਜੋਰਾ ਸਿੰਘ ਮੰਡੇਰ ਵੱਲੋਂ ਖੇਤੀਬਾੜੀ, ਟਰਾਂਸਪੋਰਟ ਦੇ ਪ੍ਰਧਾਨ ਅਤੇ ਵਿਦੇਸ਼ ਵਿੱਚ ਜਾ ਕੇ ਵੀ ਆਪਣੇ ਪਿੰਡ ਦੀ ਮਿੱਟੀ ਨਾਲ ਜੁੜ ਕੇ ਪੰਜਾਬੀ ਸਾਹਿਤ ਲਈ ਵੱਖ ਵੱਖ ਲਿਖੀਆਂ ਪੁਸਤਕਾਂ ਦਾ ਜ਼ਿਕਰ ਕਰਦਿਆਂ ਉੱਚ ਅਕਾਦਮਿਕ ਪੱਧਰ ਦੀ ਚਰਚਾ ਦਾ ਰੂਪ ਦੇ ਦਿੱਤਾ। ਡਾ. ਨਰਵਿੰਦਰ ਸਿੰਘ ਕੌਸ਼ਲ ਨੇ ਗੱਲ ਨੂੰ ਅਗਾਂਹ ਤੋਰਦੇ ਹੋਏ ਕਿਹਾ ਕਿ ਅੱਜ ਦੀ ਚਰਚਾ ਕੌਮਾਂਤਰੀ ਪੱਧਰ ਦੀਆਂ ਕਾਨਫਰੰਸਾਂ ਵਿੱਚ ਹੁੰਦੇ ਵਿਸ਼ਲੇਸ਼ਣ ਤੋਂ ਕਿਸੇ ਤਰ੍ਹਾਂ ਵੀ ਘੱਟ ਨਹੀਂ। ਉਨ੍ਹਾਂ ਜੋਰਾ ਸਿੰਘ ਮੰਡੇਰ ਦੀਆਂ ਰਚਨਾਵਾਂ ਦੇ ਸਿਧਾਂਤਕ ਪਹਿਲੂਆਂ ਤੇ ਜਾਗੋ ਦੀ ਮਹੱਤਤਾ ਬਾਰੇ ਬਾਹਰਮੁਖਤਾ ਸਹਿਤ ਪ੍ਰਸਤੁਤ ਕੀਤਾ। ਜਗੀਰ ਸਿੰਘ ਰਤਨ ਨੇ ਪ੍ਰਬੰਧਕਾਂ ਨੂੰ ਮੁਬਾਰਕਬਾਦ ਦਿੱਤੀ। ਪਵਨ ਹਰਚੰਦਪੁਰੀ ਪ੍ਰਧਾਨ ਕੇ.ਪੰ. ਲੇ.ਸ. ਸੇਖੋਂ ਨੇ ਕਿਹਾ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਦੁਆਰਾ ਕੀਤੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਸੰਪਾਦਨਾ ਸਾਹਿਤ ਦਾ ਅਦਭੁੱਤ ਨਮੂਨਾ ਹੈ। ਆਪ ਨੇ ਪੰਜਾਬੀ ਸਾਹਿਤ ਸਭਾ ਸੰਗਰੂਰ ਤੇ ਅਦਾਰਾ ਜਾਗੋ ਇੰਟਰਨੈਸ਼ਨਲ ਦੀ ਭੂਮਿਕਾ ਦੀ ਸ਼ਲਾਘਾ ਕੀਤੀ। ਜੋਰਾ ਸਿੰਘ ਮੰਡੇਰ ਨੇ ਆਪਣੇ ਕਥਨਾਂ ਵਿੱਚ ਕਿਹਾ ਕਿ ਸਮਾਗਮ ਵਿੱਚ ਸ਼ਾਮਲ ਹੋ ਕੇ ਲੇਖਕਾਂ ਨੇ ਮੇਰਾ ਹੌਸਲਾ ਵਧਾਇਆ ਹੈ। ਮੈਂ ਵਿਚਾਰ ਸੁਣਕੇ ਭਾਵੁਕ ਹੋ ਗਿਆ ਹਾਂ। ਅਸਲ ਵਿੱਚ ਮੈਨੂੰ ਮੇਰੀ ਪਤਨੀ ਨੇ ਹੀ ਲੇਖਕ ਬਣਾਇਆ ਹੈ, ਉਨ੍ਹਾਂ ਨੇ ਆਪਣੀ ਪਤਨੀ ਦੇ ਗੁਜਰਨ ਤੇ ਉਸਦੇ ਸੰਸਕਾਰ ਸਮੇਂ ਉਪਜੇ ਭਾਵਾਂ ਤੋਂ ਸਿਰਜੀ ਰੁਬਾਈ

"ਯਾਦ ਤੇਰੀ ਦੇ ਬੁੱਲੇ ਸੱਜਣੀ, ਰੁਮਕਣ ਪੌਣਾ ਸੰਗ ਰਲਕੇ"।
ਘਰ ਅੰਦਰ ਸੀ ਰਹਿਮਤ ਤੇਰੀ, ਨੈਣੋਂ ਨੀਰ ਪਿਆ ਅੱਜ ਛਲਕੇ।
ਮੇਹਰ ਕਰੇ ਉਹ ਮੇਹਰਾਂ ਵਾਲਾ, ਜਗਦੇ ਰਹਿਣ ਸਦਾ ਇਹ ਦੀਵੇ,
ਮੰਡੇਰ ਕਿਵੇਂ ਇਹ ਭੁੱਲ ਸਕਾਂਗੇ, ਦੁੱਖ ਸੁੱਖ ਭੋਗੇ ਇੱਕਠੇ ਰਲਕੇ ਪੇਸ਼ ਕਰਦਿਆਂ ਮਾਹੌਲ ਗਮਗੀਨ ਕਰ ਦਿੱਤਾ। ਉਨ੍ਹਾਂ ਨੇ ਲੇਖਕਾਂ ਤੇ ਜਾਗੋ ਇੰਟਰਨੈਸ਼ਨਲ ਦਾ ਵਿਸ਼ੇਸ਼ ਅੰਕ ਉਨ੍ਹਾਂ ਦੀਆਂ ਲਿਖਤਾਂ ਨੂੰ ਸਮਰਪਿਤ ਕਰਨ ਲਈ ਵਿਸ਼ੇਸ਼ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਨਾਲ ਮੈਨੂੰ ਹੋਰ ਲਿਖਣ ਦੀ ਪ੍ਰੇਰਨਾ ਮਿਲੀ ਹੈ।

ਡਾ. ਤੇਜਵੰਤ ਮਾਨ ਨੇ ਡਾ. ਭਗਵੰਤ ਸਿੰਘ ਦੀ ਵਿਸ਼ਲੇਸ਼ਣੀ ਸੂਝ ਦੇ ਪ੍ਰਸੰਗ ਵਿੱਚ ਵਿਸ਼ੇਸ਼ ਅੰਕ ਦੀ ਪ੍ਰਸ਼ੰਸਾ ਕੀਤੀ, ਉਨ੍ਹਾਂ ਨੇ ਕਿਹਾ ਕਿ ਇਹ ਅੰਕ ਜੋਰਾ ਸਿੰਘ ਮੰਡੇਰ ਦੇ ਜੀਵਨ ਦਾ ਅਕਸ ਹੈ। ਜੋਰਾ ਸਿੰਘ ਮੰਡੇਰ ਨੇ ਅੰਤਰੀਵ ਭਾਵਨਾਵਾਂ ਨੂੰ ਆਪਣੀਆਂ ਰਚਨਾਵਾਂ ਵਿੱਚ ਪਰੋਇਆ ਹੈ। ਇਸ ਅੰਕ ਵਿੱਚ ਮੰਡੇਰ ਦੀਆਂ ਰਚਨਾਵਾਂ ਦੀ ਸਪਸ਼ਟ ਆਲੋਚਨਾ ਕੀਤੀ ਗਈ ਉਨ੍ਹਾਂ ਦੀਆਂ ਕਮੀਆਂ ਨੂੰ ਵੀ ਦੱਸਿਆ ਗਿਆ। ਡਾ. ਸਵਰਾਜ ਸਿੰਘ ਨੇ ਆਪਣੇ ਪ੍ਰਧਾਨਗੀ ਭਾਸ਼ਣ ਵਿੱਚ ਕਿਹਾ ਕਿ ਪੂਰਬੀ ਫਲਸਫੇ ਦੀ ਸਿਖਰ ਗੁਰੂ ਨਾਨਕ ਸਾਹਿਬ ਜੀ ਦੀ ਵਿਚਾਰਧਾਰਾ ਹੈ। ਸਾਇੰਸ ਤੇ ਧਰਮ ਇੱਕ ਦੂਜੇ ਦੇ ਪੂਰਕ ਹਨ। ਇਸ ਤਰ੍ਹਾਂ ਆਦਮੀ ਔਰਤ ਇੱਕ ਦੂਜੇ ਦੇ ਪੂਰਕ ਹਨ। ਉਨ੍ਹਾਂ ਹੋਰ ਕਿਹਾ ਕਿ ਵਿਅਕਤੀ ਦੇ ਜੀਵਨ ਦੇ ਦੋ ਪੱਖ ਸਿਰਜਣਾਤਮਕਤਾ ਤੇ ਉਤਪਾਦਨ ਹਨ। ਸਰਮਾਏਦਾਰੀ ਉਤਪਾਦਨ ਨੂੰ ਪਹਿਲ ਦਿੰਦੀ ਹੈ, ਜਦ ਕਿ ਸਿਰਜਣਾਤਮਕਤਾ ਨੂੰ ਉਪਾਦਾਕਤਾ ਤੋਂ ਉਪਰ ਹੋਣਾ ਚਾਹੀਦਾ ਹੈ। ਸਰਮਾਏਦਾਰੀ ਨੇ ਅਰਾਜਕਤਾ ਫੈਲਾਉਣੀ ਹੈ। ਇਹੋ ਅਜੋਕੇ ਸਮੇਂ ਦੀ ਪ੍ਰਸਥਿਤੀਆਂ ਬਿਆਨ ਕਰ ਰਹੀਆਂ ਹਨ। ਭਾਰਤ ਵਿੱਚ ਭੌਤਿਕ ਅਰਾਜਕਤਾ ਹੈ। ਜਾਗੋ ਇੰਟਰਨੈਸ਼ਨਲ ਹਮੇਸ਼ਾ ਸਹੀ ਤੇ ਸੰਤੁਲਿਤ ਸੋਚ ਤੇ ਆਧਾਰਤ ਹੈ। ਜੋਰਾ ਸਿੰਘ ਮੰਡੇਰ ਅੰਕ ਇਸ ਦੀ ਸਿਧਾਂਤਕ ਵਿਲੱਖਣ ਪ੍ਰਾਪਤੀ ਹੈ। ਇਸ ਸਫਲ ਸਮਾਗਮ ਵਿੱਚ ਸੰਧੂ ਬ੍ਰਦਰਜ਼ ਵੱਲੋਂ ਲਗਾਈ ਗਈ ਪੁਸਤਕ ਪ੍ਰਦਰਸ਼ਨੀ ਖਿੱਚ ਦਾ ਕੇਂਦਰ ਰਹੀ। ਜਗਦੀਪ ਸਿੰਘ ਗੰਧਾਰਾ ਐਡਵੋਕੇਟ ਨੇ ਸਭ ਦਾ ਧੰਨਵਾਦ ਕੀਤਾ। ਇਸ ਮੌਕੇ ਸਾਹਿਤ ਸਭਾ ਵੱਲੋਂ ਉਤਕ੍ਰਿਸ਼ਟ ਵਿਦਵਾਨਾਂ ਦਾ ਸਨਮਾਨ ਕੀਤਾ ਗਿਆ। ਰਾਜਿੰਦਰ ਸਿੰਘ ਡੀ.ਐਸ.ਓ., ਹੰਸਰਾਜ, ਬਲਜਿੰਦਰ ਈਲਵਾਲ, ਸਤਦੇਵ ਸ਼ਰਮਾ, ਹਨੀ ਸੰਗਰਾਮੀ ਉਚੇਚੇ ਤੌਰ ਤੇ ਸ਼ਾਮਲ ਹੋਏ।

# ਸਿੱਖਿਆ ਕ੍ਰਾਂਤੀ ਨੇ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦੇ ਵਿਸ਼ਵਾਸ ਚ ਕੀਤਾ ਵਾਧਾ - ਵਿਧਾਇਕ ਵਿਜੈ ਸਿੰਗਲਾ

## *ਜੰਡਾਵਾਲਾ, ਮਾਨਸਾ ਪਿੰਡ ਅਤੇ ਗਾਂਧੀ ਨਗਰ ਸਕੂਲਾਂ ਵਿਖੇ ਕੀਤੇ 30 ਲੱਖ 47 ਹਜ਼ਾਰ ਦੀ ਲਾਗਤ ਵਾਲੇ ਵਿਕਾਸ ਕੰਮਾਂ ਦੇ ਉਦਘਾਟਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪ੍ਰੈਲ
INTERNATIONAL PAPER, 94636 01616
hardipchumber57@gmail.com



ਭੀਖੀ,19 ਅਪ੍ਰੈਲ ( ਕਮਲ ਜਿੰਦਲ) ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਨੂੰ ਸਹੂਲਤਾਂ ਪ੍ਰਦਾਨ ਕਰਕੇ ਉਨ੍ਹਾਂ ਨੂੰ ਆਧੁਨਿਕ ਬਣਾਇਆ ਜਾ ਰਿਹਾ ਹੈ, ਜਿਸ ਨਾਲ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਬਹੁਤ ਵੱਡੇ ਪੱਧਰ ਤੇ ਨਿਖ਼ਾਰ ਆਇਆ ਹੈ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਨੇ ਅੱਜ ਮਾਨਸਾ ਦੇ ਪਿੰਡ ਜੰਡਾਵਾਲਾ, ਮਾਨਸਾ ਪਿੰਡ ਅਤੇ ਗਾਂਧੀ ਨਗਰ ਦੇ ਸਰਕਾਰੀ ਸਕੂਲਾਂ ਵਿੱਚ ਕਰਵਾਏ ਕਾਰਜਾਂ ਦੇ ਉਦਘਾਟਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਹੁਣ ਹਰ ਤਰ੍ਹਾਂ ਦੀ ਵਿੱਦਿਅਕ ਸਹੂਲਤਾਂ ਮਿਲਣ ਲੱਗੀਆਂ ਹਨ, ਜਿਸ ਕਾਰਨ ਸਰਕਾਰੀ ਸਕੂਲਾਂ 'ਚ ਪੜ੍ਹਦੇ ਵਿਦਿਆਰਥੀਆਂ ਦੇ ਸ਼ਾਨਦਾਰ ਨਤੀਜੇ ਆ ਰਹੇ ਹਨ ਅਤੇ ਮੈਰਿਟ ਵਿੱਚ ਉਚ ਸਥਾਨ ਹਾਸਿਲ ਕਰ ਰਹੇ ਹਨ।

ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀ ਆਧੁਨਿਕ ਪ੍ਰਣਾਲੀ ਨਾਲ ਸਿੱਖਿਅਤ ਹੋਣ ਲੱਗੇ ਹਨ ਅਤੇ ਲੋਕਾਂ ਦਾ ਸਰਕਾਰੀ ਸਕੂਲਾਂ ਪ੍ਰਤੀ ਵਿਸ਼ਵਾਸ ਵਧਿਆ ਹੈ। ਉਨ੍ਹਾਂ ਦੱਸਿਆ ਕਿ ਹੁਣ ਮਾਪੇ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਦੀ ਥਾਂ ਸਰਕਾਰੀ ਸਕੂਲਾਂ ਵਿੱਚ ਲਗਾਉਣ ਨੂੰ ਤਰਜੀਹ ਦੇਣ ਲੱਗੇ ਹਨ ਅਤੇ ਇਹ ਸਭ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਜੀ ਦੀ ਦੂਰ-ਅੰਦੇਸ਼ੀ ਸੋਚ ਸਦਕਾ ਸੰਭਵ ਹੋਇਆ ਹੈ। ਉਨ੍ਹਾਂ ਦੱਸਿਆ ਕਿ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਵਿੱਚ ਹਰ ਤਰ੍ਹਾਂ ਦੀਆਂ ਜ਼ਰੂਰਤਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ, ਤਾਂ ਜੋ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਕੋਈ ਕਮੀ ਸਾਹਮਣੇ ਨਾ ਆਵੇ।

ਉਨ੍ਹਾਂ ਕਿਹਾ ਕਿ ਜਿੱਥੇ ਵਿਦਿਆਰਥੀਆਂ ਨੂੰ ਆਧੁਨਿਕ ਸਿੱਖਿਆ ਦਾ ਹਾਣੀ ਬਣਾਉਣ ਲਈ ਅਧਿਆਪਕਾਂ ਨੂੰ ਵਿਦੇਸ਼ਾਂ ਵਿੱਚ ਟ੍ਰੇਨਿੰਗ ਲਈ ਭੇਜਿਆ ਜਾਂਦਾ ਹੈ, ਉਥੇ ਹੀ ਵਿਦਿਆਰਥੀਆਂ ਨੂੰ ਵੀ ਵੱਖ-ਵੱਖ ਥਾਵਾਂ ਦੀ ਜਾਣਕਾਰੀ ਦੇਣ ਲਈ ਵਿੱਦਿਅਕ ਟੂਰਾਂ ਦਾ ਵੀ ਆਯੋਜਨ ਕੀਤਾ ਜਾਂਦਾ ਹੈ।

ਅੱਜ ਦੇ ਉਦਘਾਟਨ ਸਮਾਰੋਹ ਦੌਰਾਨ ਵਿਧਾਇਕ ਵੱਲੋਂ ਸਰਕਾਰੀ ਸਕੂਲਾਂ ਵਿੱਚ 30 ਲੱਖ 47 ਹਜ਼ਾਰ ਦੇ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ। ਸਰਕਾਰੀ ਮਿਡਲ ਸਕੂਲ ਜੰਡਾਵਾਲਾ ਵਿਖੇ 6 ਲੱਖ 75 ਹਜ਼ਾਰ ਦੀ ਲਾਗਤ ਨਾਲ ਨਵੀਂ ਚਾਰਦੀਵਾਰੀ, ਸਰਕਾਰੀ ਪ੍ਰਾਇਮਰੀ ਸਕੂਲ ਮਾਨਸਾ ਪਿੰਡ ਵਿਖੇ 9 ਲੱਖ 55 ਹਜ਼ਾਰ ਦੀ ਲਾਗਤ ਨਾਲ ਨਵੇਂ ਕਮਰੇ ਅਤੇ 4 ਲੱਖ 67 ਹਜ਼ਾਰ ਦੀ ਲਾਗਤ ਨਾਲ ਹੋਰ ਜ਼ਰੂਰੀ ਕੰਮਾਂ ਦਾ ਉਦਘਾਟਨ ਕੀਤਾ ਗਿਆ। ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਗਾਂਧੀ ਨਗਰ ਵਿਖੇ 9 ਲੱਖ 50 ਹਜ਼ਾਰ ਦੀ ਲਾਗਤ ਨਾਲ ਨਵੀਂ ਚਾਰਦੀਵਾਰੀ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਹਲਕਾ ਕੋਆਰਡੀਨੇਟਰ ਅਜੈਬ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਪਰਮਜੀਤ ਸਿੰਘ, ਪ੍ਰਿੰਸੀਪਲ ਡਾ. ਵਿਜੈ ਮਿੱਢਾ, ਪ੍ਰਿੰਸੀਪਲ ਬੇਅੰਤ ਸਿੰਘ, ਇੰਚਾਰਜ ਜੰਡਾਵਾਲਾ ਸਕੂਲ ਅਨੂ ਰਾਣੀ, ਹੈਡ ਟੀਚਰ ਕਿਰਨਪਾਲ ਕੌਰ, ਜਗਮੋਹਨ ਸਿੰਘ, ਮੀਡੀਆ ਇੰਚਾਰਜ ਵਿਜੈ ਚਰਾਇਆ, ਜਗਜੀਵਨ ਸਿੰਘ, ਡਾ. ਭਰਪੂਰ ਸਿੰਘ, ਹੈਡ ਮਾਸਟਰ ਮਨੀਸ਼ ਕੁਮਾਰ ਤੋਂ ਇਲਾਵਾ ਸਕੂਲ ਦਾ ਸਟਾਫ਼ ਅਤੇ ਵਿਦਿਆਰਥੀ ਮੌਜੂਦ ਸਨ।

# "ਦੀ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਰਜਿ. ਪੰਜਾਬ ਇੰਡੀਆ" ਦੇ ਯੂਨਿਟ ਮੇਹਟੀਆਣਾ ਦੀ ਹੋਈ ਚੋਣ !

## ਸਾਨੂੰ ਸਾਰਿਆਂ ਨੂੰ ਮੀਡੀਆ ਦੇ ਚੌਥੇ ਥੰਮ ਪ੍ਰਤੀ ਵਫਾਦਾਰ ਰਹਿ ਕੇ ਕੰਮ ਕਰਨ ਦੀ ਲੋੜ ਹੈ : ਐਸੋਸੀਏਸ਼ਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪ੍ਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ,19 ਅਪ੍ਰੈਲ (ਤਰਸੇਮ ਦੀਵਾਨਾ ) ਦੀ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਰਜਿ. ਪੰਜਾਬ ਇੰਡੀਆ ਦੇ ਯੂਨਿਟ ਦੀ ਇੱਕ ਵਿਸ਼ੇਸ਼ ਮੀਟਿੰਗ ਸੂਬਾ ਪ੍ਰਧਾਨ ਬਲਵੀਰ ਸੈਣੀ ਦੀ ਪ੍ਰਧਾਨਗੀ ਹੇਠ ਸ਼ਰਮਾ ਸਵੀਟ ਸ਼ਾਪ ਮੇਹਟੀਆਣਾ ਵਿਖੇ ਹੋਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸੂਬਾ ਪ੍ਰਧਾਨ ਪ੍ਰਿੰਸੀਪਲ ਬਲਬੀਰ ਸੈਣੀ ਨੇ ਦੱਸਿਆ ਕਿ ਜੋ ਮੇਹਟੀਆਣਾ ਯੂਨਿਟ ਦੇ ਕੁਝ ਅਹੁਦੇ ਖਾਲੀ ਪਏ ਸਨ। ਉਨ੍ਹਾਂ ਨੂੰ ਪੂਰਾ ਕਰਨ ਸਬੰਧੀ ਇੱਕ ਵਿਸ਼ੇਸ਼ ਮੀਟਿੰਗ ਰੱਖੀ ਗਈ ਜਿਸ ਵਿੱਚ ਹਰਵਿੰਦਰ ਸਿੰਘ ਭੁੰਗਰਨੀ, ਜੋ ਕਿ ਹੁਸ਼ਿਆਰਪੁਰ ਤੋਂ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤੇ ਗਏ ਸਨ। ਉਨ੍ਹਾਂ ਦੇ ਸਥਾਨ ਤੇ ਪੱਤਰਕਾਰ ਜਸਵੀਰ ਸਿੰਘ ਮੁੱਖਲਿਆਣਾ ਨੂੰ ਮੇਹਟੀਆਣਾ ਯੂਨਿਟ ਤੋਂ ਪ੍ਰਧਾਨ ਲਗਾਇਆ ਗਿਆ। ਇਸ ਮੌਕੇ ਮੀਟਿੰਗ ਦੌਰਾਨ ਜਨਰਲ ਸਕੱਤਰ ਪਰਮਜੀਤ ਸਿੰਘ, ਜਸਵਿੰਦਰ ਸਿੰਘ ਹੀਰ ਪ੍ਰੈਸ ਸਕੱਤਰ, ਡਾਕਟਰ ਗੋਪੀ ਚੰਦ ਸਹਿ ਜਨਰਲ ਸਕੱਤਰ, ਗੁਰਪਾਲ ਸਿੰਘ ਪਰਮਾਰ ਸਹਾਇਕ ਪ੍ਰੈਸ ਸਕੱਤਰ ਆਦਿ ਨੂੰ ਸਰਬ ਸੰਮਤੀ ਨਾਲ ਅਹੁਦੇ ਦਿੱਤੇ ਗਏ। ਇਸ ਮੌਕੇ ਮੀਟਿੰਗ ਵਿੱਚ ਸੂਬਾ ਚੇਅਰਮੈਨ ਜਸਵਿੰਦਰ ਸਿੰਘ ਆਜ਼ਾਦ, ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ, ਜਨਰਲ ਸਕੱਤਰ ਅਮਰਜੀਤ ਸਿੰਘ, ਵਾਈਸ ਚੇਅਰਮੈਨ ਗੁਰਵਿੰਦਰ ਸਿੰਘ ਪਲਾਹਾ, ਵਧੀਕ ਜਨਰਲ ਸਕੱਤਰ ਤਰਸੇਮ ਦੀਵਾਨਾ ਨੇ ਸਾਂਝੇ ਬਿਆਨ ਵਿੱਚ ਨਵੇਂ ਚੁਣੇ ਹੋਏ ਅਹੁਦੇਦਾਰਾਂ ਨੂੰ ਵਧਾਈ ਦਿੰਦੇ ਹੋਏ ਆਖਿਆ ਕਿ ਸਾਰੇ ਨਵੇਂ ਚੁਣੇ ਗਏ ਅਹੁਦੇਦਾਰ ਇਮਾਨਦਾਰੀ ਅਤੇ ਵਫਾਦਾਰੀ ਦੇ ਨਾਲ ਆਪਣੇ ਫਰਜ਼ਾਂ ਨੂੰ ਨਿਭਾਉਣਗੇ! ਇੱਕ ਸਵਾਲ ਦੇ ਜਵਾਬ ਵਿੱਚ ਜਗਤਾਰ ਸਿੰਘ ਭੁੰਗਰਨੀ ਨੇ ਆਖਿਆ ਕਿ ਮੀਡੀਆ ਭਾਰਤ ਦਾ ਚੌਥਾ ਥੰਮ ਹੈ ਅਤੇ ਸਾਨੂੰ ਸਾਰਿਆਂ ਨੂੰ ਇਸ ਥੰਮ ਪ੍ਰਤੀ ਵਫਾਦਾਰ ਰਹਿ ਕੇ ਕੰਮ ਕਰਨ ਦੀ ਲੋੜ ਹੈ।ਮੀਟਿੰਗ ਵਿੱਚ ਪੱਤਰਕਾਰਾਂ ਨੇ ਹਾਈ ਕਮਾਂਡ ਨੂੰ ਆਪਣੀਆਂ ਮੁਸ਼ਕਿਲਾਂ ਤੋਂ ਵੀ ਜਾਣੂ ਕਰਵਾਇਆ। ਇਸ ਦੇ ਸਬੰਧ ਵਿੱਚ ਹਾਈ ਕਮਾਂਡ ਨੇ ਵੀ ਇਹਨਾਂ ਨੂੰ ਜਲਦ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਸੂਬਾ ਪ੍ਰਧਾਨ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ, ਵਧੀਕ ਜਨਰਲ ਸਕੱਤਰ ਤਰਸੇਮ ਦੀਵਾਨਾ, ਸੂਬਾਈ ਚੇਅਰਮੈਨ ਜਸਵਿੰਦਰ ਸਿੰਘ ਆਜ਼ਾਦ, ਵਾਈਸ ਚੇਅਰਮੈਨ ਗੁਰਵਿੰਦਰ ਸਿੰਘ ਪਲਾਹਾ, ਜਨਰਲ ਸਕੱਤਰ ਅਮਰਜੀਤ ਸਿੰਘ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ! ਇਸ ਮੌਕੇ ਸਾਰੇ ਮੁੱਖ ਮਹਿਮਾਨਾਂ ਅਤੇ ਨਵੇਂ ਚੁਣੇ ਹੋਏ ਅਹੁਦੇਦਾਰਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਹੁਸ਼ਿਆਰਪੁਰ ਤੋਂ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਭੁੰਗਰਨੀ, ਚੇਅਰਮੈਨ ਚੰਦਰਪਾਲ ਹੈਪੀ ਬਾਬਾ ਮਾਨਾ, ਜਸਵੰਤ ਸਿੰਘ ਜੱਸਾ ਮੁੱਖ ਸੇਵਾਦਾਰ ਦਰਬਾਰ ਪੀਰ ਬਾਬਾ ਲਾਭੇ ਸ਼ਾਹ ਪਿੰਡ ਖਨੌੜਾ, ਦਲਜੀਤ ਸਿੰਘ ਬਘਾਣਾ, ਗੁਰਪਾਲ ਸਿੰਘ ਪਰਮਾਰ, ਦਿਲਬਾਗ ਸਿੰਘ ਹਾਰਟਾ, ਪਰਮਜੀਤ ਸਿੰਘ, ਇੰਦਰਜੀਤ ਸਿੰਘ ਮੁੱਖਲਿਆਣਾ, ਡਾਕਟਰ ਗੋਪੀ ਚੰਦ, ਜਸਵਿੰਦਰ ਸਿੰਘ ਹੀਰ ਆਦਿ ਹਾਜ਼ਰ ਸਨ।

## 6 ਪੇਜ ਦੀ ਬਾਕੀ ਖਬਰ

ਸ. ਹਰਜੋਤ ਸਿੰਘ ਬੈਂਸ ਨੇ ਨੰਗਲ ਲੇਕ ਰਿਵਰਫਰੰਟ ਦੇ ਨਾਲ ਲੱਗਦੇ ਖੇਤਰ ਦੇ ਵਿਕਾਸ ਦੀ ਮੰਗ ਵੀ ਰੱਖੀ। ਉਨ੍ਹਾਂ ਨੇ ਸਦਨ ਦੇ ਨਾਲ ਲੱਗਦੀ ਰਿਵਰ ਵਿਊ ਰੋਡ ਨੂੰ ਇੱਕ ਸ਼ਾਨਦਾਰ ਕੁਦਰਤੀ ਦ੍ਰਿਸ਼ ਵਜੋਂ ਉਜਾਗਰ ਕਰਦਿਆਂ ਕਿਹਾ ਕਿ ਵਰਤਮਾਨ ਵਿੱਚ ਇਹ ਜਗ੍ਹਾ ਖਾਲ੍ਹੀ ਪਈ ਹੈ, ਜਿਸ ਵੱਲ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਕਿਹਾ ਕਿ ਇਸ ਹਿੱਸੇ ਨੂੰ ਇੱਕ ਵਿਸ਼ਵ ਪੱਧਰੀ ਰਿਵਰਫਰੰਟ ਵਿੱਚ ਬਦਲਣ ਲਈ ਇਥੇ ਸ਼ਾਂਤ ਸੈਰਗਾਹ ਅਤੇ ਪੈਦਲ ਚੱਲਣ ਤੇ ਸਾਈਕਲਿੰਗ ਲਈ ਟਰੈਕ, ਖਾਣ-ਪੀਣ ਵਾਲੀਆਂ ਅਤੇ ਸੱਭਿਆਚਾਰਕ ਥਾਵਾਂ ਵਿਕਸਿਤ ਕੀਤੀਆਂ ਜਾ ਸਕਦੀਆਂ ਹਨ, ਜਿਸ ਨਾਲ ਸੈਲਾਨੀ ਆਕਰਸ਼ਿਤ ਹੋਣਗੇ ਅਤੇ ਸਥਾਨਕ ਲੋਕਾਂ ਨੂੰ ਰੋਜ਼ਗਾਰ ਮਿਲੇਗਾ।

ਸ. ਹਰਜੋਤ ਸਿੰਘ ਬੈਂਸ ਨੇ ਸੈਲਾਨੀਆਂ ਲਈ ਖਿੱਚ ਦੇ ਕੇਂਦਰ ਵਜੋਂ ਇੱਕ ਸੁੰਦਰ ਰੇਲਵੇ ਲਾਈਨ ਦੀ ਉਸਾਰੀ ਦਾ ਪ੍ਰਸਤਾਵ ਰੱਖਦਿਆਂ ਕਿਹਾ ਕਿ ਨੰਗਲ ਤੋਂ ਭਾਖੜਾ ਡੈਮ ਤੱਕ ਪੁਰਾਣੀ ਰੇਲਵੇ ਲਾਈਨ, ਜੋ ਕਿ ਮਨਮੋਹਕ ਕੁਦਰਤੀ ਦ੍ਰਿਸ਼ਾਂ ਨਾਲ ਭਰਪੂਰ ਹੈ, ਨੂੰ ਵਿਕਸਿਤ ਕਰਨ ਦਾ ਸੁਝਾਅ ਦਿੱਤਾ। ਉਨ੍ਹਾਂ ਕਿਹਾ ਕਿ ਇਸ ਰੂਟ 'ਤੇ ਇੱਕ ਨਵੀਂ ਸ਼ੀਸ਼ੇ ਦੀ ਛੱਤ ਵਾਲੀ ਵਿਰਾਸਤੀ ਰੇਲਗੱਡੀ ਜਾਂ ਲਾਈਟ ਰੇਲ ਸਰਵਿਸ ਸ਼ੁਰੂ ਕੀਤੀ ਜਾ ਸਕਦੀ ਹੈ, ਜੋ ਵਿਲੱਖਣ ਅਨੁਭਵ ਪ੍ਰਦਾਨ ਕਰੇਗੀ ਅਤੇ ਨੰਗਲ ਨੂੰ ਵਿਸ਼ਵ ਦੇ ਸੈਰ-ਸਪਾਟਾ ਨਕਸ਼ੇ 'ਤੇ ਮੁੜ-ਉਭਾਰੇਗੀ।

ਭਾਖੜਾ ਨੰਗਲ ਡੈਮ ਮਿਊਜ਼ੀਅਮ ਦੇ ਕਾਰਜ ਨੂੰ ਜਲਦ ਤੋਂ ਜਲਦ ਮੁਕੰਮਲ ਕਰਨ ਦੀ ਮੰਗ ਰੱਖਦਿਆਂ ਸ. ਬੈਂਸ ਨੇ ਇਸ ਅਜਾਇਬ ਘਰ ਦੇ ਨਿਰਮਾਣ ਵਿੱਚ ਲੰਬੀ ਦੇਰੀ'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਇਸ ਕਾਰਜ ਲਈ ਕਈ ਸਾਲਾਂ ਤੋਂ ਨੀਂਹ ਪੱਥਰ ਤਾਂ ਰੱਖੇ ਜਾ ਰਹੇ ਹਨ ਪਰ ਕੰਮ ਅਜੇ ਤੱਕ ਮੁਕੰਮਲ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਇਹ ਅਜਾਇਬ ਘਰ, ਇੱਕ ਵਾਰ ਪੂਰਾ ਹੋਣ ਤੋਂ ਬਾਅਦ ਸੈਂਟਰ ਆਫ਼ ਲਰਨਿੰਗ ਐਂਡ ਪਰਾਈਡ ਵਜੋਂ ਕੰਮ ਕਰੇਗਾ, ਜਿਸ ਵਿੱਚ ਭਾਰਤ ਦੀ ਇੰਜਨੀਅਰਿੰਗ ਕਲਾ ਅਤੇ ਆਜ਼ਾਦੀ ਤੋਂ ਬਾਅਦ ਦੇ ਵਿਕਾਸ ਨੂੰ ਬਾਖੂਬੀ ਦਰਸਾਇਆ ਜਾ ਸਕੇਗਾ। ਉਨ੍ਹਾਂ ਨੇ ਇਸ ਸਬੰਧੀ ਕੇਂਦਰੀ ਬਿਜਲੀ ਮੰਤਰੀ ਦੇ ਨਿੱਜੀ ਦਖ਼ਲ ਦੀ ਮੰਗ ਕਰਦਿਆਂ ਅਜਾਇਬ ਘਰ ਦੇ ਕਾਰਜ ਨੂੰ ਜਲਦ ਤੋਂ ਜਲਦ ਮੁਕੰਮਲ ਕਰਵਾਉਣ ਦੀ ਮੰਗ ਰੱਖੀ। ਉਨ੍ਹਾਂ ਨੇ ਭਾਰਤ ਦੇ ਸਭ ਤੋਂ ਵੱਡੇ ਬੁਨਿਆਦੀ ਢਾਂਚਿਆਂ ਵਿੱਚੋਂ ਇੱਕ ਭਾਖੜਾ ਨੰਗਲ ਡੈਮ ਦੇ ਸੁੰਦਰੀਕਰਨ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਨੇ ਇਸ ਸਬੰਧੀ ਇੱਕ ਰਣਨੀਤਕ ਲਾਈਟਨਿੰਗ ਯੋਜਨਾ ਦਾ ਸੁਝਾਅ ਦਿੱਤਾ ਜੋ ਇਸਨੂੰ ਦੁਨੀਆ ਭਰ ਦੇ ਮਸ਼ਹੂਰ ਡੈਮਾਂ ਅਤੇ ਰਿਵਰਫਰੰਟਸ ਦੀ ਤਰਜ਼ ਉੱਤੇ ਰਾਤ ਦੇ ਸਮੇਂ ਆਕਰਸ਼ਣ ਦੇ ਮੁੱਖ ਕੇਂਦਰ ਵਿੱਚ ਬਦਲ ਸਕਦੀ ਹੈ।

ਨੰਗਲ ਲਈ ਇੱਕ ਪਾਰਦਰਸ਼ੀ ਅਤੇ ਆਧੁਨਿਕ ਲੀਜ਼ ਨੀਤੀ ਦੀ ਵੀ ਮੰਗ ਕਰਦਿਆਂ ਸ. ਹਰਜੋਤ ਸਿੰਘ ਬੈਂਸ ਨੇ ਨੰਗਲ ਦੇ ਹਜ਼ਾਰਾਂ ਪਰਿਵਾਰਾਂ ਦੀਆਂ ਚਿੰਤਾਵਾਂ ਨੂੰ ਦੂਰ ਕਰਨ ਲਈ ਇੱਕ ਸੋਧੀ ਹੋਈ ਲੀਜ਼ ਨੀਤੀ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ ਤਾਂ ਜੋ ਦਹਾਕਿਆਂ ਤੋਂ ਨੰਗਲ ਵਿੱਚ ਰਹਿੰਦੇ ਹੋਏ ਵੀ ਲਗਾਤਾਰ ਉਜਾੜੇ ਦੇ ਡਰ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਲੀਜ਼ ਨੀਤੀ ਵਿੱਚ ਸਪੱਸ਼ਟਤਾ ਦੀ ਘਾਟ ਲੋਕਾਂ ਵਿੱਚ ਬੇਚੈਨੀ ਦਾ ਕਾਰਨ ਬਣਦੀ ਹੈ, ਜਿਸ ਨਾਲ ਨਿੱਜੀ ਨਿਵੇਸ਼ 'ਤੇ ਮਾੜਾ ਅਸਰ ਪੈਂਦਾ ਹੈ। ਉਨ੍ਹਾਂ ਨੇ ਇੱਕ ਪਾਰਦਰਸ਼ੀ, ਲੋਕ-ਪੱਖੀ ਅਤੇ ਮਾਲੀਆ ਪੈਦਾ ਕਰਨ 'ਤੇ ਕੇਂਦਰਤ ਲੀਜ਼ ਨੀਤੀ ਦੀ ਵਕਾਲਤ ਕੀਤੀ ਤਾਂ ਜੋ ਨੰਗਲ ਵਾਸੀਆਂ ਨੂੰ ਸੁਰੱਖਿਆ ਪ੍ਰਦਾਨ ਕਰਕੇ ਲੰਬੇ ਸਮੇਂ ਤੋਂ ਲਟਕ ਰਹੇ ਕਾਨੂੰਨੀ ਵਿਵਾਦਾਂ ਨੂੰ ਹੱਲ ਕਰੇਗੀ ਅਤੇ ਬੀਬੀਐਮਬੀ ਲਈ ਮਾਲੀਏ ਦਾ ਸਾਧਨ ਬਣੇਗੀ।

ਪੰਜਾਬ ਦੇ ਸਿੱਖਿਆ ਮੰਤਰੀ ਨੇ ਸ੍ਰੀ ਮਨੋਹਰ ਲਾਲ ਖੱਟਰ ਨੂੰ ਨੰਗਲ ਨੂੰ ਮਾਡਲ ਸ਼ਹਿਰ ਵਜੋਂ ਮੁੜ ਸੁਰਜੀਤ ਕਰਨ ਲਈ ਦਖ਼ਲ ਦੇਣ ਦੀ ਜ਼ੋਰਦਾਰ ਅਪੀਲ ਕਰਦਿਆਂ ਕਿਹਾ ਕਿ ਨੰਗਲ ਰਹਿਮ ਦੀ ਨਹੀਂ, ਸਗੋਂ ਆਪਣੀ ਗੁਆਚੀ ਸ਼ਾਨ ਦੀ ਬਹਾਲੀ ਦੀ ਮੰਗ ਕਰਦਾ ਹੈ।

# ਤਨੂੰਲੀ ਦੇ ਵਿਕਾਸ ਕਾਰਜਾਂ ਲਈ 70 ਲੱਖ ਗ੍ਰਾਂਟ ਜਾਰੀ - ਡਾ . ਇਸ਼ਾਂਕ

## ਤਨੂੰਲੀ ਵਿੱਚ ਵਿਕਾਸ ਯੋਜਨਾਵਾਂ ਦਾ ਕੀਤਾ ਉਦਘਾਟਨ - ਕਿਹਾ- ਨਵੀਂ ਲਿੰਕ ਰੋਡ ਅਤੇ ਸਿੰਚਾਈ ਟਿਊਬਵੈੱਲ ਨਾਲ ਹੋਵੇਗਾ ਲੋਕਾਂ-ਕਿਸਾਨਾਂ ਨੂੰ ਲਾਭ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪ੍ਰੈਲ
INTERNATIONAL PAPER, 94636 01616
hardipchumber57@gmail.com



ਹੁਸ਼ਿਆਰਪੁਰ 19 ਅਪ੍ਰੈਲ ( ਤਰਸੇਮ ਦੀਵਾਨਾ ) ਚੱਬੇਵਾਲ ਖੇਤਰ ਦੇ ਵਿਕਾਸ ਨੂੰ ਨਵੀਂ ਦਿਸ਼ਾ ਦੇਣ ਦੇ ਉਦੇਸ਼ ਨਾਲ ਵਿਧਾਇਕ ਡਾ. ਇਸ਼ਾਂਕ ਨੇ ਪਿੰਡ ਤਨੂੰਲੀ ਵਿੱਚ 70 ਲੱਖ ਰੁਪਏ ਦੀ ਲਾਗਤ ਦੇ ਪ੍ਰੋਜੈਕਟ ਦਾ ਉਦਘਾਟਨ ਕੀਤਾ। ਪਹਿਲੇ ਪ੍ਰਾਜੈਕਟ ਦੇ ਤਹਿਤ ਪਿੰਡ ਤਨੂੰਲੀ ਵਿਚ 54.50 ਲੱਖ ਰੁਪਏ ਦੀ ਲਾਗਤ ਨਾਲ ਸਿੰਜਾਈ ਟਿਊਬਵੈੱਲ ਨਾਲ ਹੁਣ ਤਕਰੀਬਨ 125 ਏਕੜ ਨੂੰ ਦੀ ਸੁਵਿਧਾ ਮਿਲੇਗਾ।ਇਸ ਨਾਲ ਕਿਸਾਨਾਂ ਨੂੰ ਬਹੁਤ ਲਾਭ ਮਿਲੇਗਾ ਅਤੇ ਖੇਤਰ ਦੀ ਖੇਤੀਬਾੜੀ ਉਤਪਾਦਕਤਾ ਵਿੱਚ ਮਹੱਤਵਪੂਰਨ ਵਾਧਾ ਹੋਵੇਗਾ.

ਦੂਜੇ ਪ੍ਰਮੁੱਖ ਪ੍ਰਾਜੈਕਟ ਅਧੀਨ 0.53 ਕਿਲੋਮੀਟਰ ਦੀ ਲੰਬੀ ਨਵੀਂ ਲਿੰਕ ਰੋਡ ਦੀ ਉਸਾਰੀ ਸ਼ੁਰੂ ਕੀਤੀ ਗਈ, ਜਿਸ ਦੀ 16 ਲੱਖ ਰੁਪਏ ਦੀ ਲਾਗਤ ਹੈ.

ਉਦਘਾਟਨ ਸਮਾਰੋਹ ਵਿਚ ਤਨੂੰਲੀ ਦੇ ਸਰਪੰਚ ਕਿਸ਼ਨ ਕੁਮਾਰ, ਸਾਬਕਾ ਸਰਪੰਚ ਕਰਮਜੀਤ ਕੌਰ, ਹਰਪ੍ਰੀਤ ਸਿੰਘ ਗਿੱਲ, ਪੰਚ ਬਲਵਿੰਦਰ ਕੌਰ, ਅਮਰਜੀਤ ਕੌਰ, ਤਰਨਜੀਤ ਕੌਰ, ਸਰਪੰਚ ਜਸਵਿੰਦਰ ਸਿੰਘ, ਫਦਮਾ ਸਰਪੰਚ ਕਮਲਦੀਪ, ਸਰਪੰਚ ਪਰਮਜੀਤ ਸਿੰਘ, ਆਦਿ ਹਾਜ਼ਰ ਸਨ।

ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਡਾ ਇਸ਼ਾਂਕ ਨੇ ਕਿਹਾ ਕਿ ਚੱਬੇਵਾਲ ਹਲਕੇ ਦੇ ਪਿੰਡਾਂ ਦਾ ਸਰਵਪੱਖੀ ਵਿਕਾਸ ਮੇਰਾ ਮੁੱਖ ਟੀਚਾ ਹੈ। ਮੈਂ ਆਪਣੇ ਪਿੰਡਾਂ ਦੀ ਤਸਵੀਰ ਨੂੰ ਬਦਲਣ ਲਈ ਵਚਨਬੱਧ ਹਾਂ, ਭਾਵੇਂ ਇਹ ਸਿੰਚਾਈ, ਸੜਕਾਂ ਜਾਂ ਹੋਰ ਬੁਨਿਆਦੀ ਸਹੂਲਤਾਂ ਹਨ - ਹਰ ਖੇਤਰ ਵਿੱਚ ਤੇਜ਼ੀ ਨਾਲ ਕੰਮ ਕੀਤਾ ਜਾ ਰਿਹਾ ਹੈ । ਕਿਸਾਨਾਂ ਨੂੰ ਪਾਣੀ ਦੀਆਂ ਸਹੂਲਤਾਂ ਪ੍ਰਦਾਨ ਕਰਨਾ ਸਾਡੀ ਤਰਜੀਹ ਹੈ, ਕਿਉਂਕਿ ਜਦੋਂ ਕਿਸਾਨ ਖੁਸ਼ ਹੁੰਦਾ ਹੈ, ਤਾਂ ਪਿੰਡ ਅਤੇ ਰਾਜ ਵੀ ਤਰੱਕੀ ਕਰਨਗੇ ।

ਵਿਧਾਇਕ ਨੇ ਕਿਹਾ ਕਿ ਇਨ੍ਹਾਂ ਵਿਕਾਸ ਪ੍ਰੋਜੈਕਟਾਂ ਨੂੰ ਲਿਆਉਣ ਵਿਚ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ ਰਾਜ ਕੁਮਾਰ ਚੱਬੇਵਾਲ, ਵਲੋਂ ਵਿਸ਼ੇਸ਼ ਸਹਾਇਤਾ ਦਿੱਤੀ ਗਈ ਹੈ. । ਉਨ੍ਹਾਂ ਸੰਸਦ ਮੈਂਬਰ ਦਾ ਧੰਨਵਾਦ ਜ਼ਾਹਰ ਕੀਤਾ ਅਤੇ ਕਿਹਾ ਕਿ ਇਹ ਯੋਜਨਾਵਾਂ ਸਿਰਫ ਦੇ ਡਾ ਰਾਜ ਤੇ ਪੰਜਾਬ ਸਰਕਾਰ ਦੇ ਸਾਂਝੇ ਯਤਨਾਂ ਨਾਲ ਅਮਲੀ ਰੂਪ ਲੈ ਰਹੀਆਂ ਹਨ।

ਡਾ. ਇਸ਼ਾਂਕ ਨੇ ਅੱਗੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵਧੇਰੇ ਵਿਕਾਸ ਕਾਰਜਾਂ ਨੂੰ ਮਨਜ਼ੂਰ ਕੀਤਾ ਜਾਵੇਗਾ ਤਾਂ ਜੋ ਤਰੱਕੀ ਦੀ ਰੋਸ਼ਨੀ ਹਰ ਪਿੰਡ ਵਿੱਚ ਪਹੁੰਚਾਈ ਜਾਵੇ । ਉਹਨਾ ਨੇ ਪੰਚ-ਸਰਪੰਚਾਂ ਅਤੇ ਪਿੰਡ ਵਾਸੀਆਂ ਨੂੰ ਸਹਿਯੋਗ ਕਰਨ ਦੀ ਅਪੀਲ ਕੀਤੀ ਅਤੇ ਕਿਹਾ ਕਿ ਇਹ ਵਿਕਾਸ ਸਿਰਫ ਜਨਤਾ ਦੇ ਸਹਿਯੋਗ ਨਾਲ ਸੰਭਵ ਹੈ।

ਇਸ ਮੌਕੇ ਤਨੂੰਲੀ ਦੇ ਸਰਪੰਚ ਕਿਸ਼ਨ ਕੁਮਾਰ ਨੇ ਪਿੰਡ ਵਾਸੀਆਂ ਵੱਲੋਂ ਡਾ. ਇਸ਼ਾਕ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹਨਾਂ ਸਭ ਨੂੰ ਆਪਣੇ ਵਿਧਾਇਕ ਤੋਂ ਉਮੀਦ ਹੈ ਅਤੇ ਵਿਸ਼ਵਾਸ਼ ਹੈ ਕਿ ਭਵਿੱਖ ਵਿੱਚ ਵੀ ਅਜਿਹੇ ਪ੍ਰੋਜੈਕਟਾਂ ਨਾਲ ਪਿੰਡ ਦੀ ਤਸਵੀਰ ਬਦਲ ਜਾਵੇਗੀ।

# ਜ਼ਿਲ੍ਹੇ ਦੀਆਂ ਮੰਡੀਆਂ ਅੰਦਰ ਖਰੀਦ ਸਬੰਧੀ ਕਿਸੇ ਨੂੰ ਵੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ,,, ਡਿਪਟੀ ਕਮਿਸ਼ਨਰ

## *ਬੀਤੀ ਸ਼ਾਮ ਤੱਕ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 1 ਲੱਖ 25 ਹਜ਼ਾਰ 555 ਮੀਟਰਕ ਟਨ ਦੀ ਕੀਤੀ ਖਰੀਦ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਮਾਨਸਾ, 19 ਅਪ੍ਰੈਲ : (ਆਤਮਾ ਸਿੰਘ ਪਮਾਰ)

ਡਿਪਟੀ ਕਮਿਸ਼ਨਰ ਮਾਨਸਾ ਸ੍ਰੀ ਕੁਲਵੰਤ ਸਿੰਘ ਆਈ.ਏ.ਐਸ. ਨੇ ਦੱਸਿਆ ਕਿ ਜ਼ਿਲ੍ਹਾ ਮਾਨਸਾ ਅੰਦਰ ਕਣਕ ਦੀ ਖਰੀਦ ਸਬੰਧੀ ਸਾਰੇ ਪ੍ਰਬੰਧ ਸਮਾਂ ਰਹਿੰਦਿਆਂ ਹੀ ਮੁਕੰਮਲ ਕਰ ਲਏ ਗਏ ਸਨ ਅਤੇ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਕਿਸਾਨਾਂ ਵੱਲੋਂ ਲਿਆਂਦੀ ਜਾ ਰਹੀ ਫਸਲ ਦੀ ਖਰੀਦ ਦਾ ਕੰਮ ਨਿਰਵਿਘਨ ਚੱਲ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਬੀਤੀ ਸ਼ਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ 'ਚ ਕੁੱਲ 1 ਲੱਖ 56 ਹਜ਼ਾਰ 785 ਮੀਟਰਕ ਟਨ ਕਣਕ ਦੀ ਆਮਦ ਹੋ ਚੁੱਕੀ ਹੈ ਅਤੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 1 ਲੱਖ 25 ਹਜ਼ਾਰ 555 ਮੀਟਰਕ ਟਨ ਕਣਕ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੀ ਕਿਸੇ ਵੀ ਮੰਡੀ ਵਿੱਚ ਕਿਸੇ ਵੀ ਕਿਸਾਨ, ਆੜ੍ਹਤੀਏ ਅਤੇ ਮਜ਼ਦੂਰ ਨੂੰ ਕੋਈ ਵੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ ।

ਉਨ੍ਹਾਂ ਦੱਸਿਆ ਕਿ ਸਬੰਧਤ ਅਧਿਕਾਰੀਆਂ ਨੂੰ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ ਕਿ ਪੰਜਾਬ ਸਰਕਾਰ ਦੇ ਨਿਯਮਾਂ ਅਨੁਸਾਰ ਮੰਡੀਆਂ ਵਿੱਚ ਨਿਰਵਿਘਨਤਾ ਨਾਲ ਕਿਸਾਨਾਂ ਵੱਲੋਂ ਲਿਆਂਦੀ



ਫਸਲ ਦੀ ਖਰੀਦ ਅਤੇ ਲਿਫਟਿੰਗ ਨਿਰਧਾਰਿਤ ਸਮੇਂ ਅੰਦਰ ਯਕੀਨੀ ਬਣਾਈ ਜਾਵੇ।

# ਜ਼ੀਰਾ ਇਲਾਕੇ ਵਿੱਚ ਕਣਕ ਅਤੇ ਨਾੜ ਨੂੰ ਅੱਗਾਂ ਲੱਗਣ ਕਾਰਨ ਹੋ ਰਿਹਾ ਕਿਸਾਨਾਂ ਦਾ ਨੁਕਸਾਨ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਜ਼ੀਰਾ 19 ਅਪ੍ਰੈਲ ( ਅੰਗਰੇਜ਼ ਬਰਾੜ ) - ਜੀਰਾ ਇਲਾਕੇ ਵਿੱਚ ਖੜੀ ਕਣਕ ਅਤੇ ਵੱਡੀ ਹੋਈ ਕਣਕ ਦੇ ਨਾੜ ਨੂੰ ਅੱਗ ਲੱਗਣ ਦੀਆਂ ਘਟਨਾਵਾਂ ਕਾਰਨ ਕਿਸਾਨਾਂ ਦਾ ਵੱਡੀ ਪੱਧਰ ਤੇ ਨੁਕਸਾਨ ਹੋ ਰਿਹਾ ਹੈ। ਜੀਰਾ ਨੇੜਲੇ ਪਿੰਡ ਵਕੀਲਾਂ ਵਾਲਾ ਵਿਖੇ ਕੱਲ ਅਤੇ ਅੱਜ ਮਖੂ ਰੋਡ ਤੇ ਇੱਕ ਰਿਜੋਰਟ ਦੇ ਨੇੜੇ ਖੜੀ ਕਣਕ ਨੂੰ ਅੱਗ ਲੱਗਣ ਕਾਰਨ ਕਿਸਾਨਾਂ ਦਾ ਵੱਡੀ ਪੱਧਰ ਤੇ



ਨੁਕਸਾਨ ਹੋਣ ਦਾ ਸਮਾਂਚਾਰ ਪ੍ਰਾਪਤ ਹੋਇਆ ਹੈ। ਮਖੂ ਰੋਡ ਤੇ ਲੱਗੀ ਕਣਕ ਨੂੰ ਅੱਗ ਇੰਨੀ ਭਿਆਨਕ ਸੀ ਕਿ ਤਕਰੀਬਨ ਦੋ ਘੰਟਿਆਂ ਦੀ ਜਦੋ ਜਹਿਦ ਤੋਂ ਬਾਅਦ ਅੱਗ ਤੇ ਕਾਬੂ ਪਾਇਆ ਗਿਆ, ਅੱਜ ਇੱਕ ਪਾਸੇ ਜਿੱਥੇ ਘਟਨਾ ਸਥਾਨ ਤੇ ਐਮ ਐਲ ਏ ਸ੍ਰੀ ਨਰੇਸ਼ ਕਟਾਰੀਆ ਦੇ ਫਰਜੰਦ ਸ਼ੰਕਰ ਕਟਾਰੀਆ ਨੇ ਪਹੁੰਚ ਕੇ ਸਥਿਤੀ ਦਾ ਜਾਇਜ਼ਾ ਲਿਆ, ਉੱਥੇ ਜ਼ੀਰਾ ਦੇ ਸਾਬਕਾ ਵਿਧਾਇਕ ਅਤੇ ਹਮੇਸ਼ਾ ਚਰਚਾ ਵਿਚ ਰਹਿਣ ਵਾਲੇ ਕਾਂਗਰਸ ਦੇ ਜਿਲ੍ਹਾ ਫਿਰੋਜ਼ਪੁਰ ਤੋਂ ਪ੍ਰਧਾਨ ਕੁਲਬੀਰ ਸਿੰਘ ਜੀਰਾ ਨੇ ਪੀੜਤ ਕਿਸਾਨਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਪੋਸਟ ਪਾ ਕੇ ਕਿਹਾ ਕਿ ਹੁਸ਼ਿਆਰਪੁਰ ਦੇ ਇੱਕ ਪਿੰਡ ਨੂਰਪੁਰ ਜੱਟਾ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਦੀ ਬੇਅਦਬੀ ਹੋਈ ਹੈ ਅਤੇ ਜੀਰਾ ਇਲਾਕੇ ਵਿੱਚ ਅੱਗ ਲੱਗਣ ਦੀਆਂ ਘਟਨਾਵਾਂ ਕਾਰਨ ਕਿਸਾਨਾਂ ਦਾ ਵੱਡੀ ਪੱਧਰ ਤੇ ਨੁਕਸਾਨ ਹੋ ਰਿਹਾ ਹੈ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਰਵਿੰਦ ਕੇਜਰੀਵਾਲ ਦੀ ਬੇਟੀ ਦੇ ਵਿਆਹ ਸਮਾਗਮ ਵਿੱਚ ਢੋਲ ਦੇ ਡੱਗੇ ਤੇ ਨੱਚ ਰਿਹਾ ਹੈ।

# ਜੀ.ਆਰ.ਡੀ. ਕਾਲਜੀਏਟ ਸਕੂਲ 'ਚ ਗਿਆਰਵੀਂ ਤੇ ਬਾਰ੍ਹਵੀਂ ਕਲਾਸ ਦੇ ਵਿਦਿਅਕ ਸੈਸ਼ਨ ਦੀ ਹੋਈ ਆਰੰਭਤਾ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਫਗਵਾੜਾ 19 ਅਪ੍ਰੈਲ (ਸ਼ਿਵ ਕੌੜਾ) ਜੀ.ਆਰ.ਡੀ. ਐਜੂਕੇਸ਼ਨਲ ਟਰੱਸਟ ਅਧੀਨ ਵਿਦਿਆ ਦਾ ਪ੍ਰਸਾਰ ਕਰ ਰਹੇ ਜੀ.ਆਰ.ਡੀ. ਕਾਲਜੀਏਟ ਸਕੂਲ ਵਿਖੇ 10+1 ਅਤੇ 10+2 ਦੀਆਂ ਕਲਾਸਾਂ ਦੇ ਵਿਦਿਅਕ ਸੈਸ਼ਨ ਦੀ ਅੱਜ ਆਰੰਭਤਾ ਕੀਤੀ ਗਈ। ਇਸ ਦੌਰਾਨ ਗੱਲਬਾਤ ਕਰਦਿਆਂ ਜੀ.ਆਰ.ਡੀ. ਕਾਲਜ ਅਤੇ ਸਕੂਲ ਦੇ ਡਾਇਰੈਕਟਰ ਐਜੂਕੇਸ਼ਨ ਡਾ. ਨੀਲਮ ਸੇਠੀ ਨੇ ਦੱਸਿਆ ਕਿ ਆਰਟਸ ਅਤੇ ਕਾਮਰਸ ਗਰੁੱਪ ਦੀਆਂ ਕਲਾਸਾਂ ਦੀ




ਆਰੰਭਤਾ ਕੀਤੀ ਗਈ ਹੈ। ਉਹਨਾਂ ਵਿਦਿਆਰਥੀਆਂ ਨੂੰ ਤਿਲਕ ਲਗਾਇਆ ਅਤੇ ਮਿਸਰੀ ਇਲਾਇਚੀ ਨਾਲ ਮੂੰਹ ਮਿੱਠਾ ਕਰਵਾ ਕੇ ਸ਼ੁੱਭ ਇੱਛਾਵਾਂ ਦਿੱਤੀਆਂ। ਡਾ. ਸੇਠੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਹਾਇਰ ਐਜੂਕੇਸ਼ਨ ਦੀ ਨੀਂਹ ਗਿਆਰਵੀਂ ਤੇ ਬਾਰ੍ਹਵੀਂ ਕਲਾਸ ਹੁੰਦੀ ਹੈ। ਜੇਕਰ ਇਹ ਨੀਂਹ ਮਜਬੂਤ ਹੋਵੇਗੀ ਤਾਂ ਉੱਚ ਸਿੱਖਿਆ ਦੀ ਇਮਾਰਤ ਵੀ ਮਜਬੂਤ ਬਣੇਗੀ। ਇਸ ਲਈ ਵਿਦਿਆਰਥੀ ਪੂਰੀ ਮਿਹਨਤ ਤੇ ਲਗਨ ਨਾਲ ਪੜ੍ਹਾਈ ਕਰਦੇ ਹੋਏ ਵਧੀਆ ਅੰਕ ਪ੍ਰਾਪਤ ਕਰਨ। ਇਸ ਦੌਰਾਨ ਪ੍ਰਿੰਸੀਪਲ ਗੁਰਜੀਤ ਕੌਰ ਨੇ ਵਿਦਿਆਰਥੀਆਂ ਨੂੰ ਸਕੂਲ ਦੇ ਨਿਯਮਾਂ, ਸਹੂਲਤਾਂ ਅਤੇ ਪੜ੍ਹਾਈ ਦੇ ਨਾਲ ਕਰਵਾਈਆਂ ਜਾਣ ਵਾਲੀਆਂ ਹੋਰ ਗਤੀਵਿਧੀਆਂ ਬਾਰੇ ਵਿਸਥਾਰ ਨਾਲ ਜਾਣੂ ਕਰਵਾਇਆ। ਨਾਲ ਹੀ ਕਾਲਜ ਦੀ ਲਾਇਬ੍ਰੇਰੀ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਵੀ ਪ੍ਰੇਰਿਤ ਕੀਤਾ। ਇਸ ਮੌਕੇ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀ ਹਾਜਰ ਸਨ।

# ਦੋਆਬਾ ਯੂਥ ਕਲੱਬ ਹੁਸ਼ਿਆਰਪੁਰ ਵੱਲੋਂ ਸੁੰਦਰ ਦਸਤਾਰ ਸਜਾਉਣ ਮੁਕਾਬਲਾ ਭਲਕੇ

## •ਅਜਵਿੰਦਰ ਸਿੰਘ ਦੀ ਯਾਦ ਨੂੰ ਸਮਰਪਿਤ ਹੋਵੇਗਾ "ਸ਼ਾਨ-ਏ-ਸਿੱਖੀ" -ਪ੍ਰਧਾਨ ਹਰਕੰਵਲ ਸਿੰਘ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਹੁਸ਼ਿਆਰਪੁਰ, 19 ਅਪ੍ਰੈਲ ( ਤਰਸੇਮ ਦੀਵਾਨਾ ) ਨੌਜਵਾਨਾਂ ਅਤੇ ਬੱਚਿਆਂ ਨੂੰ ਕੇਸ ਤੇ ਦਸਤਾਰ ਧਾਰਨ ਕਰਨ ਲਈ ਪ੍ਰੇਰਨਾ ਦੇਣ ਹਿੱਤ ਦੋਆਬਾ ਯੂਥ ਕਲੱਬ ਰਜਿ.ਹੁਸ਼ਿਆਰਪੁਰ ਵੱਲੋਂ ਸਿੱਖ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਦੇ ਸਹਿਯੋਗ ਨਾਲ ਚੌਥਾ ਸੁੰਦਰ ਦਸਤਾਰ ਸਜਾਉਣ ਮੁਕਾਬਲਾ ਸ਼ਾਨ-ਏ-ਸਿੱਖੀ 20 ਅਪ੍ਰੈਲ ਦਿਨ ਐਤਵਾਰ ਨੂੰ ਗੁਰਦੁਆਰਾ ਮਿੱਠਾ ਟਿਵਾਣਾ ਹੁਸ਼ਿਆਰਪੁਰ ਵਿਖੇ ਸਵੇਰੇ 9 ਵਜੇ ਤੋਂ ਬਾਅਦ ਦੁਪਿਹਰ 2 ਵਜੇ ਤੱਕ



ਕਰਵਾਇਆ ਜਾ ਰਿਹਾ ਹੈ| ਇਹ ਜਾਣਕਾਰੀ ਦਿੰਦਿਆਂ ਦੁਆਬਾ ਯੂਥ ਕਲੱਬ ਦੇ ਪ੍ਰਧਾਨ ਹਰ ਕਮਲ ਸਿੰਘ ਵਿੱਕੀ ਅਤੇ ਸੁਖਵਿੰਦਰ ਸਿੰਘ ਸਟੀਫਨ ਨੇ ਦੱਸਿਆ ਕਿ ਉਘੇ ਸਮਾਜ ਸੇਵੀ ਅਤੇ ਸਿੱਖ ਵੈਲਫੇਅਰ ਸੁਸਾਇਟੀ ਹੁਸ਼ਿਆਰਪੁਰ ਦੇ ਫਾਊਂਡਰ ਪ੍ਰਧਾਨ ਸਰਦਾਰ ਅਜਵਿੰਦਰ ਸਿੰਘ ਜੀ ਦੀ ਨਿੱਘੀ ਮਿੱਠੀ ਯਾਦ ਨੂੰ ਸਮਰਪਿਤ ਕਰਵਾਏ ਜਾ ਰਹੇ ਇਸ ਚੌਥੇ ਸੁੰਦਰ ਦਸਤਾਰ ਸਜਾਉਣ ਮੁਕਾਬਲੇ ਵਿੱਚ ਮੁਖ ਮਹਿਮਾਨ ਵਜੋਂ ਉਘੇ ਪੰਜਾਬੀ ਗਾਇਕ ਕਲਾਕਾਰ ਗੁਰਕਿਰਪਾਲ ਸੂਰਾਪੁਰੀਆ ਸ਼ਾਮਿਲ ਹੋਣਗੇ ਉਹਨਾਂ ਦੱਸਿਆ ਕਿ ਇਸ ਮੁਕਾਬਲੇ ਵਿੱਚ ਭਾਗ ਲੈਣ ਲਈ ਇਲਾਕੇ ਦੇ ਵੱਖ ਵੱਖ ਸਕੂਲਾਂ ਦਾ ਦੌਰਾ ਕਰਕੇ ਬੱਚਿਆਂ ਨੂੰ ਸੱਦਾ ਦਿੱਤਾ ਜਾ ਰਿਹਾ ਹੈ ਅਤੇ ਹਮੇਸ਼ਾ ਵਾਂਗ ਇਸ ਵਾਸਤੇ ਕੁੱਲ 16 ਇਨਾਮ ਬੱਚਿਆਂ ਵਿੱਚ ਤਕਸੀਮ ਕੀਤੇ ਜਾਣਗੇ ਵਿਸ਼ੇਸ਼ ਨਗਦ ਇਨਾਮ 11000 ਦਾ ਹੋਵੇਗਾ | ਉਹਨਾਂ ਦੱਸਿਆ ਕਿ ਇਸ ਮੌਕੇ ਗੁਰੂ ਕਾ ਲੰਗਰ ਤੇ ਚਾਹ ਦਾ ਲੰਗਰ ਅਤੁਟ ਵਰਤਾਇਆ ਜਾਵੇਗਾ। ਇਸ ਮੌਕੇ ਉਹਨਾਂ ਨਾਲ ਪ੍ਰਦੀਪ ਸਿੰਘ ਬਸਣ, ਗੁਰਪ੍ਰੀਤ ਸਿੰਘ ਸੇਠੀ,ਮੀਰੀ ਪੀਰੀ ਸੇਵਾ ਸਿਮਰਨ ਕਲੱਬ ਦੇ ਚੇਅਰਮੈਨ ਸਰਬਜੀਤ ਸਿੰਘ ਬਡਵਾਲ ਜਨਰਲ ਸਕੱਤਰ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਤੇ ਦਰਸ਼ਨ ਸਿੰਘ ਪਲਾਹਾ ਪ੍ਰਧਾਨ ਗੁਰਦੁਆਰਾ ਸ੍ਰੀ ਹਰਿ ਜੀ ਸਹਾਇ ਪ੍ਰਬੰਧਕ ਕਮੇਟੀ, ਗੁਰਬਿੰਦਰ ਸਿੰਘ ਪਲਾਹਾ ਵੀ ਮੌਜੂਦ ਸਨ

# ਲਘੂ ਉਦਯੋਗ ਭਾਰਤੀ ਦੀ ਮਹੀਨਾਵਾਰ ਮੀਟਿੰਗ ਵਿੱਚ ਡਾ. ਰਾਜਕੁਮਾਰ ਚੱਬੇਵਾਲ ਨੂੰ ਦਿੱਤਾ ਮੰਗ ਪੱਤਰ

## *ਮੇਅਰ ਰਾਮਪਾਲ ਉੱਪਲ ਅੱਗੇ ਰੱਖੀ ਨਜਾਇਜ਼ ਕਬਜ਼ਿਆਂ ਦੀ ਸਮੱਸਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਫਗਵਾੜਾ 19 ਅਪ੍ਰੈਲ (ਸ਼ਿਵ ਕੌੜਾ) ਲਘੂ ਉਦਯੋਗ ਭਾਰਤੀ ਦੀ ਮਹੀਨਾਵਾਰ ਮੀਟਿੰਗ ਪੂਨਮ ਹੋਟਲ ਵਿਖੇ ਸ਼ਾਖਾ ਪ੍ਰਧਾਨ ਇੰਦਰ ਪਾਲ ਖੁਰਾਨਾ ਦੀ ਅਗਵਾਈ ਹੇਠ ਹੋਈ। ਜਿਸ ਵਿਚ ਲੋਕ ਸਭਾ ਮੈਂਬਰ ਡਾ. ਰਾਜਕੁਮਾਰ ਚੱਬੇਵਾਲ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਜਦਕਿ ਲਘੂ ਉਦਯੋਗ ਭਾਰਤੀ ਦੇ ਰਾਸ਼ਟਰੀ ਉਪ ਪ੍ਰਧਾਨ ਅਰਵਿੰਦ ਧੂਮਲ ਮੁੱਖ ਬੁਲਾਰੇ ਵਜੋਂ ਮੌਜੂਦ ਰਹੇ। ਇਸ ਤੋਂ ਇਲਾਵਾ ਲਘੂ ਉਦਯੋਗ ਭਾਰਤੀ ਦੇ ਪੰਜਾਬ ਪ੍ਰਧਾਨ ਅਸ਼ੋਕ ਗੁਪਤਾ ਅਤੇ ਸੂਬਾ ਉਪ ਪ੍ਰਧਾਨ ਅਸ਼ੋਕ ਸੇਠੀ ਦੇ ਨਾਲ ਫਗਵਾੜਾ ਦੇ ਮੇਅਰ ਰਾਮ ਪਾਲ ਉੱਪਲ ਨੇ ਵਿਸ਼ੇਸ਼ ਮਹਿਮਾਨਾਂ ਵਜੋਂ ਹਾਜਰੀ ਲਗਵਾਈ। ਸ਼ਾਖਾ ਪ੍ਰਧਾਨ ਇੰਦਰ ਪਾਲ ਖੁਰਾਣਾ ਦੀ ਅਗਵਾਈ ਹੇਠ ਮੁੱਖ ਮਹਿਮਾਨ ਡਾ. ਚੱਬੇਵਾਲ ਅਤੇ ਹੋਰਨਾਂ ਪਤਵੰਤਿਆਂ ਦਾ ਨਿੱਘਾ ਸਵਾਗਤ ਕੀਤਾ ਗਿਆ। ਜਿਸ ਤੋਂ ਬਾਅਦ ਸਕੱਤਰ ਅਰਵਿੰਦ ਬੱਗਾ ਨੇ ਮਹਿਮਾਨਾਂ ਦੀ ਰਸਮੀ ਜਾਣ-ਪਛਾਣ ਕਰਵਾਈ। ਮੀਟਿੰਗ ਦੌਰਾਨ ਛੋਟੇ ਉਦਯੋਗਾਂ ਨੂੰ ਦਰਪੇਸ਼ ਸਮੱਸਿਆਵਾਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੁੱਖ ਬੁਲਾਰੇ ਅਰਵਿੰਦ ਧੂਮਲ ਨੇ ਆਪਣੇ ਸੰਬੋਧਨ ਵਿੱਚ






ਉਦਯੋਗ ਅਤੇ ਵਣਜ ਮੰਤਰਾਲੇ ਦੇ ਨੋਟੀਫਿਕੇਸ਼ਨ ਨੰਬਰ 24071 ਮਿਤੀ 13-06-2024 ਦਾ ਹਵਾਲਾ ਦਿੰਦਿਆਂ ਡਾ. ਰਾਜਕੁਮਾਰ ਚੱਬੇਵਾਲ ਨੂੰ ਦੱਸਿਆ ਕਿ ਉਪਰੋਕਤ ਨੋਟੀਫਿਕੇਸ਼ਨ ਰਾਹੀਂ ਉਦਯੋਗ ਅਤੇ ਵਣਜ ਮੰਤਰਾਲੇ ਨੇ ਉਦਯੋਗ ਲਈ ਵੱਖ-ਵੱਖ ਮਾਪਦੰਡਾਂ ਦੇ ਤਹਿਤ ਬੀ.ਆਈ. ਐਸ. ਸਰਟੀਫਿਕੇਟ ਲਾਜਮੀ ਕਰ ਦਿੱਤਾ ਹੈ। ਨੋਟੀਫਿਕੇਸ਼ਨ ਦੀ ਉਕਤ ਸਾਰਣੀ ਵਿੱਚ, ਆਈਟਮ ਨੰਬਰ 5 ਗ੍ਰੇਅ ਆਇਰਨ ਦੀ ਕਾਸਟਿੰਗ ਹੈ। ਮੇਜ਼ 'ਤੇ ਪਈਆਂ ਹੋਰ ਚੀਜ਼ਾਂ ਆਪਣੇ ਆਪ ਵਿੱਚ ਸੰਪੂਰਨ ਉਤਪਾਦ ਹਨ। ਜਦਕਿ ਗ੍ਰੇਅ ਆਇਰਨ ਦਾ ਸਪੈਕਟਰਮ ਬਹੁਤ ਵਿਸ਼ਾਲ ਹੁੰਦਾ ਹੈ, ਜਿਸਨੂੰ ਪਹਿਲੇ ਪੜਾਅ ਵਿੱਚ ਦਰਸਾਉਣਾ ਸੰਭਵ ਨਹੀਂ ਹੁੰਦਾ ਅਤੇ ਆਮ ਤੌਰ 'ਤੇ ਗਾਹਕਾਂ ਦੀ ਮੰਗ ਅਨੁਸਾਰ ਤਿਆਰ ਕੀਤਾ ਜਾਂਦਾ ਹੈ, ਜੋ ਵੱਖ-ਵੱਖ ਫਾਉਂਡਰੀਆਂ ਤੋਂ ਪ੍ਰਾਪਤ ਕਾਸਟਿੰਗਾਂ ਤੋਂ ਹਿੱਸੇ ਬਣਾਉਂਦੇ ਹਨ। ਉਹਨਾਂ ਕਿਹਾ ਕਿ ਇਹ ਵਸਤੂ ਅਣਜਾਣੇ ਵਿੱਚ ਜੋੜੀ ਗਈ ਜਾਪਦੀ ਹੈ ਕਿਉਂਕਿ ਇਹ ਫਾਊਂਡਰੀ ਨੂੰ ਗਾਹਕ ਦੀ ਜ਼ਰੂਰਤ ਜਾਂ ਨਿਰਧਾਰਨ ਦੇ ਅਨੁਸਾਰ ਕਾਸਟਿੰਗ ਤਿਆਰ ਕਰਨ ਦੀ ਆਗਿਆ ਨਹੀਂ ਦਿੰਦੀ। ਕਈ ਤਰ੍ਹਾਂ ਦੀਆਂ ਗ੍ਰੇਅ ਕਾਸਟਿੰਗਾਂ ਤਿਆਰ ਕੀਤੀਆਂ ਜਾਂਦੀਆਂ ਹਨ ਜਿਨ੍ਹਾਂ ਨੂੰ ਸਟੈਂਡਰਡ 210.2009 ਵਿੱਚ ਸ਼ਾਮਲ ਨਹੀਂ ਕੀਤਾ ਜਾ ਸਕਦਾ। ਹਰ ਪਾਸੇ ਤੋਂ ਮਸ਼ੀਨ ਕੀਤੇ ਕਾਸਟਿੰਗਾਂ ਨੂੰ ਟਰੈਕ ਕਰਨ ਯੋਗ ਨਹੀਂ ਬਣਾਇਆ ਜਾ ਸਕਦਾ। ਇਹ ਉਦਯੋਗ ਨੂੰ ਖੋਜ ਅਤੇ ਉਤਪਾਦਨ ਨੂੰ ਮੁਕਾਬਲੇਬਾਜ਼ੀ ਨਾਲ ਕਰਨ ਦੀ ਆਜ਼ਾਦੀ ਨਹੀਂ ਦਿੰਦਾ। ਇਸ ਨਾਲ ਇੰਸਪੈਕਟਰ ਰਾਜ ਦੇ ਇੱਕ ਨਵੇਂ ਯੁੱਗ ਦੀ ਸ਼ੁਰੂਆਤ ਹੋਣ ਦਾ ਖਦਸ਼ਾ ਹੈ। ਖਾਸ ਕਰਕੇ ਸੂਖਮ ਅਤੇ ਛੋਟੀਆਂ ਇਕਾਈਆਂ ਬੀ.ਆਈ.ਐਸ. ਮਿਆਰਾਂ ਦੀ ਲੋੜੀਂਦੀ ਪਾਲਣਾ ਨਹੀਂ ਕਰ ਸਕਦੀਆਂ। ਇਸ ਕਾਰਨ ਫਾਊਂਡਰੀ ਉਦਯੋਗ ਸੂਖਮ ਅਤੇ ਛੋਟੇ ਉਦਯੋਗਾਂ ਦੇ ਨਕਸ਼ੇ ਤੋਂ ਪੂਰੀ ਤਰ੍ਹਾਂ ਗਾਇਬ ਹੋ ਸਕਦਾ ਹੈ। ਲਘੂ ਉਦਯੋਗ ਭਾਰਤੀ ਵੱਲੋਂ ਡਾ. ਚੱਬੇਵਾਲ ਨੂੰ ਇੱਕ ਮੰਗ ਪੱਤਰ ਦਿੱਤਾ ਗਿਆ ਜਿਸ ਵਿੱਚ ਮੰਗ ਕੀਤੀ ਗਈ ਕਿ ਭਾਰਤ ਸਰਕਾਰ ਦੇ ਉਦਯੋਗ, ਵਪਾਰ ਅਤੇ ਵਣਜ ਮੰਤਰੀ ਨਾਲ ਮੁਲਾਕਾਤ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਉਨ੍ਹਾਂ ਨੂੰ ਸੂਖਮ ਅਤੇ ਛੋਟੇ ਫਾਊਂਡਰੀ ਯੂਨਿਟਾਂ ਅਤੇ ਵੱਡੇ ਪੱਧਰ ਦੇ ਉਦਯੋਗ ਨੂੰ ਬਚਾਉਣ ਲਈ ਮਜਬੂਤੀ ਨਾਲ ਆਪਣਾ ਪੱਖ ਰੱਖਿਆ ਜਾ ਸਕੇ। ਡਾ. ਚੱਬੇਵਾਲ ਨੇ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਲਈ ਸਹਿਯੋਗ ਦਾ ਭਰੋਸਾ ਦਿੱਤਾ। ਇਸ ਦੌਰਾਨ ਖੁਰਾਣਾ ਨੇ ਮੇਅਰ ਰਾਮ ਪਾਲ ਉੱਪਲ ਨੂੰ ਇੰਡਸਟ੍ਰੀਅਲ ਏਰੀਆ ਇਲਾਕੇ 'ਚ ਵੱਡੀ ਪੱਧਰ ਤੇ ਹੋਏ ਗੈਰ-ਕਾਨੂੰਨੀ ਕਬਜ਼ਿਆਂ ਕਾਰਨ ਉਦਯੋਗਿਕ ਇਕਾਈਆਂ ਨੂੰ ਆ ਰਹੀਆਂ ਸਮੱਸਿਆਵਾਂ ਤੋਂ ਜਾਣੂ ਕਰਵਾਇਆ। ਉਨ੍ਹਾਂ ਕਿਹਾ ਕਿ ਉਦਯੋਗਿਕ ਖੇਤਰਾਂ ਵਿੱਚ ਇੰਨਾ ਜ਼ਿਆਦਾ ਨਾਜਾਇਜ਼ ਕਬਜ਼ਾ ਹੈ ਕਿ ਜੀ.ਟੀ. ਸੜਕ ਰਾਹੀਂ ਆਉਣ ਵਾਲੇ ਟਰੱਕ ਡਰਾਈਵਰਾਂ ਨੂੰ ਆਪਣੀ ਮੰਜ਼ਿਲ 'ਤੇ ਪਹੁੰਚਣ ਵਿੱਚ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੇਅਰ ਉੱਪਲ ਨੇ ਇਸ ਸਮੱਸਿਆ ਨੂੰ ਜਲਦੀ ਹੱਲ ਕਰਨ ਦਾ ਭਰੋਸਾ ਦਿੱਤਾ। ਲਘੂ ਉਦਯੋਗ ਭਾਰਤੀ ਵੱਲੋਂ ਮੁੱਖ ਮਹਿਮਾਨ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਦਿਆਂ ਸਨਮਾਨਿਤ ਵੀ ਕੀਤਾ ਗਿਆ।

# ਪੰਜਾਬ ਸਰਕਾਰ ਦੇ ਜ਼ਬਰ ਦਾ ਮੂੰਹਤੋੜ ਜਵਾਬ ਦੇਣ ਲਈ ਤੇ ਆਦਰਸ਼ ਸਕੂਲ ਦਾ ਮਸਲਾ ਹੱਲ ਕਰਵਾਉਣ ਲਈ ਸੰਘਰਸ਼ ਨੂੰ ਤੇਜ਼ ਕਰਨ ਦਾ ਫੈਸਲਾ

## ਜਥੇਬੰਦੀ ਦੀ ਸੂਬਾ ਕਮੇਟੀ ਦੀ ਮੀਟਿੰਗ 23 ਅਪ੍ਰੈਲ ਨੂੰ ਚੀਮਾ (ਬਰਨਾਲਾ) ਵਿਖੇ ਹੋਵੇਗੀ - 24 ਅਪ੍ਰੈਲ ਦੇ ਮਾਨਸਾ ਮੁਜ਼ਹਾਰੇ ‘ਚ ਭਰਵੀਂ ਸ਼ਮੂਲੀਅਤ ਦਾ ਫੈਸਲਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਚੰਡੀਗੜ੍ਹ, 19 ਅਪ੍ਰੈਲ, 2025: ਆਦਰਸ਼ ਸਕੂਲ ਚਾਓਕੇ ਦੇ ਅਧਿਆਪਕਾਂ ਤੇ ਮਾਪਿਆਂ ਦੇ ਸੰਘਰਸ਼ ਦੌਰਾਨ ਗ੍ਰਿਫ਼ਤਾਰ ਕੀਤੇ ਹੋਏ ਕਿਸਾਨ ਆਗੂਆਂ, ਵਰਕਰਾਂ ਤੇ ਅਧਿਆਪਕ ਆਗੂਆਂ ਨੂੰ ਜੇਲ੍ਹੀਂ ਡੱਕੀ ਬੈਠੀ ਪੰਜਾਬ ਸਰਕਾਰ ਦੇ ਜਾਬਰ ਰਵੱਈਏ ਦੀ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਨੇ ਸਖ਼ਤ ਨਿੰਦਾ ਕੀਤੀ ਹੈ।

ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾ ਤੇ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ ਆਗੂ ਵਰਕਰਾਂ ਨੂੰ ਰਿਹਾਅ ਕਰਾਉਣ, ਕਿਸਾਨਾਂ ਅਤੇ ਅਧਿਆਪਕਾਂ ‘ਤੇ ਜਬਰ ਢਾਹੁਣ ਵਾਲੇ ਪੁਲਿਸ ਅਧਿਕਾਰੀਆਂ ਖਿਲਾਫ ਕਾਰਵਾਈ ਕਰਵਾਉਣ, ਆਦਰਸ਼ ਸਕੂਲ ਚਾਓਕੇ ਦੀ ਭ੍ਰਿਸ਼ਟ ਮੈਨੇਜਮੈਂਟ ਖਿਲਾਫ ਕਾਰਵਾਈ ਕਰਵਾਉਣ ਤੇ ਸਕੂਲੋਂ ਕੱਢੇ ਅਧਿਆਪਕਾਂ ਨੂੰ ਬਹਾਲ ਕਰਵਾਉਣ ਆਦਿ ਮੰਗਾਂ ਲਈ ਸੰਘਰਸ਼ ਨੂੰ ਤੇਜ਼ ਕਰਦਿਆਂ 24 ਅਪ੍ਰੈਲ ਨੂੰ ਮਾਨਸਾ ਵਿਖੇ ਹੋ ਰਹੇ ਮੁਜ਼ਹਾਰੇ ‘ਚ ਜਥੇਬੰਦੀ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੁਜ਼ਹਾਰੇ ਰਾਹੀਂ ਭ੍ਰਿਸ਼ਟ ਮੈਨੇਜਮੈਂਟ ਦੇ ਮੁਖੀਆਂ ਦੇ ਰਿਹਾਇਸ਼ੀ ਸ਼ਹਿਰ ‘ਚ ਉਹਨਾਂ ਦੇ ਭਰਿਸ਼ਟ ਕਾਰਿਆਂ ਦੀ ਪਾਜ-ਉਘੜਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਹਕੂਮਤੀ ਜਬਰ ਦਾ ਮੂੰਹ ਤੋੜ ਜਵਾਬ ਦੇਣ ਲਈ ਤੇ ਆਦਰਸ਼ ਸਕੂਲ ਦਾ ਮਸਲਾ ਹੱਲ ਕਰਵਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਵਾਸਤੇ ਜਥੇਬੰਦੀ ਦੀ ਸੂਬਾ ਕਮੇਟੀ ਦੀ ਮੀਟਿੰਗ 23 ਅਪ੍ਰੈਲ ਨੂੰ ਸੱਦ ਲਈ ਗਈ ਹੈ। ਉਹਨਾਂ ਕਿਹਾ ਕਿ ਸਰਕਾਰ ਨੇ ਆਦਰਸ਼ ਸਕੂਲ ਦੇ ਮਸਲੇ ‘ਚ ਗ੍ਰਿਫਤਾਰ ਕੀਤੇ ਕਿਸਾਨ ਆਗੂਆਂ ਉੱਤੇ ਜਿਉਂਦ ਦੇ ਜ਼ਮੀਨੀ ਸੰਘਰਸ਼ ਵੇਲੇ ਦਰਜ ਕੀਤੇ ਗਏ ਝੂਠੇ ਕੇਸ ਵੀ ਖੋਲ੍ਹ ਲਏ ਹਨ ਅਤੇ ਕਿਸਾਨ ਆਗੂਆਂ ਨੂੰ ਲੰਮੇ ਸਮੇਂ ਲਈ ਜੇਲ੍ਹੀਂ ਡੱਕ ਕੇ ਰੱਖਣ ਦੀਆਂ ਵਿਉਂਤਾਂ ਬਣਾਈਆਂ ਜਾ ਰਹੀਆਂ ਹਨ।

ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਸੰਘਰਸ਼ ਕਰਦੇ ਲੋਕਾਂ ਦੀ ਹੱਕੀ ਆਵਾਜ਼ ਨੂੰ ਦਬਾਉਣ ਦੇ ਰਾਹ ‘ਤੇ ਹੈ। ਪੰਜ ਅਪ੍ਰੈਲ ਨੂੰ ਆਦਰਸ਼ ਸਕੂਲ ਚਾਓਕੇ ਤੋਂ ਅਧਿਆਪਕਾਂ ‘ਤੇ ਲਾਠੀ ਚਾਰਜ ਕਰਕੇ ਉਹਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਰਾਮਪੁਰਾ ਥਾਣੇ ਅੱਗੇ ਉਹਨਾਂ ਦੀ ਰਿਹਾਈ ਦੀ ਮੰਗ ਕਰ ਰਹੇ ਕਿਸਾਨਾਂ ‘ਤੇ ਜਬਰ ਢਾਹਿਆ ਗਿਆ ਤੇ ਜੇਲ੍ਹ ਭੇਜਿਆ ਗਿਆ। ਕਿਸਾਨ ਆਗੂਆਂ ਪਰਮਜੀਤ ਕੌਰ ਪਿੱਥੋ ਤੇ ਹਰਿੰਦਰ ਕੌਰ ਬਿੰਦੂ ਨੂੰ ਜਬਰ ਦਾ ਵਿਸ਼ੇਸ਼ ਨਿਸ਼ਾਨਾ ਬਣਾਇਆ ਗਿਆ। ਇਸ ਤੋਂ ਪਹਿਲਾਂ ਪੰਜਾਬ ਸਰਕਾਰ ਵੱਲੋਂ ਪਹਿਲਾਂ 5 ਮਾਰਚ ਨੂੰ ਚੰਡੀਗੜ੍ਹ ‘ਚ ਕਿਸਾਨਾਂ ਨੂੰ ਧਰਨਾ ਦੇਣ ਤੋਂ ਰੋਕਿਆ ਗਿਆ ਸੀ ਅਤੇ ਸ਼ੰਭੂ ਤੇ ਖਨੌਰੀ ਬਾਰਡਰਾਂ ‘ਤੇ ਚੱਲ ਰਹੇ



ਲਗਾਤਾਰ ਕਿਸਾਨ ਧਰਨਿਆਂ ਨੂੰ ਜਬਰ ਕਰਕੇ ਉਖਾੜਿਆ ਗਿਆ ਸੀ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਸੰਘਰਸ਼ ਕਰਨ ਦੇ ਜਮਹੂਰੀ ਹੱਕ ਨੂੰ ਕੁਚਲਣ ਦੇ ਰਾਹ ‘ਤੇ ਹੈ, ਅਤੇ ਹੁਣ ਇੱਕ ਸਥਾਨਕ ਪੱਧਰੀ ਭ੍ਰਿਸ਼ਟ ਮੈਨੇਜਮੈਂਟ ਦੀ ਪਿੱਠ ‘ਤੇ ਖੜ੍ਹ ਕੇ ਲੋਕਾਂ ‘ਤੇ ਜਬਰ ਕਰ ਰਹੀ ਹੈ।

ਉਹਨਾਂ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਦੀ ਲੋਕ-ਦੋਖੀ ਖ਼ਸਲਤ ਪੂਰੀ ਤਰ੍ਹਾਂ ਨਸ਼ਰ ਹੋ ਚੁੱਕੀ ਹੈ। ਸਰਕਾਰ ਨੂੰ ਲੋਕਾਂ ਪ੍ਰਤੀ ਅਖਤਿਆਰ ਕੀਤੇ ਇਸ ਜਾਬਰ ਰਵੱਈਏ ਦਾ ਜਵਾਬ ਪਿੰਡਾਂ ਦੀਆਂ ਸੱਥਾਂ ਵਿੱਚ ਦੇਣਾ ਪਵੇਗਾ ਅਤੇ ਆਉਂਦੇ ਦਿਨਾਂ ‘ਚ ਉਸ ਨੂੰ ਪਿੰਡਾਂ ਅੰਦਰ ਕਿਸਾਨਾਂ ਦੇ ਰੋਹ ਦਾ ਸਾਹਮਣਾ ਕਰਨਾ ਪਵੇਗਾ।

# ‘ਪੰਜਾਬ ਸਿੱਖਿਆ ਕ੍ਰਾਂਤੀ’ਜ਼ਿਲ੍ਹਾ ਕਪੂਰਥਲਾ ਦੇ 14 ਸਕੂਲਾਂ ’ਚ 80 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com



ਫਗਵਾੜਾ 19 ਅਪ੍ਰੈਲ:- (ਸ਼ਿਵ ਕੌੜਾ) ਪੰਜਾਬ ਸਰਕਾਰ ਵਲੋਂ ਸੂਬੇ ਵਿੱਚ ‘ਪੰਜਾਬ ਸਿੱਖਿਆ ਕ੍ਰਾਂਤੀ’ ਤਹਿਤ ਸਰਕਾਰੀ ਸਕੂਲਾਂ ਨੂੰ ਆਧੁਨਿਕ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਦੀ ਕੜੀ ਵਜੋਂ ਅੱਜ ਜ਼ਿਲ੍ਹਾ ਕਪੂਰਥਲਾ ਦੇ 14 ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 80 ਲੱਖ ਰੁਪਏ ਦੇ ਵਿਕਾਸ ਕਾਰਜ ਲੋਕ ਅਰਪਿਤ ਕੀਤੇ ਗਏ ਵਿਧਾਨ ਸਭਾ ਹਲਕਾ ਫਗਵਾੜਾ ਵਿਖੇ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਰਾਜ ਕੁਮਾਰ ਚੱਬੇਵਾਲ ਵਲੋਂ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 13.80 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵੱਖ-ਵੱਖ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਸੰਸਦ ਮੈਂਬਰ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਮੌਲੀ ਵਿਖੇ 7.51 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਵਾਧੂ ਕਲਾਸ ਰੂਮ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੌਲੀ 3.80 ਲੱਖ ਰੁਪਏ ਦੀ ਬੁਨਿਆਦੀ ਢਾਂਚੇ ’ਚ ਸੁਧਾਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਜਗਤ ਪੁਰ ਜੱਟਾਂ ਵਿਖੇ 3.40 ਲੱਖ ਰੁਪਏ ਦੀ ਲਾਗਤ ਨਾਲ ਉਸਾਰੀ ਗਈ ਚਾਰਦੀਵਾਰੀ ਅਤੇ 1.60 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਕੀਤੇ ਗਏ ਸਪੋਰਟਸ ਟਰੈਕ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਭੰਗੂ ਕੀ ਵਿਖੇ 5 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਈ ਨਵੀਂ ਚਾਰਦੀਵਾਰੀ ਦੇ ਕੰਮ ਦਾ ਉਦਘਾਟਨ ਕੀਤਾ ਗਿਆ ਇਸ ਮੌਕੇ ਵੱਖ-ਵੱਖ ਸਕੂਲਾਂ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਦੇ ਉਦਘਾਟਨੀ ਸਮਾਗਮਾਂ ਮੌਕੇ ਪ੍ਰਭਾਵਸ਼ਾਲੀ ਇਕੱਠਾਂ ਨੂੰ ਸੰਬੋਧਨ ਕਰਦਿਆਂ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ.ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ‘ਪੰਜਾਬ ਸਿੱਖਿਆ ਕ੍ਰਾਂਤੀ’ ਮੁਹਿੰਮ ਤਹਿਤ ਆਧੁਨਿਕ ਬੁਨਿਆਦੀ ਢਾਂਚਾ ਮੁਹੱਈਆ ਕਰਵਾਇਆ ਜਾ ਰਿਹਾ ਹੈ ਤਾਂ ਜੋ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਪੜ੍ਹਾਈ ਦੌਰਾਨ ਸਾਜ਼ਗਾਰ ਮਾਹੌਲ ਮੁਹੱਈਆ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸਮੇਂ ਦਾ ਹਾਣੀ ਬਣਾਉਣ ਅਤੇ ਮਿਆਰੀ ਸਿੱਖਿਆ ਮੁਹੱਈਆ ਕਰਵਾਉਣ ਲਈ ਅਧਿਆਪਕਾਂ ਨੂੰ ਵਿਦੇਸ਼ਾਂ ਦੀ ਉਚ ਕੋਟੀ ਦੀਆਂ ਸਿੱਖਿਆ ਸੰਸਥਾਵਾਂ ਤੋਂ ਸਿਖਲਾਈ ਪ੍ਰਦਾਨ ਕੀਤੀ ਗਈ ਹੈ ਇਸ ਤਰ੍ਹਾਂ ਚੇਅਰਮੈਨ ਪੰਜਾਬ ਰਾਜ ਗੁਦਾਮ ਨਿਗਮ ਗੁਰਦੇਵ ਸਿੰਘ ਲਾਖਣਾਂ ਵਲੋਂ ਵੀ ਸਰਕਾਰੀ ਪ੍ਰਾਇਮਰੀ ਸਕੂਲ ਕੋਟ ਕਰਾਰ ਖਾਂ ਵਿਖੇ 9.51 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਵਾਧੂ ਕਲਾਸ ਰੂਮ ਅਤੇ 5.5 ਲੱਖ ਰੁਪਏ ਨਾਲ ਉਸਾਰੀ ਗਈ ਨਵੀਂ ਚਾਰਦੀਵਾਰੀ ਸਰਕਾਰੀ ਪ੍ਰਾਇਮਰੀ ਸਕੂਲ ਵਡਾਲਾਂ ਕਲਾਂ ਵਿਖੇ 12.80 ਲੱਖ ਰੁਪਏ ਦੀ ਲਾਗਤ ਨਾਲ ਤਿਆਰੀ ਹੋਈ ਤਿਆਰ ਹੋਈ ਸਾਇੰਸ ਲੈਬ ਅਤੇ ਹੋਰ ਵਿਕਾਸ ਕਾਰਜਾਂ, ਸਰਕਾਰੀ ਹਾਈ ਸਕੂਲ ਧਾਲੀਵਾਲ ਦੇਨਾ ਵਿਖੇ 1.40 ਲੱਖ ਨਾਲ ਹੋਏ ਮੁਕੰਮਲ ਦੇ ਕਾਰਜਾਂ, ਸਰਕਾਰੀ ਪ੍ਰਾਇਮਰੀ ਸਕੂਲ ਧਾਲੀਵਾਲ ਵਿਖੇ 3.40 ਲੱਖ ਰੁਪਏ ਨਾਲ ਨਵੀਂ ਚਾਰਦੀਵਾਰੀ ਤੇ ਮੁਰੰਮਤ ਦੇ ਕਾਰਜਾਂ, ਸਰਕਾਰੀ ਪ੍ਰਾਇਮਰੀ ਸਕੂਲ ਮਨਸੂਰਵਾਲ ਦੇਨਾ ਵਿਖੇ 5 ਲੱਖ ਨਾਲ ਉਸਾਰੀ ਗਈ ਚਾਰਦੀਵਾਰੀ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਮਨਸੂਰਵਾਲ ਦੇਨਾ ਦਿਹਾਤੀ ਵਿਖੇ 9.55 ਲੱਖ ਰੁਪਏ ਦੀ ਲਾਗਤ ਨਾਲ ਤਿਆਰ ਹੋਏ ਵਾਧੂ ਕਲਾਸ ਰੂਮ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ‘ਪੰਜਾਬ ਸਿੱਖਿਆ ਕ੍ਰਾਂਤੀ’ ਮੁਹਿੰਮ ਤਹਿਤ ਚੇਅਰਮੈਨ ਇੰਪਰੂਵਮੈਂਟ ਟਰੱਸਟ ਕਪੂਰਥਲਾ ਸੱਜਣ ਸਿੰਘ ਚੀਮਾ ਵਲੋਂ ਸਰਕਾਰੀ ਪ੍ਰਾਇਮਰੀ ਸਕੂਲ ਸੈਦੇ ਭੁਲਾਣਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਭੁਲਾਣਾ, ਸਰਕਾਰੀ ਪ੍ਰਾਇਮਰੀ ਸਕੂਲ ਜਲਾਲ ਭੁਲਾਣਾ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਖੈੜਾ ਦੋਨਾ ਵਿਖੇ ਲਗਭਗ 24 ਲੱਖ ਰੁਪਏ ਦੀ ਲਾਗਤ ਨਾਲ ਨਵੀਂ ਚਾਰਦੀਵਾਰੀ, ਸਪੋਰਟਸ ਟਰੈਕ ਆਦਿ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਰਾਜੇਸ਼ ਕੁਮਾਰ ਨੇ ਦੱਸਿਆ ਕਿ ਸਕੂਲਾਂ ਅੰਦਰ ਐਡੀਸ਼ਨਲ ਕਲਾਸ ਰੂਮਾਂ , ਸਾਇੰਸ ਲੈਬਾਂ , ਸਪੋਰਟਸ ਟਰੈਕਾਂ ਤੇ ਚਾਰਦੀਵਾਰੀ ਦੀ ਉਸਾਰੀ ਦੇ ਕੰਮ ਕੀਤੇ ਗਏ ਹਨ ਇਸ ਮੌਕੇ ਜੋਗਿੰਦਰ ਸਿੰਘ ਮਾਨ ਸਾਬਕਾ ਮੰਤਰੀ,ਭੁਲਾਰੇ ਹਰਜੀ ਮਾਨ , ਮੇਅਰ ਰਾਮਪਾਲ ਉੱਪਲ,ਜੁਆਇੰਟ ਸਕੱਤਰ ਗੁਰਪਾਲ ਸਿੰਘ ਇੰਡੀਅਨ ਸਾਇੰਸ ਟੈਕਨਾਲੋਜੀ ਬੋਰਡ ਦੇ ਮੈਂਬਰ ਕੰਵਰ ਇਕਬਾਲ ਸਿੰਘ,ਚੇਅਰਮੈਨ ਜਗਜੀਤ ਸਿੰਘ, ਪ੍ਰਿੰਸਪਾਲ ਖੈੜਾ ਦੋਨਾ ਸਕੂਲ ਅਨੁਰਾਗ ਭੱਲਾ ਤੇ ਹੋਰ ਹਾਜ਼ਰ ਸਨ ।

# ਪੰਜਾਬ ਸਰਕਾਰ ਦੇ ਜ਼ਬਰ ਦਾ ਮੂੰਹਤੋੜ ਜਵਾਬ ਦੇਣ ਲਈ ਤੇ ਆਦਰਸ਼ ਸਕੂਲ ਦਾ ਮਸਲਾ ਹੱਲ ਕਰਵਾਉਣ ਲਈ ਸੰਘਰਸ਼ ਨੂੰ ਤੇਜ਼ ਕਰਨ ਦਾ ਫੈਸਲਾ

## - ਜਥੇਬੰਦੀ ਦੀ ਸੂਬਾ ਕਮੇਟੀ ਦੀ ਮੀਟਿੰਗ 23 ਅਪ੍ਰੈਲ ਨੂੰ ਚੀਮਾ (ਬਰਨਾਲਾ) ਵਿਖੇ ਹੋਵੇਗੀ , - 24 ਅਪ੍ਰੈਲ ਦੇ ਮਾਨਸਾ ਮੁਜ਼ਹਾਰੇ ‘ਚ ਭਰਵੀਂ ਸ਼ਮੂਲੀਅਤ ਦਾ ਫੈਸਲਾ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਦਲਜੀਤ ਕੌਰ

ਚੰਡੀਗੜ੍ਹ, 19 ਅਪ੍ਰੈਲ, 2025: ਆਦਰਸ਼ ਸਕੂਲ ਚਾਓਕੇ ਦੇ ਅਧਿਆਪਕਾਂ ਤੇ ਮਾਪਿਆਂ ਦੇ ਸੰਘਰਸ਼ ਦੌਰਾਨ ਗ੍ਰਿਫ਼ਤਾਰ ਕੀਤੇ ਹੋਏ ਕਿਸਾਨ ਆਗੂਆਂ, ਵਰਕਰਾਂ ਤੇ ਅਧਿਆਪਕ ਆਗੂਆਂ ਨੂੰ ਜੇਲ੍ਹੀਂ ਡੱਕੀ ਬੈਠੀ ਪੰਜਾਬ ਸਰਕਾਰ ਦੇ ਜਾਬਰ ਰਵੱਈਏ ਦੀ ਭਾਰਤੀ ਕਿਸਾਨ ਯੂਨੀਅਨ (ਏਕਤਾ-ਉਗਰਾਹਾਂ) ਨੇ ਸਖ਼ਤ ਨਿੰਦਾ ਕੀਤੀ ਹੈ।

ਪ੍ਰੈਸ ਦੇ ਨਾਂ ਬਿਆਨ ਜਾਰੀ ਕਰਦਿਆਂ ਜਥੇਬੰਦੀ ਦੇ ਸੂਬਾ ਪ੍ਰਧਾਨ ਜੋਗਿੰਦਰ ਸਿੰਘ ਉਗਰਾਹਾ ਤੇ ਸੀਨੀਅਰ ਮੀਤ ਪ੍ਰਧਾਨ ਝੰਡਾ ਸਿੰਘ ਜੇਠੂਕੇ ਨੇ ਕਿਹਾ ਕਿ ਗ੍ਰਿਫ਼ਤਾਰ ਕੀਤੇ



ਆਗੂ ਵਰਕਰਾਂ ਨੂੰ ਰਿਹਾਅ ਕਰਾਉਣ, ਕਿਸਾਨਾਂ ਅਤੇ ਅਧਿਆਪਕਾਂ ‘ਤੇ ਜਬਰ ਢਾਹੁਣ ਵਾਲੇ ਪੁਲਿਸ ਅਧਿਕਾਰੀਆਂ ਖਿਲਾਫ ਕਾਰਵਾਈ ਕਰਵਾਉਣ, ਆਦਰਸ਼ ਸਕੂਲ ਚਾਓਕੇ ਦੀ ਭ੍ਰਿਸ਼ਟ ਮੈਨੇਜਮੈਂਟ ਖਿਲਾਫ ਕਾਰਵਾਈ ਕਰਵਾਉਣ ਤੇ ਸਕੂਲੋਂ ਕੱਢੇ ਅਧਿਆਪਕਾਂ ਨੂੰ ਬਹਾਲ ਕਰਵਾਉਣ ਆਦਿ ਮੰਗਾਂ ਲਈ ਸੰਘਰਸ਼ ਨੂੰ ਤੇਜ਼ ਕਰਦਿਆਂ 24 ਅਪ੍ਰੈਲ ਨੂੰ ਮਾਨਸਾ ਵਿਖੇ ਹੋ ਰਹੇ ਮੁਜ਼ਹਾਰੇ ‘ਚ ਜਥੇਬੰਦੀ ਵੱਲੋਂ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ। ਇਸ ਮੁਜ਼ਹਾਰੇ ਰਾਹੀਂ ਭ੍ਰਿਸ਼ਟ ਮੈਨੇਜਮੈਂਟ ਦੇ ਮੁਖੀਆਂ ਦੇ ਰਿਹਾਇਸ਼ੀ ਸ਼ਹਿਰ ‘ਚ ਉਹਨਾਂ ਦੇ ਭਰਿਸ਼ਟ ਕਾਰਿਆਂ ਦੀ ਪਾਜ-ਉਘੜਾਈ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਹਕੂਮਤੀ ਜਬਰ ਦਾ ਮੂੰਹ ਤੋੜ ਜਵਾਬ ਦੇਣ ਲਈ ਤੇ ਆਦਰਸ਼ ਸਕੂਲ ਦਾ ਮਸਲਾ ਹੱਲ ਕਰਵਾਉਣ ਲਈ ਸੰਘਰਸ਼ ਨੂੰ ਹੋਰ ਤੇਜ਼ ਕਰਨ ਵਾਸਤੇ ਜਥੇਬੰਦੀ ਦੀ ਸੂਬਾ ਕਮੇਟੀ ਦੀ ਮੀਟਿੰਗ 23 ਅਪ੍ਰੈਲ ਨੂੰ ਸੱਦ ਲਈ ਗਈ ਹੈ। ਉਹਨਾਂ ਕਿਹਾ ਕਿ ਸਰਕਾਰ ਨੇ ਆਦਰਸ਼ ਸਕੂਲ ਦੇ ਮਸਲੇ ‘ਚ ਗ੍ਰਿਫਤਾਰ ਕੀਤੇ ਕਿਸਾਨ ਆਗੂਆਂ ਉੱਤੇ ਜਿਉਂਦ ਦੇ ਜ਼ਮੀਨੀ ਸੰਘਰਸ਼ ਵੇਲੇ ਦਰਜ ਕੀਤੇ ਗਏ ਝੂਠੇ ਕੇਸ ਵੀ ਖੋਲ੍ਹ ਲਏ ਹਨ ਅਤੇ ਕਿਸਾਨ ਆਗੂਆਂ ਨੂੰ ਲੰਮੇ ਸਮੇਂ ਲਈ ਜੇਲ੍ਹੀਂ ਡੱਕ ਕੇ ਰੱਖਣ ਦੀਆਂ ਵਿਉਂਤਾਂ ਬਣਾਈਆਂ ਜਾ ਰਹੀਆਂ ਹਨ।

ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਲਗਾਤਾਰ ਸੰਘਰਸ਼ ਕਰਦੇ ਲੋਕਾਂ ਦੀ ਹੱਕੀ ਆਵਾਜ਼ ਨੂੰ ਦਬਾਉਣ ਦੇ ਰਾਹ ‘ਤੇ ਹੈ। ਪੰਜ ਅਪ੍ਰੈਲ ਨੂੰ ਆਦਰਸ਼ ਸਕੂਲ ਚਾਓਕੇ ਤੋਂ ਅਧਿਆਪਕਾਂ ‘ਤੇ ਲਾਠੀ ਚਾਰਜ ਕਰਕੇ ਉਹਨਾਂ ਨੂੰ ਗ੍ਰਿਫਤਾਰ ਕੀਤਾ ਗਿਆ ਤੇ ਰਾਮਪੁਰਾ ਥਾਣੇ ਅੱਗੇ ਉਹਨਾਂ ਦੀ ਰਿਹਾਈ ਦੀ ਮੰਗ ਕਰ ਰਹੇ ਕਿਸਾਨਾਂ ‘ਤੇ ਜਬਰ ਢਾਹਿਆ ਗਿਆ ਤੇ ਜੇਲ੍ਹ ਭੇਜਿਆ ਗਿਆ। ਕਿਸਾਨ ਆਗੂਆਂ ਪਰਮਜੀਤ ਕੌਰ ਪਿੱਥੋ ਤੇ ਹਰਿੰਦਰ ਕੌਰ ਬਿੰਦੂ ਨੂੰ ਜਬਰ ਦਾ ਵਿਸ਼ੇਸ਼ ਨਿਸ਼ਾਨਾ ਬਣਾਇਆ ਗਿਆ। ਇਸ ਤੋਂ ਪਹਿਲਾਂ ਪੰਜਾਬ ਸਰਕਾਰ ਵੱਲੋਂ ਪਹਿਲਾਂ 5 ਮਾਰਚ ਨੂੰ ਚੰਡੀਗੜ੍ਹ ‘ਚ ਕਿਸਾਨਾਂ ਨੂੰ ਧਰਨਾ ਦੇਣ ਤੋਂ ਰੋਕਿਆ ਗਿਆ ਸੀ ਅਤੇ ਸ਼ੰਭੂ ਤੇ ਖਨੌਰੀ ਬਾਰਡਰਾਂ ‘ਤੇ ਚੱਲ ਰਹੇ ਲਗਾਤਾਰ ਕਿਸਾਨ ਧਰਨਿਆਂ ਨੂੰ ਜਬਰ ਕਰਕੇ ਉਖਾੜਿਆ ਗਿਆ ਸੀ। ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਸੰਘਰਸ਼ ਕਰਨ ਦੇ ਜਮਹੂਰੀ ਹੱਕ ਨੂੰ ਕੁਚਲਣ ਦੇ ਰਾਹ ‘ਤੇ ਹੈ, ਅਤੇ ਹੁਣ ਇੱਕ ਸਥਾਨਕ ਪੱਧਰੀ ਭ੍ਰਿਸ਼ਟ ਮੈਨੇਜਮੈਂਟ ਦੀ ਪਿੱਠ ‘ਤੇ ਖੜ੍ਹ ਕੇ ਲੋਕਾਂ ‘ਤੇ ਜਬਰ ਕਰ ਰਹੀ ਹੈ।

ਉਹਨਾਂ ਕਿਹਾ ਕਿ ਪੰਜਾਬ ਦੀ ਆਪ ਸਰਕਾਰ ਦੀ ਲੋਕ-ਦੋਖੀ ਖ਼ਸਲਤ ਪੂਰੀ ਤਰ੍ਹਾਂ ਨਸ਼ਰ ਹੋ ਚੁੱਕੀ ਹੈ। ਸਰਕਾਰ ਨੂੰ ਲੋਕਾਂ ਪ੍ਰਤੀ ਅਖਤਿਆਰ ਕੀਤੇ ਇਸ ਜਾਬਰ ਰਵੱਈਏ ਦਾ ਜਵਾਬ ਪਿੰਡਾਂ ਦੀਆਂ ਸੱਥਾਂ ਵਿੱਚ ਦੇਣਾ ਪਵੇਗਾ ਅਤੇ ਆਉਂਦੇ ਦਿਨਾਂ ‘ਚ ਉਸ ਨੂੰ ਪਿੰਡਾਂ ਅੰਦਰ ਕਿਸਾਨਾਂ ਦੇ ਰੋਹ ਦਾ ਸਾਹਮਣਾ ਕਰਨਾ ਪਵੇਗਾ।

# ਪੰਜਾਬ ਸਰਕਾਰ ਵੱਲੋਂ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਗਿਰਦਾਵਰੀ ਕਰਵਾਉਣ ਦੇ ਨਿਰਦੇਸ਼

## ਮੀਂਹ, ਹਨੇਰੀ ਤੇ ਗੜ੍ਹੇਮਾਰੀ ਕਰਕੇ ਦਰਜਨ ਜ਼ਿਲ੍ਹਿਆਂ ਵਿੱਚ ਫ਼ਸਲਾਂ ਦਾ ਹੋਇਆ ਸੀ ਨੁਕਸਾਨ

“ਇਕੁਐਲਿਟੀ ਐਂਡ ਜਸਟਿਸ” ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਪੰਜਾਬ ਵਿੱਚ ਵਾਢੀ ਦਾ ਕੰਮ ਜ਼ੋਰਾਂ ’ਤੇ ਚੱਲ ਰਿਹਾ ਹੈ। ਇਸੇ ਦੌਰਾਨ ਲੰਘੀ ਸ਼ਾਮ ਨੂੰ ਹਨੇਰੀ ਤੇ ਝੱਖੜ ਤੋਂ ਬਾਅਦ ਪਏ ਮੀਂਹ ਤੇ ਗੜ੍ਹੇਮਾਰੀ ਨੇ ਸੂਬੇ ਦੇ ਦਰਜਨ ਜ਼ਿਲ੍ਹਿਆਂ ਵਿੱਚ ਕਿਸਾਨਾਂ ਦੀ ਫ਼ਸਲ ਦਾ ਕਾਫੀ ਨੁਕਸਾਨ ਕਰ ਦਿੱਤਾ ਹੈ। ਇਸ ਦੌਰਾਨ ਖੇਤਾਂ ਵਿੱਚ ਖੜ੍ਹੀ ਫ਼ਸਲ ਦੇ ਨਾਲੋਂ-ਨਾਲ ਮੰਡੀਆਂ ਵਿੱਚ ਪਈ ਫ਼ਸਲ ਵੀ ਭਿੱਜ ਗਈ ਹੈ, ਜਿਸ ਨੇ ਕਿਸਾਨਾਂ ਦੀਆਂ ਚਿੰਤਾਵਾਂ ਵਧਾ ਦਿੱਤੀਆਂ ਹਨ। ਇਸੇ ਦੌਰਾਨ ਪੰਜਾਬ ਸਰਕਾਰ ਨੇ ਸੂਬੇ ਦੇ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਗਿਰਦਾਵਰੀ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਇਹ ਪ੍ਰਗਟਾਵਾ ਪੰਜਾਬ ਦੇ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕੀਤਾ ਹੈ। ਸ੍ਰੀ ਖੁੱਡੀਆਂ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸਾਰੇ ਡਿਪਟੀ ਕਮਿਸ਼ਨਰਾਂ ਨੂੰ ਆਪੋ-ਆਪਣੇ ਜ਼ਿਲ੍ਹੇ ਦੀ ਰਿਪੋਰਟ ਤਿਆਰ ਕਰਨ ਦੇ ਆਦੇਸ਼ ਦਿੱਤੇ ਹਨ। ਇਹ ਰਿਪੋਰਟ ਅੱਗੇ ਮਾਲ



ਮਹਿਕਮੇ ਕੋਲ ਭੇਜੀ ਜਾਵੇਗੀ, ਜਿਸ ਤੋਂ ਬਾਅਦ ਫ਼ਸਲਾਂ ਦੇ ਖ਼ਰਾਬੇ ਸਬੰਧੀ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

# ਤੇਜ਼ ਹਨੇਰੀ ਅਤੇ ਝੱਖੜ ਨਾਲ ਅਕਾਲ ਅਕੈਡਮੀ ਫਫੜੇ ਭਾਈ ਕੇ ਦੀ ਕੰਧ ਢਹਿ ਢੇਰੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪ੍ਰੈਲ
INTERNATIONAL PAPER, 94636 01616
hardipchumber57@gmail.com

ਮਾਨਸਾ,19 ਅਪ੍ਰੈਲ (ਆਤਮਾ ਸਿੰਘ ਪਮਾਰ)

ਕਲਗੀਧਰ ਟਰੱਸਟ ਬੜੂ ਸਾਹਿਬ ਅਧੀਨ ਚੱਲ ਰਹੀ ਅਕਾਲ ਅਕੈਡਮੀ ਫਫੜੇ ਭਾਈ ਕੇ ਵਿਖੇ ਕੱਲ੍ਹ ਸ਼ਾਮ ਆਈ ਤੇਜ ਹਨੇਰੀ ਅਤੇ ਝੱਖੜ ਕਾਰਨ ਚਾਰਦੀਵਾਰੀ ਦੀ ਕੰਧ ਢਹਿ ਢੇਰੀ ਹੋ ਗਈ। ਇਸ ਸਬੰਧੀ ਅਕਾਲ ਅਕੈਡਮੀ ਦੀ ਪ੍ਰਿੰਸੀਪਲ ਸ੍ਰੀਮਤੀ ਜਸਦੀਪ ਕੌਰ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਕੱਲ੍ਹ ਸ਼ਾਮ ਦੇ ਸਮੇਂ ਆਈ ਤੇਜ਼ ਹਨ੍ਹੇਰੀ ਇੰਨ੍ਹੀ ਭਿਆਨਕ ਸੀ ਜਿਸ ਨਾਲ ਅਕਾਲ ਅਕੈਡਮੀ ਫਫੜੇ ਭਾਈ ਕੇ ਚਾਰਦੀਵਾਰੀ ਦੀ ਕੰਧ ਬੁਰੀ ਤਰ੍ਹਾਂ ਢਹਿ ਢੇਰੀ ਹੋ ਗਈ। ਉਨ੍ਹਾਂ ਦੱਸਿਆ ਕਿ ਛੁੱਟੀ ਹੋਣ ਕਾਰਨ ਬੱਚੇ ਅਤੇ ਅਧਿਆਪਕ ਉੱਥੇ ਹਾਜ਼ਰ ਨਹੀਂ ਸਨ ਜਿਸ ਕਰਕੇ ਜਾਨੀ ਨੁਕਸਾਨ ਹੋਣ ਤੋਂ ਤਾਂ ਬਚਾਅ ਹੋ ਗਿਆ ਪ੍ਰੰਤੂ ਇਸ ਨਾਲ ਅਕੈਡਮੀ ਦਾ ਮਾਲੀ ਨੁਕਸਾਨ ਜ਼ਰੂਰ ਹੋ ਗਿਆ।



# ਪਿੰਡ ਕੈਲੋਂ ਦੇ ਪੀੜਤ ਪਰਿਵਾਰ ਨੂੰ ਇਨਸਾਫ ਨਾ ਮਿਲਣ ਕਰਕੇ 22 ਅਪ੍ਰੈਲ ਨੂੰ ਕੀਤਾ ਜਾਵੇਗਾ ਐਸਐਸਪੀ ਮੋਹਾਲੀ ਦੇ ਦਫਤਰ ਦਾ ਘਿਰਾਓ

## ਪਿੰਡ ਦੁਰਾਲੀ ਦੇ ਕਰੋੜਪਤੀ ਲੜਕੇ ਦੀ ਹੋਈ ਸ਼ਰੇਆਮ ਲੁੱਟ ਤੇ ਕੁੱਟ ਦੇ ਮਾਮਲੇ ਨੂੰ ਐਸਐਸਪੀ ਸਾਹਿਬ ਅੱਗੇ ਕੀਤਾ ਜਾਵੇਗਾ ਜਾਹਿਰ ਤੇ ਖੋਲੀ ਜਾਵੇਗੀ ਪੰਜਾਬ ਸਰਕਾਰ ਦੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਪੋਲ,, ਇਸ ਘਿਰਾਓ ਵਿੱਚ ਪੂਰੇ ਪੰਜਾਬ ਦੀਆਂ ਵੱਖ ਵੱਖ ਜਥੇਬੰਦੀਆਂ ਦੇ ਆਗੂ ਵਿਸ਼ੇਸ਼ ਤੌਰ ਤੇ ਪਹੁੰਚਣਗੇ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪ੍ਰੈਲ
INTERNATIONAL PAPER, 94636 01616
hardipchumber57@gmail.com

ਮੋਹਾਲੀ, 19 ਅਪ੍ਰੈਲ( ਜਸਬੀਰ ਸਿੰਘ ਸੋਢੀ ) ਐਸਸੀ ਬੀਸੀ ਮਹਾ ਪੰਚਾਇਤ ਪੰਜਾਬ ਵੱਲੋਂ ਮੋਹਾਲੀ ਫੇਸ ਸੱਤ ਦੀਆਂ ਲਾਈਟਾਂ ਤੇ ਨਿਰੰਤਰ ਚੱਲ ਰਹੇ ਐਸਸੀ ਬੀਸੀ ਮੋਰਚੇ ਤੇ ਪਿੰਡ ਕੈਲੋ ਦੇ ਗੁਰਮੀਤ ਸਿੰਘ ਦੇ ਪੀੜਤ ਨੇ ਦੱਸਿਆ ਕਿ ਮਿਤੀ 30 ਮਾਰਚ ਨੂੰ ਸ਼ਾਮ ਦੇ ਸਮੇਂ ਮੋਹਾਲੀ ਦੇ ਪਿੰਡ ਕੈਲੋ ਵਿਖੇ ਮੇਰੇ ਘਰ ਤੇ ਮੇਰੇ ਪਿੰਡ ਦੇ ਵਿਅਕਤੀਆ ਨੇ ਅਤੇ ਕੁਝ ਅਣਪਛਾਤੇ ਵਿਅਕਤੀਆਂ ਨੂੰ ਨਾਲ ਲੈਕੇ ਗੁੰਡਾਗਰਦੀ ਦੀ ਨੀਅਤ ਨਾਲ ਮੇਰੇ ਘਰ ਤੇ ਹਮਲਾ ਕੀਤਾ ਤੇ ਬਲਜਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ, ਹਰਵਿੰਦਰ ਕੌਰ ਪਤਨੀ ਗੁਰਮੀਤ ਸਿੰਘ, ਅਵਤਾਰ ਸਿੰਘ ਅਤੇ ਸੁਖਦੇਵ ਸਿੰਘ ਨੂੰ ਬਹੁਤ ਬੁਰੀ ਤਰ੍ਹਾਂ ਘਰ ਵਿਖੇ ਬੈਠਿਆਂ ਨੂੰ ਜਖਮੀ ਕਰ ਦਿੱਤਾ ਸੀ। ਜਿਨ੍ਹਾਂ ਨੂੰ ਤੁਰੰਤ ਸਿਵਲ ਹਸਪਤਾਲ ਖਰੜ ਦਾਖਲ ਕਰਵਾਇਆ ਗਿਆ ਪਰ ਗੰਭੀਰ ਜ਼ਖਮੀ ਹੋਣ ਕਰਕੇ ਉਹਨਾਂ ਨੂੰ ਪੀਜੀਆਈ ਰੈਫਰ ਕਰ ਦਿੱਤਾ ਗਿਆ। ਜਿੱਥੇ ਉਹ ਕਰੀਬ 10 ਦਿਨ ਦਾ ਦਾਖਲ ਰਹੇ। ਪਰ ਥਾਣਾ ਸੁਹਾਣੇ ਦੀ ਪੁਲਿਸ ਨੇ ਜਖਮੀਆਂ ਦੇ ਜਖਮ ਦੇਖ ਕੇ ਬਨਦੀਆਂ ਧਰਾਵਾਂ ਨਹੀਂ ਲਗਾਈਆਂ। ਜਿਸ ਦੀ ਇੱਕ ਲਿਖਤੀ ਦਰਖਾਸਤ 7 ਅਪ੍ਰੈਲ ਨੂੰ ਐਸਐਸਪੀ ਮੋਹਾਲੀ ਨੂੰ



ਦਿੱਤੀ ਗਈ ਸੀ। ਜਿਸ ਵਿੱਚ ਐਫਆਈਆਰ ਨੰਬਰ 80/01-04-2025/ ਥਾਣਾ ਸੁਹਾਣਾ 'ਚ ਧਰਾਵਾਂ ਵਿੱਚ ਵਾਧਾ ਕਰਨ ਦੀ ਬੇਨਤੀ ਕੀਤੀ ਗਈ ਸੀ। ਪਰ ਥਾਣਾ ਸੁਹਾਣਾ ਦੀ ਮਿਲੀ ਭੁਗਤ ਕਰਕੇ ਦੋਸ਼ੀਆਂ ਨੂੰ ਬਚਾਉਣ ਲਈ ਬਣਦੀਆਂ ਧਰਾਵਾਂ ਨਹੀਂ ਲਗਾਈਆਂ ਗਈਆਂ। ਫਿਰ ਅਸੀਂ ਦਰਖਾਸਤਾਂ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨੂੰ ਵੀ ਭੇਜੀਆਂ। ਪਰ ਅੱਜ 20 ਦਿਨਾਂ ਦੇ ਕਰੀਬ ਬੀਤ ਜਾਣ ਤੋਂ ਬਾਅਦ ਵੀ ਕੋਈ ਤਸੱਲੀ ਬਖਸ਼ ਕਾਰਵਾਈ ਨਹੀਂ ਹੋਈ। ਅਖੀਰ ਅਸੀਂ ਐਸ ਸੀ ਬੀ ਸੀ ਮੋਰਚਾ ਤੇ ਪਹੁੰਚ ਕੀਤੀ ਤੇ ਮੋਰਚਾ ਆਗੂਆਂ ਨੇ ਮਿਤੀ 14 ਅਪ੍ਰੈਲ ਨੂੰ ਐਸਸੀ ਬੀਸੀ ਮੋਰਚੇ ਤੇ ਭਾਰੀ ਗਿਣਤੀ ਵਿੱਚ ਹੋਏ ਇਕੱਠ ਵਿੱਚ ਐਲਾਨ ਕੀਤਾ ਸੀ ਕਿ ਜੇਕਰ ਆਉਣ ਵਾਲੇ ਇੱਕ ਹਫਤੇ ਕੋਈ ਕਾਰਵਾਈ ਨਾ ਹੋਈ ਤਾਂ ਐਸਐਸਪੀ ਮੁਹਾਲੀ ਦੇ ਦਫਤਰ ਦਾ ਘਿਰਾਓ ਕੀਤਾ ਜਾਵੇਗਾ। ਪਰ ਥਾਣਾ ਸੋਹਾਣਾ ਦੇ ਪੁਲਿਸ ਅਧਿਕਾਰੀਆਂ ਦੇ ਕੰਨ ਤੇ ਜੂੰ ਤੱਕ ਨਹੀਂ ਸਰਕੀ।ਹੁਣ 22 ਅਪ੍ਰੈਲ ਦਿਨ ਮੰਗਲਵਾਰ ਨੂੰ ਸਵੇਰੇ 11 ਵਜੇ ਐਸਐਸਪੀ ਮੋਹਾਲੀ ਦੇ ਦਫਤਰ ਦਾ ਘਿਰਾਓ ਕੀਤਾ ਜਾਵੇਗਾ। ਮੋਰਚਾ ਪ੍ਰਧਾਨ ਬਲਵਿੰਦਰ ਸਿੰਘ ਕੁੰਭੜਾ ਨੇ ਕਿਹਾ ਕਿ ਆਏ ਦਿਨ ਪੁਲਿਸ ਦੀਆਂ ਨਲਾਇਕੀਆਂ ਦੇ ਕੇਸ ਸਾਹਮਣੇ ਆਉਂਦੇ ਰਹਿੰਦੇ ਹਨ ਗਰੀਬ ਵਿਅਕਤੀ ਨੂੰ ਕਿਧਰੇ ਵੀ ਇਨਸਾਫ ਨਹੀਂ ਮਿਲ ਰਿਹਾ। ਇਸ ਕਰਕੇ ਸਮੂਹ ਜਥੇਬੰਦੀਆਂ ਦੇ ਆਗੂਆਂ ਨੂੰ ਬੇਨਤੀ ਹੈ ਕਿ ਪਾਰਟੀਬਾਜੀ ਤੋਂ ਉੱਪਰ ਉੱਠ ਕੇ ਗਰੀਬ ਲੋਕਾਂ ਨੂੰ ਇਨਸਾਫ ਦਿਵਾਉਣ ਲਈ ਐਸਐਸਪੀ ਮੋਹਾਲੀ ਦੇ ਘਿਰਾਓ ਵਿੱਚ ਸ਼ਾਮਿਲ ਹੋਵੋ। ਸ. ਕੁੰਭੜਾ ਨੇ ਜ਼ਿਲਾ ਮੋਹਾਲੀ ਦੇ ਪੁਲਿਸ ਤੋਂ ਪੀੜਿਤ ਵੱਖ ਵੱਖ ਥਾਣਿਆਂ ਦੇ ਪੀੜਿਤ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਆਪਣੇ ਦਸਤਾਵੇਜ ਲੈਕੇ ਇਸ ਘਿਰਾਓ ਵਿੱਚ ਜਰੂਰ ਪਹੁੰਚੋ ਤਾਂ ਜੋ ਤੁਹਾਡੀ ਵੀ ਸੁਣਵਾਈ ਹੋ ਸਕੇ। ਮੋਰਚੇ ਦੇ ਸੀਨੀਅਰ ਆਗੂ ਅਜੈਬ ਸਿੰਘ ਬਠੋਈ ਨੇ ਪੰਜਾਬ ਸਰਕਾਰ ਨੂੰ ਲੰਬੇ ਹੱਥੀ ਲੈਂਦਿਆਂ ਕਿਹਾ ਕਿ ਪੰਜਾਬ ਸਰਕਾਰ ਹਰ ਫਰੰਟ ਤੇ ਫੇਲ ਹੋ ਚੁੱਕੀ ਹੈ। ਲੜਾਈ ਝਗੜੇ ਦੀਆਂ ਵਾਰਦਾਤਾਂ ਰੋਜਾਨਾ ਖਬਰਾਂ ਵਿੱਚ ਦੇਖਣ ਨੂੰ ਮਿਲ ਰਹੀਆਂ ਹਨ। ਇਸ ਮੌਕੇ ਪੀੜਿਤ ਪਰਿਵਾਰ ਨੇ ਵੀ ਆਪਣੇ ਨਾਲ ਹੋਈ ਗੁੰਡਾਗਰਦੀ ਦੀ ਇਹ ਦਿਲ ਦਹਿਲਾਉਣ ਵਾਲੀ ਵਾਰਦਾਤ ਦੀ ਹੱਡ ਬੀਤੀ ਦੱਸੀ ਤੇ ਪ੍ਰਸ਼ਾਸਨ ਤੋਂ ਇਨਸਾਫ ਦੀ ਗੁਹਾਰ ਲਗਾਈ।

ਉਪਰੋਕਤ ਮਾਮਲੇ ਤੋਂ ਇਲਾਵਾ ਪਿੰਡ ਦਰਾਲੀ ਦੇ ਲਖਬੀਰ ਸਿੰਘ ਨੇ ਆਪਣੇ ਨਾਲ ਕੋਈ ਸ਼ਰੇਆਮ ਲੁੱਟ ਤੇ ਕੁੱਟ ਤੇ ਬਾਰੇ ਵਿਸਥਾਰ ਸਹਿਤ ਪ੍ਰੈਸ ਨੂੰ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਕਿਸ ਤਰ੍ਹਾਂ ਉਸ ਤੋਂ ਇਕ ਕਰੋੜ 25 ਲੱਖ ਰੁਪਏ ਦੇ ਕਰੀਬ ਰਕਮ ਅਤੇ ਇੱਕ ਗੱਡੀ ਸ਼ਰੇਆਮ ਖੋਹੀ ਗਈ। ਪਰ ਪੁਲਿਸ ਵੱਲੋਂ ਕੋਈ ਕਾਰਵਾਈ ਨਹੀਂ ਕੀਤੀ ਗਈ। ਕਿਉਂਕਿ ਉਸ ਲੁੱਟ ਖੋਹ ਵਿੱਚ ਸ਼ਾਮਿਲ ਇੱਕ ਵਿਅਕਤੀ ਪੁਲਿਸ ਦਾ ਅਧਿਕਾਰੀ ਹੈ, ਜੋ ਚੰਡੀਗੜ੍ਹ ਵਿੱਚ ਤੈਨਾਤ ਹੈ। ਲਖਵੀਰ ਸਿੰਘ ਨੇ ਦੱਸਿਆ ਕਿ ਮੈਨੂੰ ਇਹਨਾਂ ਗੁੰਡੇ ਅਨਸਰਾਂ ਤੋਂ ਖਤਰਾ ਹੈ। ਜਿਸ ਕਰਕੇ ਮੈਂ ਆਪਣੇ ਘਰ ਵਿੱਚ ਨਹੀਂ ਜਾਂਦਾ ਤੇ ਬਾਹਰ ਦਰ ਦਰ ਦੀਆਂ ਠੋਕਰਾਂ ਖਾ ਰਿਹਾ ਹਾਂ।

ਇਸ ਮੌਕੇ ਮੋਰਚੇ ਦੇ ਚੀਫ ਅਡਵਾਈਜ਼ਰ ਹਰਨੇਕ ਸਿੰਘ ਮਲੋਆ, ਜਨਰਲ ਸੈਕਟਰੀ ਮਾਸਟਰ ਬਨਵਾਰੀ ਲਾਲ, ਗੁਰਮੀਤ ਸਿੰਘ, ਸੁਖਦੇਵ ਸਿੰਘ, ਹਰੀ ਸਿੰਘ, ਬਲਕਾਰ ਸਿੰਘ, ਅਵਤਾਰ ਸਿੰਘ, ਸਤਵੀਰ ਕੌਰ, ਹਰਵਿੰਦਰ ਕੌਰ, ਸਤਵਿੰਦਰ ਕੌਰ, ਲਖਵੀਰ ਸਿੰਘ, ਕਰਮਜੀਤ ਸਿੰਘ, ਮੁਖਤਿਆਰ ਸਿੰਘ ਆਦਿ ਮੌਜੂਦ ਸਨ।

# ਪੰਜਾਬੀ ਯੂਨੀਵਰਸਿਟੀ ਵਿੱਚ ਬਾਬਾ ਸਾਹਿਬ ਅੰਬੇਦਕਰ ਦਾ ਜਨਮ ਦਿਹਾੜਾ ਬਹੁਤ ਖੁਸ਼ੀ ਅਤੇ ਜੋਸ਼ ਨਾਲ ਮਨਾਇਆ ਗਿਆ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪ੍ਰੈਲ
INTERNATIONAL PAPER, 94636 01616
hardipchumber57@gmail.com




ਸਾਂਝਾ ਕਰਮਚਾਰੀ ਅੰਬੇਦਕਰ ਗਰੁੱਪ ਦੇ ਸਤਿਕਾਰਯੋਗ ਕਰਮਚਾਰੀ ਸਾਥੀਓ ਅੱਜ ਪੰਜਾਬੀ ਯੂਨੀਵਰਸਿਟੀ ਵਿੱਚ ਬਾਬਾ ਸਾਹਿਬ ਅੰਬੇਦਕਰ ਦਾ ਜਨਮ ਦਿਹਾੜਾ ਬਹੁਤ ਖੁਸ਼ੀ ਅਤੇ ਜੋਸ਼ ਨਾਲ ਮਨਾਇਆ ਗਿਆ ਹੈ ਜਿਨਾਂ ਵਿਦਿਆਰਥੀਆਂ ਨੇ ਇਸ ਜਨਮ ਦਿਹਾੜੇ ਨੂੰ ਖੁਸ਼ੀ ਖੁਸ਼ੀ ਮਨਾਇਆ ਹੈ ਅਤੇ ਇਸ ਕਾਰਜ ਨੂੰ ਨੇਪਰੇ ਚੜ੍ਹਾਇਆ ਹੈ ਮੈਂ ਉਹਨਾਂ ਨੂੰ ਲੱਖ ਲੱਖ ਵਧਾਈ ਦਿੰਦਾ ਹਾਂ ਅਤੇ ਦਿਲੋਂ ਸਲਾਮ ਕਰਦਾ ਅਤੇ ਇੱਕ ਦੁੱਖ ਵੀ ਮਹਿਸੂਸ ਕਰਦਾ ਹਾਂ ਇਹ ਪੰਜਾਬੀ ਯੂਨੀਵਰਸਿਟੀ ਵਿੱਚ ਸਡੂਲ ਕਾਸਟ ਅਧਿਆਪਕ ਅਤੇ ਕਰਮਚਾਰੀ ਇਸ ਸਮਾਰੋਹ ਵਿੱਚ ਹਾਜ਼ਰ ਨਹੀਂ ਹੋਏ ਉਹਨਾਂ ਨੂੰ ਲੱਖ ਲੱਖ ਲਾਣਤਾਂ ਹਨ ਕਿਉਂਕਿ ਉਹਨਾਂ ਨੂੰ ਇਹ ਨਹੀਂ ਪਤਾ ਕਿ ਉਹਨਾਂ ਦੀ ਐਂਟਰੀ ਪੰਜਾਬੀ ਯੂਨੀਵਰਸਿਟੀ ਵਿੱਚ ਕਿਵੇਂ ਹੋਈ ਹੈ ਜਿਸਨੇ ਵੀ ਇਤਨੀ ਮਿਹਨਤ ਨਾਲ ਉਹਨਾਂ ਦਾ ਯੂਨੀਵਰਸਟੀ ਵਿੱਚ ਨੌਕਰੀ ਪ੍ਰਤੀ ਆਗਮਨ ਕਰਵਾਇਆ ਹੈ ਉਹ ਅੱਜ ਅਕਿਰਤਘਣ ਹੋ ਕੇ ਏਸੀ ਵਿੱਚ ਬੈਠੇ ਹਨ ਅਤੇ ਇਹ ਭੁੱਲ ਗਏ ਹਨ ਇਹ ਉਹ ਅੱਜ ਯੂਨੀਵਰਸਟੀ ਵਿੱਚ ਜਿਸ ਵੀ ਅਧਿਆਪਕ ਗੈਰ ਅਧਿਆਪਕ ਨੌਕਰੀਆਂ ਵਿੱਚ ਆਏ ਹਨ ਉਹ ਸਾਰੀ ਬਾਬਾ ਸਾਹਿਬ ਅੰਬੇਡਕਰ ਦੇ ਸੁਪਨਿਆਂ ਦੀ ਬਦੌਲਤ ਆਏ ਹਨ ਮੈਂ ਇਥੇ ਇਹ ਵੀ ਜ਼ਿਕਰ ਕਰਦਾ ਹਾਂ ਜਿਹੜੇ ਅਧਿਆਪਕ ਅੱਜ ਨੌਕਰੀਆਂ ਤੇ ਆਏ ਹਨ ਉਹਨਾਂ ਨੂੰ ਜੁਲਾਈ 2007 ਤੋਂ ਪਹਿਲਾਂ ਕਦੇ ਵੀ ਯੂਨੀਵਰਸਟੀ ਵਿੱਚ ਫਟਕਣ ਨਹੀਂ ਦਿੱਤਾ ਭਾਵੇਂ ਉਹ ਮੈਰੀਟੋਰੀਅਸ ਸਨ ਪਰ ਜਦੋਂ ਦਾ ਪੰਜਾਬੀ ਯੂਨੀਵਰਸਿਟੀ ਵਿੱਚ ਅਧਿਆਪਕ ਵਰਗ ਵਿੱਚ ਰਾਖਮਾ ਕਰਨ ਲਾਗੂ ਹੋਇਆ ਹੈ ਤਾਂ ਹੀ ਉਹਨਾਂ ਦੀ ਯੂਨੀਵਰਸਟੀ ਵਿੱਚ ਐਂਟਰੀ ਹੋਈ ਹੈ ਜੋ ਅਧਿਆਪਕ ਅੱਜ ਬਾਬਾ ਸਾਹਿਬ ਦੀ ਬਦੌਲਤ ਯੂਨੀਵਰਸਟੀ ਵਿੱਚ ਜਾਂ ਕਾਲਜਾਂ ਵਿੱਚ ਆਏ ਹਨ ਉਹ ਬਾਬਾ ਸਾਹਿਬ ਦੀ ਬਦੌਲਤ ਹੀ ਆਏ ਹਨ ਪਰ ਅੱਜ ਬਾਬਾ ਸਾਹਿਬ ਦਾ ਜਨਮ ਦਿਹਾੜਾ ਯੂਨੀਵਰਸਿਟੀ ਵਿੱਚ ਮਨਾਇਆ ਜਾ ਰਿਹਾ ਹੋਵੇ ਉਹ ਅਧਿਆਪਕ ਇਸ ਸਿਰਕੱਢ ਪ੍ਰੋਗਰਾਮ ਵਿੱਚ ਨਾ ਪਹੁੰਚਣ ਆਪਣਾ ਫਰਜ ਆਉਣ ਪ੍ਰਤੀ ਨਾ ਸਮਝਣ ਉਹਨਾਂ ਵਾਸਤੇ ਲੱਖ ਲੱਖ ਲਾਣਤਾ ਹਨ ਉਹ ਅਧਿਆਪਕ ਅਤੇ ਗੈਰ ਅਧਿਆਪਕ ਅਕਿਰਤਘਣ ਹਨ ਅਜੇ ਵੀ ਸਮਾਂ ਹੈ ਜਾਗੋ ਜਿਸ ਰਹਿਬਰ ਦੀ ਬਦੌਲਤ ਜਾਂ ਜਿਨਾਂ ਜੁਝਾਰੂ ਲੋਕਾਂ ਦੀ ਬਦੌਲਤ ਤੁਹਾਨੂੰ ਨੌਕਰੀ ਮਿਲੀ ਹੈ ਉਹਨਾਂ ਦੀ ਕਦਰ ਕਰਦੇ ਹੋਏ ਬਾਬਾ ਸਾਹਿਬ ਵੱਲੋਂ ਪਾਏ ਪੂਰਨ ਉਪਰ ਚਲੇ ਆਪਣੀ ਨੇਕ ਕਮਾਈ ਅਤੇ ਫਿਜੀਕਲੀ ਸੋਚ ਦਾ ਯੋਗ ਦਾਨ ਪਾਉਣ ਦੀ ਕਿਰਪਾਲਤਾ ਕਰੇ ਤਾਂ ਜੇ ਆਉਣ ਵਾਲੇ ਸਮੇਂ ਵਿੱਚ ਹੋਰ ਵੀ ਤਰੱਕੀਆਂ ਹੋਣ ਬਾਬਾ ਸਾਹਿਬ ਦੀ ਜੈ ਜੈਕਾਰ ਹੋਵੇ ਅਤੇ ਤੁਹਾਡੀ ਵੀ ਜੈ ਜੈਕਾਰ ਹੋਵੇ ਜੈ ਭੀਮ ਜੈ ਭਾਰਤ

# ਮਾਨ ਨੇ ਪਿੰਡ ਪ੍ਰੇਮਪੁਰ ਵਿਖੇ ਧਰਮਸ਼ਾਲਾ ਦਾ ਲੈਂਟਰ ਪਾਉਣ ਦੇ ਕੰਮ ਦਾ ਕਰਵਿਆ ਸ਼ੁੱਭ ਆਰੰਭ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪ੍ਰੈਲ
INTERNATIONAL PAPER, 94636 01616
hardipchumber57@gmail.com



ਫਗਵਾੜਾ 19 ਅਪ੍ਰੈਲ (ਸ਼ਿਵ ਕੌੜਾ) ਆਮ ਆਦਮੀ ਪਾਰਟੀ ਦੇ ਵਿਧਾਨਸਭਾ ਹਲਕਾ ਫਗਵਾੜਾ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਪਿੰਡ ਪ੍ਰੇਮਪੁਰ ਵਿਖੇ 5 ਲੱਖ ਦੀ ਲਾਗਤ ਨਾਲ ਧਰਮਸ਼ਾਲਾ ਦਾ ਲੈਂਟਰ ਪਾਉਣ ਦੇ ਕੰਮ ਦੀ ਆਰੰਭਤਾ ਰਸਮੀ ਰਿਬਨ ਕੱਟ ਕੇ ਕਰਵਾਈ। ਇਸ ਮੌਕੇ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਪਿੰਡਾਂ 'ਚ ਧਰਮਸ਼ਾਲਾ ਅਤੇ ਕਮਿਊਨਿਟੀ ਸੈਂਟਰ ਆਰਥਕ ਤੌਰ ਤੇ ਕਮਜੋਰ ਪਰਿਵਾਰਾਂ ਲਈ ਵੱਡਾ ਸਹਾਰਾ ਬਣਦੇ ਹਨ। ਜਿਹਨਾਂ ਪਰਿਵਾਰਾਂ ਦੀ ਹੈਸੀਅਤ ਵੱਡੇ ਪੈਲੇਸਾਂ ਜਾਂ ਹੋਟਲਾਂ 'ਚ ਵਿਆਹ ਸਮੇਤ ਹੋਰ ਖੁਸ਼ੀ ਦੇ ਸਮਾਗਮ ਕਰਵਾਉਣ ਦੀ ਨਹੀਂ ਹੁੰਦੀ, ਉਹਨਾਂ ਲਈ ਧੀਆਂ ਦੇ ਆਨੰਦ ਕਾਰਜ ਅਤੇ ਹੋਰ ਸਮਾਗਮਾਂ ਨੂੰ ਆਯੋਜਿਤ ਕਰਨ ਵਿਚ ਇਹ ਸਥਾਨ ਬੜੇ ਸਹਾਈ ਬਣਦੇ ਹਨ। ਉਹਨਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਅਤੇ ਉਹਨਾਂ ਦੀ ਸਰਕਾਰ ਦਾ ਉਦੇਸ਼ ਪਿੰਡਾਂ ਨੂੰ ਸ਼ਹਿਰਾਂ ਵਰਗੀਆਂ ਵਧੀਆ ਸਹੂਲਤਾਂ ਪ੍ਰਦਾਨ ਕਰਨਾ ਹੈ। ਜਿਸ ਦੇ ਲਈ ਜੰਗੀ ਪੱਧਰ 'ਤੇ ਉਪਰਾਲੇ ਕੀਤੇ ਜਾ ਰਹੇ ਹਨ। ਪਿੰਡਾਂ 'ਚ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੇ ਮਿਆਰ ਨੂੰ ਉੱਚਾ ਚੁੱਕਿਆ ਜਾ ਰਿਹਾ ਹੈ। ਇਹ ਪਹਿਲੀ ਵਾਰ ਹੋ ਰਿਹਾ ਹੈ ਕਿ ਸਰਕਾਰੀ ਸਕੂਲਾਂ 'ਚ ਪੜ੍ਹਦੇ ਵਿਦਿਆਰਥੀਆਂ ਨੂੰ ਪ੍ਰਾਈਵੇਟ ਸਕੂਲਾਂ ਵਰਗੀਆਂ ਸਹੂਲਤਾਂ ਮਿਲ ਰਹੀਆਂ ਹਨ। ਪਿੰਡਾਂ 'ਚ ਪੱਕੀਆਂ ਗਲੀਆਂ, ਸੜਕਾਂ, ਸੀਵਰੇਜ, ਵਾਟਰ ਸਪਲਾਈ ਤੇ ਸੋਲਰ ਲਾਈਟਾਂ ਵਰਗੀਆਂ ਆਧੁਨਿਕ ਸਹੂਲਤਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਉਹਨਾਂ ਪਿੰਡ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਪ੍ਰੇਮਪੁਰ ਸਮੇਤ ਹਲਕੇ ਦੇ ਸਾਰੇ ਪਿੰਡਾਂ ਦਾ ਸਮੁੱਚਾ ਵਿਕਾਸ ਕਰਵਾਇਆ ਜਾਵੇਗਾ। ਉਹਨਾਂ ਪੰਚਾਇਤਾਂ ਨੂੰ ਵੀ ਪੁਰਜੋਰ ਅਪੀਲ ਕੀਤੀ ਕਿ ਉਹ ਵਿਕਾਸ ਦੇ ਕੰਮਾਂ ਨੂੰ ਪਾਰਟੀ ਬਾਜੀ ਤੋਂ ਉੱਪਰ ਉੱਠ ਕੇ ਮੈਰਿਟ ਦੇ ਅਧਾਰ ਤੇ ਪੂਰੀ ਪਾਰਦਰਸ਼ਿਤਾ ਦੇ ਨਾਲ ਨੇਪਰੇ ਚਾੜ੍ਹਨ ਵਿਚ ਸਹਿਯੋਗ ਕਰਨ। ਪਿੰਡ ਦੀ ਸਰਪੰਚ ਰਾਣੋ, ਸਤਨਾਮ ਰਾਮ ਸਾਬਕਾ ਸਰਪੰਚ ਅਤੇ ਸਮੂਹ ਪੰਚਾਇਤ ਮੈਂਬਰਾਂ ਨੇ ਇਸ ਉਪਰਾਲੇ ਲਈ ਜੋਗਿੰਦਰ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਲਹਿੰਬਰ ਰਾਮ ਪੰਚ, ਹਰਭਜਨ ਸਿੰਘ ਪੰਚ, ਬਲਵਿੰਦਰ ਕੌਰ ਪੰਚ, ਕੇਵਲ ਰਾਮ, ਸਰਬਜੀਤ ਸਿੰਘ, ਗੁਰਮੇਲ ਸਿੰਘ ਸਾਬਕਾ ਸਰਪੰਚ, ਚਰਨਜੀਤ ਸਿੰਘ ਸਾਬਕਾ ਸਰਪੰਚ, ਅਜੀਤ ਸਿੰਘ ਪੰਚ ਤੋਂ ਇਲਾਵਾ ਪਿੰਡ ਦੇ ਹੋਰ ਪਤਵੰਤੇ ਹਾਜਰ ਸਨ।

# ਪਿੰਡ ਸਿੰਬਲ ਝੱਲੀਆਂ 'ਚ ਪੈਂਡੂ ਸਿਹਤ ਅਤੇ ਪੋਸ਼ਨ ਵਿਕਾਸ ਕਮੇਟੀ ਦੀ ਮੀਟਿੰਗ ਅਤੇ ਐਨ.ਸੀ.ਡੀ ਕੈਂਪ ਦਾ ਆਯੋਜਨ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com




ਰੂਪਨਗਰ, ਸਿੰਬਲ ਝੱਲੀਆਂ, 19 ਅਪ੍ਰੈਲ 2025: ਪਿੰਡ ਸਿੰਬਲ ਝੱਲੀਆਂ ਵਿੱਚ ਪੈਂਡੂ ਸਿਹਤ ਅਤੇ ਪੋਸ਼ਨ ਵਿਕਾਸ ਕਮੇਟੀ ਦੀ ਮੀਟਿੰਗ ਆਜ ਸਫਲਤਾਪੂਰਵਕ ਕਰਵਾਈ ਗਈ। ਇਸ ਮੀਟਿੰਗ ਵਿੱਚ ਪਿੰਡ ਦੇ ਆਸ਼ਾ ਵਰਕਰ, ਆਂਗਣਵਾਡੀ ਵਰਕਰ, ਸਿਹਤ ਵਿਭਾਗ ਦੇ ਅਧਿਕਾਰੀ, ਪੰਚਾਇਤ ਮੈਂਬਰਾਂ ਅਤੇ ਪਿੰਡ ਵਾਸੀਆਂ ਨੇ ਭਰਪੂਰ ਹਿੱਸਾ ਲਿਆ।

ਮੀਟਿੰਗ ਦੌਰਾਨ ਮਾਤਾ ਤੇ ਬੱਚਿਆਂ ਦੀ ਸਿਹਤ, ਪੋਸ਼ਣ, ਟੀਕਾਕਰਨ, ਪੀਣ ਵਾਲੇ ਸਾਫ਼ ਪਾਣੀ, ਅਤੇ ਸਫਾਈ ਸੰਬੰਧੀ ਵਿਸਥਾਰਪੂਰਵਕ ਚਰਚਾ ਕੀਤੀ ਗਈ। ਸਿਹਤ ਅਧਿਕਾਰੀਆਂ ਵੱਲੋਂ ਪਿੰਡ ਵਾਸੀਆਂ ਨੂੰ ਸਿਹਤ ਸੰਬੰਧੀ ਸੇਵਾਵਾਂ ਅਤੇ ਸਰਕਾਰੀ ਸਕੀਮਾਂ ਦੀ ਜਾਣਕਾਰੀ ਦਿੱਤੀ ਗਈ।

ਇਸ ਮੌਕੇ 'ਤੇ ਪੈਂਡੂ ਸਿਹਤ ਅਤੇ ਪੋਸ਼ਨ ਵਿਕਾਸ ਕਮੇਟੀ ਦੀ ਚੇਅਰਪਰਸਨ ਸ੍ਰੀਮਤੀ ਜਸਪਾਲ ਕੌਰ ਨੇ ਕਿਹਾ ਕਿ ਸਾਡੇ ਪਿੰਡ ਦੀ ਸਿਹਤ ਸੰਬੰਧੀ ਜਾਗਰੂਕਤਾ ਵਧ ਰਹੀ ਹੈ, ਜੋ ਇਕ ਚੰਗੀ ਨਿਸ਼ਾਨੀ ਹੈ। ਅਸੀਂ ਕੋਸ਼ਿਸ਼ ਕਰ ਰਹੇ ਹਾਂ ਕਿ ਹਰ ਪਰਿਵਾਰ ਤੱਕ ਪੋਸ਼ਣ ਅਤੇ ਸਿਹਤ ਦੀ ਜਾਣਕਾਰੀ ਪਹੁੰਚੇ। ਮਾਤਾਵਾਂ ਅਤੇ ਬੱਚਿਆਂ ਦੀ ਖ਼ੁਰਾਕ, ਟੀਕਾਕਰਨ ਅਤੇ ਸਾਫ਼ ਪਾਣੀ ਉੱਤੇ ਖਾਸ ਧਿਆਨ ਦਿੱਤਾ ਜਾ ਰਿਹਾ ਹੈ।

ਇਸ ਮੀਟਿੰਗ ਦੌਰਾਨ ਐਨ.ਸੀ.ਡੀ ਜਾਂਚ ਕੈਂਪ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਆਯੁਸ਼ਮਾਨ ਆਰੋਗਿਆ ਕੇਂਦਰ ਬੁਰਜਵਾਲਾ ਦੇ ਪੈਰਾਮੈਡੀਕਲ ਸਟਾਫ ਦੀ ਮਦਦ ਨਾਲ ਪਿੰਡ ਵਾਸੀਆਂ ਦੀ ਜਾਂਚ ਕੀਤੀ ਗਈ। ਕੈਂਪ ਵਿੱਚ ਹਾਈ ਬਲੱਡ ਪ੍ਰੈਸ਼ਰ, ਸ਼ੂਗਰ, ਅਤੇ ਹੋਰ ਅਣ-ਸੰਕਰਾਮਕ ਬਿਮਾਰੀਆਂ ਦੀ ਸਕਰੀਨਿੰਗ ਕੀਤੀ ਗਈ। ਲੋਕਾਂ ਨੂੰ ਆਪਣੀ ਸਿਹਤ ਲਈ ਸਾਵਧਾਨ ਰਹਿਣ ਅਤੇ ਨਿਯਮਤ ਜਾਂਚ ਕਰਵਾਉਣ ਦੀ ਸਲਾਹ ਵੀ ਦਿੱਤੀ ਗਈ।

ਇਸ ਕੈਂਪ ਦੇ ਸਫਲ ਆਯੋਜਨ ਵਿੱਚ ਕਮਿਊਨਿਟੀ ਹੇਲਥ ਅਫਸਰ ਸ੍ਰੀਮਤੀ ਹਰਪ੍ਰੀਤ ਕੌਰ, ਹੇਲਥ ਵਰਕਰ ਹਰਪ੍ਰੀਤ ਕੌਰ ਅਤੇ ਆਸ਼ਾ ਗੁਰਪ੍ਰੀਤ ਕੌਰ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਉਨ੍ਹਾਂ ਦੀ ਮਿਹਨਤ ਅਤੇ ਸੇਵਾ ਭਾਵਨਾ ਕਾਰਨ ਪਿੰਡ ਵਾਸੀਆਂ ਨੂੰ ਸਿਹਤ ਦੀਆਂ ਮੁਫ਼ਤ ਅਤੇ ਲਾਭਦਾਇਕ ਸੇਵਾਵਾਂ ਮਿਲ ਸਕੀਆਂ।

ਪਿੰਡ ਸਰਪੰਚ ਸ੍ਰੀਮਤੀ ਰਾਜਵਿੰਦਰ ਕੌਰ ਨੇ ਕੈਂਪ ਅਤੇ ਮੀਟਿੰਗ ਵਿੱਚ ਸ਼ਾਮਿਲ ਹੋਏ ਲੋਕਾਂ ਨੂੰ ਸਿਹਤ ਸੇਵਾਵਾਂ ਪ੍ਰਦਾਨ ਕਰਨ ਲਈ ਆਪਣੀ ਖੁਸ਼ੀ ਜ਼ਾਹਿਰ ਕੀਤੀ ਅਤੇ ਕਿਹਾ ਕਿ ਮੈਂ ਇਸ ਸਮਰਥਿਤ ਅਤੇ ਪੀੜਤ ਵਧਾਉਣ ਵਾਲੀ ਮਿਸ਼ਨ ਦੀ ਤਹਿ ਦਿਲੋਂ ਕਦਰ ਕਰਦੀ ਹਾਂ। ਸਾਡਾ ਮਕਸਦ ਸਿਰਫ ਪਿੰਡ ਦੀ ਸਿਹਤ ਨੂੰ ਸੁਧਾਰਨਾ ਨਹੀਂ, ਬਲਕਿ ਹਰ ਨਾਗਰਿਕ ਨੂੰ ਸਿਹਤਮੰਦ ਜੀਵਨ ਦੇਣ ਵਿੱਚ ਸਹਿਯੋਗ ਕਰਨਾ ਹੈ।

ਉਹਨਾਂ ਨੇ ਆਪਣੇ ਸਾਰੇ ਪਿੰਡ ਵਾਸੀਆਂ ਨੂੰ ਸਿਹਤ ਸੰਬੰਧੀ ਜਾਗਰੂਕਤਾ ਅਤੇ ਨਿਯਮਤ ਜਾਂਚਾਂ ਲਈ ਪ੍ਰੇਰਿਤ ਕੀਤਾ, ਤਾ ਜੋ ਕਿਤੇ ਵੀ ਅਣ-ਸੰਕਰਾਮਕ ਬਿਮਾਰੀਆਂ ਦੀ ਪੇਚੀਦਗੀ ਨਾ ਹੋਵੇ ਅਤੇ ਹਰ ਪਰਿਵਾਰ ਦਾ ਜੀਵਨ ਸੁਖਮਈ ਹੋਵੇ।

ਮੀਟਿੰਗ ਅੰਤ ਵਿੱਚ ਸਾਰੇ ਹਾਜ਼ਰ ਮੈਂਬਰਾਂ ਨੇ ਭਰਵਾਂ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ ਅਤੇ ਇਹ ਵੀ ਫੈਸਲਾ ਲਿਆ ਗਿਆ ਕਿ ਅਗਲੀ ਮੀਟਿੰਗ ਨਿਯਮਤ ਤੌਰ 'ਤੇ ਹੋਵੇਗੀ ਤਾਂ ਜੋ ਪਿੰਡ ਦੀ ਸਿਹਤ ਸੰਬੰਧੀ ਪ੍ਰਗਤੀ ਨੂੰ ਯਕੀਨੀ ਬਣਾਇਆ ਜਾ ਸਕੇ।

# ਸਿਹਤ ਜਾਗਰੂਕਤਾ ਵੱਲ ਇੱਕ ਕਦਮ: ਆਲਮਪੁਰ 'ਚ ਪੈਰਾ ਮੈਡੀਕਲ ਟੀਮ ਵੱਲੋਂ ਮੁਫ਼ਤ ਐਨ.ਸੀ.ਡੀ ਕੈਂਪ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com




ਰੂਪਨਗਰ, ਆਲਮਪੁਰ, 19 ਅਪ੍ਰੈਲ 2025 – ਆਯੁਸ਼ਮਾਨ ਅਰੋਗਿਆ ਕੇਂਦਰ ਲੋਹਗੜ੍ਹ ਫਿੱਡੇ ਦੀ ਪੈਰਾਮੈਡੀਕਲ ਟੀਮ ਵੱਲੋਂ ਪਿੰਡ ਆਲਮਪੁਰ ਵਿੱਚ ਇੱਕ ਦਿਨਾ ਐਨ.ਸੀ.ਡੀ ਸਿਹਤ ਜਾਂਚ ਕੈਂਪ ਸਫਲਤਾਪੂਰਵਕ ਲਗਾਇਆ ਗਿਆ। ਇਸ ਕੈਂਪ ਵਿੱਚ ਕਮਿਊਨਿਟੀ ਹੇਲਥ ਅਫਸਰ ਡਾ. ਬਿਕਰਮ ਸਿੰਘ ਵੱਲੋਂ ਮਰੀਜ਼ਾਂ ਦੀ ਜਾਂਚ ਕੀਤੀ ਗਈ ਅਤੇ ਉਨ੍ਹਾਂ ਨੂੰ ਐਨ.ਸੀ.ਡੀ ਬਿਮਾਰੀਆਂ ਜਿਵੇਂ ਕਿ ਡਾਇਬਟੀਜ਼, ਹਾਈਪਰਟੈਨਸ਼ਨ, ਹਾਰਟ ਬਿਮਾਰੀਆਂ ਆਦਿ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੇ ਸਿਹਤਮੰਦ ਜੀਵਨ ਸ਼ੈਲੀ, ਨਿਯਮਤ ਵਿਆਯਾਮ ਅਤੇ ਸੰਤੁਲਿਤ ਭੋਜਨ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ।

ਹੈਲਥ ਵਰਕਰ ਗੁਰਦੀਪ ਸਿੰਘ ਵੱਲੋਂ ਪਿੰਡ ਵਾਸੀਆਂ ਨੂੰ ਵੈਕਟਰ ਬੋਰਨ ਰੋਗਾਂ (ਮਲੇਰੀਆ, ਡੇਂਗੂ, ਚਿਕਨਗੁਨਿਆ ਆਦਿ) ਬਾਰੇ ਜਾਗਰੂਕ ਕੀਤਾ ਗਿਆ। ਇਸ ਕੈਂਪ ਦੀ ਸਫਲਤਾ ਵਿੱਚ ਹੈਲਥ ਵਰਕਰ ਪਰਮਜੀਤ ਕੌਰ ਅਤੇ ਆਂਗਣਵਾੜੀ ਸਹਾਇਕ ਸੁਰਿੰਦਰ ਕੌਰ ਨੇ ਵੀ ਮਹੱਤਵਪੂਰਣ ਯੋਗਦਾਨ ਪਾਇਆ। ਉਨ੍ਹਾਂ ਨੇ ਪਿੰਡ ਵਾਸੀਆਂ ਨੂੰ ਕੈਂਪ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਅਤੇ ਢੰਗ ਨਾਲ ਕੈਂਪ ਦੀ ਕਾਰਵਾਈ ਚਲਾਉਣ ਵਿੱਚ ਸਹਿਯੋਗ ਦਿੱਤਾ।

ਕੈਂਪ ਦੌਰਾਨ 60 ਤੋਂ ਵੱਧ ਲੋਕਾਂ ਨੇ ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ ਅਤੇ ਬੀ.ਐਮ.ਆਈ ਦੀ ਮੁਫ਼ਤ ਜਾਂਚ ਕਰਵਾਈ।

ਸੀਨੀਅਰ ਮੈਡੀਕਲ ਅਫਸਰ ਡਾ. ਆਨੰਦ ਘਾਈ ਨੇ ਕੈਂਪ ਦੀ ਸਰੀਹਨਾ ਕਰਦੇ ਹੋਏ ਕਿਹਾ ਕਿ ਇਸ ਤਰ੍ਹਾਂ ਦੇ ਸਿਹਤ ਕੈਂਪ ਪਿੰਡਾਂ ਦੇ ਲੋਕਾਂ ਲਈ ਬਹੁਤ ਲਾਭਕਾਰੀ ਸਾਬਤ ਹੁੰਦੇ ਹਨ। ਇਹ ਸਿਰਫ਼ ਬਿਮਾਰੀਆਂ ਦੀ ਜਾਂਚ ਲਈ ਨਹੀਂ, ਸਗੋਂ ਲੋਕਾਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਵਧਾਉਣ ਲਈ ਵੀ ਇੱਕ ਮਹੱਤਵਪੂਰਣ ਕਦਮ ਹੈ। ਪੂਰੀ ਟੀਮ ਨੇ ਸ਼ਾਨਦਾਰ ਕੰਮ ਕੀਤਾ ਹੈ।

ਇਹ ਕੈਂਪ ਆਯੁਸ਼ਮਾਨ ਭਾਰਤ ਯੋਜਨਾ ਤਹਿਤ ਮੁਫ਼ਤ ਸਿਹਤ ਸੇਵਾਵਾਂ ਦੇ ਪ੍ਰਚਾਰ ਅਤੇ ਰੋਕਥਾਮ ਲਈ ਲਗਾਇਆ ਗਿਆ।

# ਬਾਲ ਕਹਾਣੀ : ਕੋਈ ਭੂਤ ਨਹੀਂ ਹੁੰਦਾ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com




ਪਿਛਲੇ ਸਾਲ ਦੀ ਗੱਲ ਹੈ। ਗਰਮੀਆਂ ਦਾ ਮੌਸਮ ਸੀ। ਮੈਂ ਤੇ ਮੇਰੇ ਚਾਚਾ ਜੀ ਬਾਹਰ ਸੁੱਤੇ ਹੋਏ ਹੋਏ ਸਨ। ਉੱਧਰ ਤੋਂ ਛਣ - ਛਣ ਦੀ ਆਵਾਜ਼ ਆਉਣ ਲੱਗ ਪਈ। ਜਦ ਮੈਂ ਤੇ ਮੇਰੇ ਚਾਚਾ ਜੀ ਨੇ ਉੱਠ ਕੇ ਦੇਖਿਆ ਤਾਂ ਉੱਥੇ ਕੋਈ ਵੀ ਨਹੀਂ ਸੀ। ਥੋੜ੍ਹੀ ਦੇਰ ਬਾਅਦ ਫਿਰ ਤੋਂ ਛਣ - ਛਣ ਦੀ ਆਵਾਜ਼ ਆਉਣ ਲੱਗ ਪਈ। ਮੇਰੇ ਚਾਚਾ ਨੂੰ ਲੱਗਿਆ ਕਿ ਇੱਧਰ ਭੂਤਾਂ ਦਾ ਸਾਇਆ ਹੈ। ਮੈਂ ਘਬਰਾ ਗਿਆ ਸੀ। ਜਦ ਮੈਂ ਉੱਠ ਕੇ ਇੱਧਰ - ਉੱਧਰ ਦੇਖਿਆ ਤਾਂ ਉੱਥੇ ਇੱਕ ਚਿੱਟੇ ਰੰਗ ਦਾ ਕੁੱਤਾ ਸੀ। ਉਸ ਦੇ ਗਲ ਵਿੱਚ ਪਟਾ ਸੀ। ਉਸ ਦੇ ਗਲ ਵਿੱਚ ਪਏ ਪਟੇ 'ਤੇ ਘੁੰਗਰੂ ਲੱਗੇ ਹੋਏ ਸਨ। ਮੈਂ ਸਮਝ ਗਿਆ ਕਿ ਇਹ ਕੁੱਤੇ ਦੇ ਪਟੇ ਦੇ ਲੱਗੇ ਘੁੰਗਰੂਆਂ ਦੀ ਆਵਾਜ਼ ਹੈ। ਸਾਡੇ ਅਧਿਆਪਕ ਜੀ ਮਾਸਟਰ ਸੰਜੀਵ ਧਰਮਾਣੀ ਨੇ ਵੀ ਦੱਸਿਆ ਕਿ ਕੋਈ ਭੂਤ - ਪ੍ਰੇਤ ਨਹੀਂ ਹੁੰਦੇ। ਇਸ ਕਹਾਣੀ ਤੋਂ ਇਹ ਸਿੱਖਿਆ ਮਿਲਦੀ ਹੈ ਕਿ ਕੋਈ ਭੂਤ ਨਹੀਂ ਹੁੰਦਾ।

ਅੰਮ੍ਰਿਤਪਾਲ ਸਿੰਘ , ਜਮਾਤ ਚੌਥੀ , ਸਰਕਾਰੀ ਪ੍ਰਾਇਮਰੀ ਸਮਾਜ ਸਕੂਲ ਗੰਭੀਰਪੁਰ ਲੋਅਰ , ਸੈਂਟਰ ਢੇਰ , ਸਿੱਖਿਆ ਬਲਾਕ ਸ੍ਰੀ ਅਨੰਦਪੁਰ ਸਾਹਿਬ , ਜਿਲ੍ਹਾ ਰੂਪਨਗਰ ( ਪੰਜਾਬ)

ਜਮਾਤ ਇੰਚਾਰਜ ਤੇ ਗਾਈਡ ਅਧਿਆਪਕ ਸਟੇਟ ਐਵਾਰਡੀ ਮਾਸਟਰ ਸੰਜੀਵ ਧਰਮਾਣੀ
9478561356

# ਸੰਤ ਬਾਬਾ ਅਤਰ ਸਿੰਘ ਜੀ ਗੁਰਦੁਆਰਾ ਮਸਤੂਆਣਾ ਸਾਹਿਬ ਵੱਲੋਂ ਕਣਕ, ਆਟਾ, ਘਿਓ, ਖੰਡ, ਆਲੂ ਅਤੇ ਹੋਰ ਜ਼ਰੂਰੀ ਵਸਤੂਆਂ ਦੀ ਸੇਵਾ ਕੀਤੀ ਗਈ

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਬਜ਼ੁਰਗ ਲੰਗਰ ਸੇਵਾ ਸੁਸਾਇਟੀ ਲੌਂਗੋਵਾਲ ਵਿਖੇ ਜੋ ਪਿਛਲੇ ਕਾਫੀ ਦਿਨਾਂ ਤੋਂ ਬੇਸਹਾਰਾ ਬਜ਼ੁਰਗਾਂ ਵਾਸਤੇ ਲੰਗਰ ਦੀ ਸੇਵਾ ਕੀਤੀ ਜਾਂਦੀ ਹੈ ਉਸ ਵਿੱਚ ਸੰਤ ਬਾਬਾ ਅਤਰ ਸਿੰਘ ਜੀ ਗੁਰਦੁਆਰਾ ਮਸਤੂਆਣਾ ਸਾਹਿਬ ਵੱਲੋਂ ਕਣਕ, ਆਟਾ, ਘਿਓ, ਖੰਡ, ਆਲੂ ਅਤੇ ਹੋਰ ਜ਼ਰੂਰੀ ਵਸਤੂਆਂ ਦੀ ਸੇਵਾ ਕੀਤੀ ਗਈ ।



# ਦੋਸਤੀ ਦਾ ਫ਼ਰਜ਼

"ਇਕੁਐਲਿਟੀ ਐਂਡ ਜਸਟਿਸ"
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਦੀਪੂ ਅਤੇ ਜਸ਼ਨ ਦੋਵੇਂ ਪੱਕੀਆਂ ਸਹੇਲੀਆਂ ਸਨ। ਦੋਵੇਂ ਇਕੱਠੀਆਂ ਸਕੂਲ ਜਾਂਦੀਆਂ, ਇਕੱਠੇ ਸਕੂਲ ਦਾ ਕੰਮ ਕਰਦੀਆਂ ਅਤੇ ਇਕੱਠੀਆਂ ਖੇਡਦੀਆਂ। ਦੋਵੇਂ ਸਹੇਲੀਆਂ ਭੈਣਾਂ ਨਾਲੋਂ ਵੱਧ ਕੇ ਸਨ।ਇਸ ਤਰ੍ਹਾਂ ਲੱਗਦਾ ਸੀ ਜਿਵੇਂ ਜਿਸਮ ਤਾਂ ਦੋ ਹੋਣ ਪਰ ਦੋਵਾਂ ਦੀ ਰੂਹ ਇੱਕ ਸੀ। ਜਸ਼ਨ ਦਾ ਘਰ ਦੀਪੂ ਦੇ ਘਰ ਤੋਂ ਅੱਧਾ ਕਿਲੋਮੀਟਰ ਦੂਰੀ ਤੇ ਸੀ।ਸਕੂਲ ਜਾਣ ਲਈ ਹਰ ਰੋਜ ਜਸ਼ਨ ਦੀਪੂ ਦੇ ਘਰ ਜਾਂਦੀ ਅਤੇ ਦੀਪੂ ਦੇ ਘਰੋ ਦੋਵੇਂ ਸਕੂਲ ਚਲੀਆਂ ਜਾਂਦੀਆਂ। ਇਹ ਸਿਲਸਿਲਾ ਪਿਛਲੇ ਨੌਂ ਸਾਲਾਂ ਤੋਂ ਇਸੇ ਤਰ੍ਹਾਂ ਜਾਰੀ ਸੀ।

ਪਿਛਲੇ ਦੋ ਦਿਨਾਂ ਤੋਂ ਜਸ਼ਨ ਸਕੂਲ ਨਹੀਂ ਸੀ ਆ ਰਹੀ। ਦੀਪੂ ਨੇ ਇੱਕ ਦੋ ਵਾਰ ਜਸ਼ਨ ਦੇ ਘਰ ਫ਼ੋਨ ਕੀਤਾ ਤਾਂ ਫ਼ੋਨ ਬੰਦ ਆ ਰਿਹਾ ਸੀ। ਦੀਪੂ ਨੂੰ ਜਸ਼ਨ ਦੀ ਚਿੰਤਾ ਹੋ ਰਹੀ ਸੀ। ਸਕੂਲੋਂ ਘਰ ਆ ਕੇ ਦੀਪੂ ਜਸ਼ਨ ਦੇ ਘਰ ਚਲੀ ਗਈ । ਜਸ਼ਨ ਘਰ ਵਿੱਚ ਬਰਤਨ ਮਾਂਜ ਰਹੀ ਸੀ। ਦੀਪੂ ਨੇ ਜਸ਼ਨ ਨੂੰ ਕਿਹਾ ਤੂੰ ਠੀਕ ਤਾਂ ਹੈ,ਤੂੰ ਸਕੂਲ ਕਿਓਂ ਨਹੀਂ ਆ ਰਹੀ, ਮੈਨੂੰ ਤੇਰੀ ਚਿੰਤਾ ਹੋ ਰਹੀ ਸੀ,ਤੂੰ ਫ਼ੋਨ ਵੀ ਨਹੀਂ ਚੁੱਕ ਰਹੀ। ਦੀਪੂ ਫਟਾਫਟ ਜਸ਼ਨ ਤੋਂ ਸਵਾਲ ਪੁੱਛ ਰਹੀ ਸੀ।ਕਮਰੇ ਚੋਂ ਜਸ਼ਨ ਦੀ ਮਾਤਾ ਨੂੰ ਬਾਹਰ ਆਉਂਦੇ ਦੇਖ ਕੇ ਦੀਪੂ ਨੇ ਸਤਿ ਸ੍ਰੀ ਆਕਾਲ ਬੁਲਾਈ। ਜਸ਼ਨ ਦੀ ਮਾਤਾ ਨੇ ਦੀਪੂ ਨੂੰ ਬੈਠਣ ਲਈ ਕਿਹਾ ਤੇ ਰਸੋਈ ਅੰਦਰ ਚਾਹ ਬਣਾਉਣ ਚਲੀ ਗਈ। ਦੀਪੂ ਦੇ ਸਵਾਲ ਸੁਣ ਕੇ ਜਸ਼ਨ ਅਜੇ ਵੀ ਚੁੱਪ ਸੀ,ਉਹੋ ਮੂੰਹੋਂ ਕੁੱਝ ਨਾ ਬੋਲੀ,ਇਸ ਤਰ੍ਹਾਂ ਲੱਗ ਰਿਹਾ ਸੀ ਜਿਵੇਂ ਜਸ਼ਨ ਦਾ ਗੱਚ ਭਰ ਗਿਆ ਹੋਵੇ।ਇਸ ਤੋਂ ਪਹਿਲਾਂ ਕਿ ਜਸ਼ਨ ਕੁੱਝ ਬੋਲਦੀ ਜਸ਼ਨ ਦੀ ਮਾਤਾ ਰਸੋਈ ਚੋਂ ਬਾਹਰ ਆਉਂਦੀ ਬੋਲੀ ,ਪੁੱਤ ਦੀਪੂ ਇਹਦਾ ਵਿਚਾਰੀ ਦਾ ਕੀ ਕਸੂਰ ਆ।ਕਸੂਰ ਤਾਂ ਸਾਡੀ ਗ਼ਰੀਬੀ ਦਾ। ਪਿਛਲੇ ਇੱਕ ਮਹੀਨੇ ਤੋਂ ਰੋਜ ਜਸ਼ਨ ਦਾ ਡੈਡੀ ਲੇਬਰ ਚੌਂਕ ਵਿੱਚ ਜਾ ਕੇ ਖੜ ਜਾਦਾਂ , ਕਦੇ ਦਿਹਾੜੀ ਲੱਗ ਜਾਂਦੀ ਆ, ਕਦੇ ਨਹੀਂ।ਘਰੇ ਖਾਣ ਲਈ ਆਟਾ ਨਹੀਂ,ਸਕੂਲ ਦੀ ਫ਼ੀਸ ਭਰਨ ਲਈ ਪੈਸੇ ਨਹੀਂ, ਤਾਂ ਪੁੱਤ ਜਸ਼ਨ ਵਿਚਾਰੀ ਕੀ ਕਰੇ। ਮੈਂ ਪਿੰਡ ਵਿੱਚ ਜਿੰਮੀਦਾਰਾਂ ਦੇ ਗੋਹਾ ਕੂੜਾ ਸੁੱਟਦੀ ਆ, ਫ਼ਿਰ ਵੀ ਦੋ ਡੰਗ ਦੀ ਰੋਟੀ ਦਾ ਗੁਜ਼ਾਰਾ ਮੁਸ਼ਿਕਲ ਨਾਲ ਚੱਲਦਾ ਹੈ ।ਮੈਂ ਅਤੇ ਤੇਰਾ ਅੰਕਲ ਸਵੇਰੇ ਨਿਕਲ ਜਾਂਦੇ ਆ, ਸ਼ਾਮੀ ਮੁੜਦੇ ਆ, ਜਸ਼ਨ ਵਿਚਾਰੀ ਪਿੱਛੋਂ ਘਰ ਸੰਭਾਲਦੀ ਹੈ। ਦੀਪੂ ਹੁਣ ਸਾਰੀ ਗੱਲ ਸਮਝ ਗਈ ਸੀ ਕਿ ਜਸ਼ਨ ਦਾ ਘਰ ਰਹਿਣ ਦਾ ਕਾਰਣ ਉਸਦੀ ਗ਼ਰੀਬੀ ਹੈ।

ਦੀਪੂ ਦਾ ਪਿਤਾ ਦਰਸ਼ਨ ਸਿੰਘ ਸ਼ਹਿਰ ਧਾਗਾ ਫੈਕਟਰੀ ਵਿਚ ਮੈਨੇਜਰ ਸੀ। ਸ਼ਾਮੀਂ ਜਦੋ ਦਰਸ਼ਨ ਸਿੰਘ ਘਰ ਆਇਆ ਤਾਂ ਉਸ ਨੇ ਦੇਖਿਆ ਕਿ ਦੀਪੂ ਕੁਰਸੀ ਤੇ ਕਿਸੇ ਡੂੰਘੀਆਂ ਸੋਚਾਂ ਵਿੱਚ ਗੁਆਚੀ ਬੈਠੀ ਸੀ। ਜਦੋਂ ਦਰਸ਼ਨ ਸਿੰਘ ਨੇ ਦੀਪੂ ਨੂੰ ਬੁਲਾਇਆ ਤਾਂ ਉਹ ਚੌਂਕ ਗਈ, ਉਸਨੂੰ ਪਤਾ ਹੀ ਨਹੀਂ ਲੱਗਿਆ ਕਿ ਡੈਡੀ ਕਿਹੜੇ ਵੇਲੇ ਘਰ ਆ ਗਏ। ਦੀਪੂ ਦਾ ਉਦਾਸ ਚਿਹਰਾ ਦੇਖ ਕੇ ਡੈਡੀ ਨੇ ਕਿਹਾ,ਮੇਰੀ ਲਾਡੋ ਰਾਣੀ ਕਿਹੜੀ ਸੋਚਾਂ ਸੋਚ ਰਹੀ ਹੈ। ਦੀਪੂ ਨੇ ਹੌਂਸਲੇ ਨਾਲ ਕਿਹਾ,ਪਾਪਾ ਮੇਰੀ ਸਹੇਲੀ ਜਸ਼ਨ ਨੂੰ ਤਾਂ ਤੁਸੀਂ ਜਾਣਦੇ ਹੀ ਹੋ, ਉਹ ਪਿਛਲੇ ਤਿੰਨ ਦਿਨਾਂ ਤੋਂ ਸਕੂਲ ਨਹੀਂ ਆ ਰਹੀ, ਮੈਂ ਜਦੋਂ ਉਸਦੇ ਘਰ ਗਈ ਤਾਂ ਪਤਾ ਲੱਗਿਆ ਕਿ ਉਸਦੇ ਪਿਤਾ ਦੀ ਦਿਹਾੜੀ ਕਦੇ ਲੱਗਦੀ ਹੈ, ਕਦੇ ਨਹੀਂ,ਜਿਸ ਕਰਕੇ ਉਹ ਫ਼ੀਸ ਨਹੀਂ ਭਰ ਪਾਈ ਅਤੇ ਸਕੂਲ ਜਾਣਾ ਬੰਦ ਕਰ ਦਿੱਤਾ। ਦੀਪੂ ਦੇ ਡੈਡੀ ਨੇ ਦੀਪੂ ਨੂੰ ਕਿਹਾ ਤੂੰ ਪੁੱਤ ਚਿੰਤਾ ਨਾ ਕਰ। ਆਪਾਂ ਦੋਵੇਂ ਕੱਲ੍ਹ ਸਵੇਰੇ ਉਹਨਾਂ ਦੇ ਘਰ ਚੱਲਾਂਗੇ, ਕੋਈ ਨਾ ਕੋਈ ਹੱਲ ਲੱਭ ਜਾਵੇਗਾ।

ਜਸ਼ਨ ਦਾ ਪਿਤਾ ਚਰਨ ਦੀਪੂ ਦੇ ਪਿਤਾ ਦਰਸ਼ਨ ਸਿੰਘ ਦਾ ਹਮਜਮਾਤੀ ਸੀ।ਚਰਨ ਸਿੰਘ ਵੀ ਪੜ੍ਹਾਈ ਵਿੱਚ ਹੁਸ਼ਿਆਰ ਸੀ,ਉਹ ਕਬੱਡੀ ਦਾ ਵੀ ਚੋਟੀ ਦਾ ਖਿਡਾਰੀ ਸੀ,ਪ੍ਰੰਤੂ ਘਰ ਦੀ ਗ਼ਰੀਬੀ ਨੇ ਉਸਦੇ ਪੈਰਾਂ ਵਿੱਚ ਜ਼ੰਜੀਰਾਂ ਜਕੜ ਦਿੱਤੀਆਂ ਅਤੇ ਰੋਜ਼ੀ ਰੋਟੀ ਲਈ ਮਿਹਨਤ ਮਜਦੂਰੀ ਕਰਨੀ ਪਈ। ਸੋਚਾਂ ਸੋਚਦੇ ਹੋਏ ਪਤਾ ਹੀ ਨਹੀਂ ਲੱਗਿਆ ਕਿਹੜੇ ਵੇਲੇ ਦਰਸ਼ਨ ਸਿੰਘ ਨੂੰ ਗੂੜ੍ਹੀ ਨੀਂਦ ਆ ਗਈ।

ਸਵੇਰੇ ਤਿਆਰ ਹੋ ਕੇ ਦੀਪੂ ਅਤੇ ਉਸਦਾ ਡੈਡੀ ਜਸ਼ਨ ਦੇ ਘਰ ਪਹੁੰਚ ਗਏ। ਜਸ਼ਨ ਦਾ ਪਿਤਾ ਚਰਨ ਘਰੋਂ ਕੰਮ ਤੇ ਜਾਣ ਲਈ ਨਿਕਲ ਹੀ ਰਿਹਾ ਸੀ, ਕਿ ਅਚਾਨਕ ਦਰਸ਼ਨ ਅਤੇ ਦੀਪੂ ਨੂੰ ਆਉਂਦੇ ਦੇਖ ਕੇ ਰੁਕ ਗਿਆ। ਦਰਸ਼ਨ ਅਤੇ ਚਰਨ ਨੇ ਇੱਕ ਦੂਜੇ ਨੂੰ ਗੱਲਵੱਕੜੀ ਪਾਈ ਅਤੇ ਘਰ ਅੰਦਰ ਚਲੇ ਗਏ। ਦਰਸ਼ਨ ਨੇ ਚਰਨ ਦਾ ਹੱਥ ਆਪਣੇ ਹੱਥ ਵਿੱਚ ਲੈਂਦਿਆਂ ਕਿਹਾ,ਚਰਨ ਤੂੰ ਮੇਰਾ ਬਚਪਨ ਦਾ ਮਿੱਤਰ ਏ, ਜਿਵੇਂ ਤੂੰ ਪੜ੍ਹਾਈ ਵਿੱਚ ਹੁਸ਼ਿਆਰ ਸੀ, ਉਵੇਂ ਤੇਰੀ ਧੀ ਜਸ਼ਨ ਵੀ ਪੜ੍ਹਾਈ ਵਿੱਚ ਬਹੁਤ ਹੁਸ਼ਿਆਰ ਹੈ।ਅੱਜ ਫ਼ਿਰ ਇਤਿਹਾਸ ਆਪਣੇ ਆਪ ਨੂੰ ਦੁਹਰਾ ਰਿਹਾ ਹੈ,ਤੀਹ ਸਾਲ ਪਹਿਲਾਂ ਗ਼ੁਰਬਤ ਕਰਕੇ ਤੈਨੂੰ ਪੜ੍ਹਾਈ ਛੱਡਣੀ ਪਈ ਅਤੇ ਅੱਜ ਤੇਰੀ ਧੀ ਗ਼ਰੀਬੀ ਕਰਕੇ ਪੜ੍ਹਾਈ ਛੱਡ ਰਹੀ ਹੈ ਪਰ ਮੈਂ ਇਹ ਕਦੇ ਨਹੀਂ ਹੋਣ ਦੇਣਾ,ਦਰਸ਼ਨ ਸਿੰਘ ਨੇ ਪੰਜ ਪੰਜ ਸੌ ਦੇ ਚਾਰ ਨੋਟ ਕੱਢ ਕੇ ਚਰਨ ਦੇ ਹੱਥ ਤੇ ਧਰਦੇ ਹੋਏ ਕਿਹਾ, ਜਸ਼ਨ ਇਕੱਲੀ ਤੇਰੀ ਧੀ ਨਹੀਂ ਸਗੋਂ ਮੇਰੀ ਵੀ ਧੀ ਹੈ।ਮੈਂ ਕਦੇ ਦੀਪੂ ਅਤੇ ਜਸਨ ਵਿੱਚ ਕੋਈ ਫ਼ਰਕ ਨਹੀਂ ਸਮਝਿਆ।ਅੱਜ ਤੋਂ ਬਾਅਦ ਤੈਨੂੰ ਕੰਮ ਦੀ ਭਾਲ ਕਰਨ ਦੀ ਲੋੜ ਨਹੀਂ, ਮੈਂ ਫੈਕਟਰੀ ਮਾਲਕ ਨਾਲ ਗੱਲ ਕਰਕੇ ਤੇਰੀ ਮਕੈਨਿਕ ਦੀ ਖਾਲੀ ਪੋਸਟ ਤੇ ਭਰਤੀ ਕਰਵਾ ਦਿੱਤੀ ਹੈ। ਦਰਸ਼ਨ ਦੀਆ ਗੱਲਾਂ ਸੁਣ ਕੇ ਚਰਨ ਦੀਆਂ ਅੱਖਾਂ ਭਰ ਆਈਆਂ।ਤੇਰਾ ਧੰਨਵਾਦ ਭਰਾਵਾ, ਧੰਨਵਾਦ ਕਹਿ ਕੇ ਸ਼ਰਮਿੰਦਾ ਨਾ ਕਰ ਚਰਨ ਸਿਆਂ, ਬੰਦਾ ਹੀ ਬੰਦੇ ਦੀ ਦਾਰੂ ਹੁੰਦਾ,ਲੋੜ ਵੇਲੇ ਦੋਸਤ ਹੀ ਦੋਸਤ ਦੇ ਕੰਮ ਆਉਂਦਾ, ਮੈਂ ਤੇਰੀ ਮਦਦ ਕਰਕੇ ਕੋਈ ਉਪਕਾਰ ਨਹੀਂ ਕੀਤਾ ਸਗੋਂ ਆਪਣੀ ਦੋਸਤੀ ਦਾ ਫ਼ਰਜ਼ ਨਿਭਾਇਆ ਹੈ।

ਰਜਵਿੰਦਰ ਪਾਲ ਸ਼ਰਮਾ
7087367969

# ਸੰਵਿਧਾਨ ਬਚਾਓ ਸੰਘਰਸ਼ ਕਮੇਟੀ ਪੰਜਾਬ ਵੱਲੋਂ ਚੇਤਨਾ ਸੈਮੀਨਾਰ

## ਸਿਖਿਆ ਦਾ ਅਧਿਕਾਰ ਐਕਟ 2009 ਤੁਰੰਤ ਲਾਗੂ ਨਾ ਕੀਤਾ ਤਾਂ ਪੰਜਾਬ ਸਰਕਾਰ ਨੂੰ ਇਸ ਦੇ ਨਤੀਜੇ ਭੁਗਤਣੇ ਪੈਣਗੇ - ਕਰਨੈਲ ਜੀਤ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com




ਮੋਰਿੰਡਾ 19 ਅਪ੍ਰੈਲ,(ਪਤਰ ਪ੍ਰੇਰਕ,) ਸੰਵਿਧਾਨ ਬਚਾਓ ਸੰਘਰਸ਼ ਕਮੇਟੀ ਪੰਜਾਬ ਵਲੋਂ ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਜਨਮ ਦਿਵਸ ਸਬੰਧੀ ਚੇਤਨਾ ਸੈਮੀਨਾਰ ਅੱਜ ਡਾ ਭੀਮ ਰਾਓ ਅੰਬੇਦਕਰ ਕਮਿਊਨਟੀ ਹਾਲ ਮੋਰਿੰਡਾ ਵਿਖੇ ਕਰਵਾਇਆ ਗਿਆ। ਜਿਸ ਵਿੱਚ ਵੱਖ ਵੱਖ ਸਮਾਜਿਕ ਜਥੇਬੰਦੀਆਂ ਨਾਲ ਸਬੰਧਤ ਲੋਕਾਂ ਨੇ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸੰਘਰਸ਼ ਕਮੇਟੀ ਦੇ ਜਰਨਲ ਸਕੱਤਰ ਸੁਖਵਿੰਦਰ ਸਿੰਘ ਦੁਮਣਾ ਨੇ ਦੱਸਿਆ ਕਿ ਇਸ ਸਮਾਗਮ ਦੀ ਪ੍ਰਧਾਨਗੀ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੇਵ ਸਿੰਘ ਭਟੋਆ, ਮੋਹਨ ਲਾਲ ਕਾਲਾ ਸਾਬਕਾ ਕੌਂਸਲਰ,ਐਡਵੋਕੇਟ ਪਰਮਿੰਦਰ ਸਿੰਘ ਤੂਰ, ਪ੍ਰਿ ਬਾਵਾ ਸਿੰਘ ਲੱਧੜ ਅਤੇ ਕੁਲਵੀਰ ਸਿੰਘ ਸੋਨੂੰ ਦੇ ਅਧਾਰਿਤ ਪ੍ਰਧਾਨਗੀ ਮੰਡਲ ਨੇ ਕੀਤੀ। ਜਦੋ ਕਿ ਮੁੱਖ ਮਹਿਮਾਨ ਵਜੋਂ ਸ੍ਰ ਕ੍ਰਿਪਾਲ ਸਿੰਘ ਮੁੰਡੀ ਖਰੜ ਅਤੇ ਸੀਨੀਅਰ ਪੱਤਰਕਾਰ ਜੈ ਸਿੰਘ ਛਿੱਬਰ ਪਹੁੰਚੇ। ਇਸ ਸਮੇਂ ਸਵਿਧਾਨ ਬਚਾਓ ਸੰਘਰਸ਼ ਕਮੇਟੀ ਪੰਜਾਬ ਦੇ ਪ੍ਰਧਾਨ ਕਰਨੈਲ ਸਿੰਘ ਜੀਤ, ਮੁਲਾਜ਼ਮ ਨੇਤਾ ਮਲਾਗਰ ਸਿੰਘ ਖਮਾਣੋਂ, ਹਰਮਿੰਦਰ ਸਿੰਘ ਲੱਕੀ, ਕਾਮਰੇਡ ਕਾਕਾ ਰਾਮ, ਗੁਰਦਰਸ਼ਨ ਸਿੰਘ ਢੋਲਣ ਮਾਜਰਾ,ਕੈ ਮੇਹਰ ਸਿੰਘ ਆਦਿ ਨੇ ਸੰਬੋਧਨ ਕੀਤਾ। ਇਸ ਸਮੇਂ ਸਮੂਹ ਬੁਲਾਰਿਆਂ ਨੇ ਜਿਥੇ ਦੇਸ਼ ਦੇ ਸੰਵਿਧਾਨ ਦੇ ਨਿਰਮਾਤਾ,ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਦਕਰ ਜੀ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਅਤੇ ਉਹਨਾਂ ਦੇ ਸੰਘਰਸ਼ ਮਈ ਜੀਵਨ ਤੇ ਚਾਨਣਾ ਪਾਇਆ ਉਥੇ ਉਹਨਾਂ ਬਾਬਾ ਸਾਹਿਬ ਜੀ ਦੇ ਸੰਦੇਸ਼ ਪੜ੍ਹੋ ਜੁੜੋ ਸੰਘਰਸ਼ ਕਰੋ ਤੇ ਪਹਿਰਾ ਦੇਣ ਦਾ ਹੋਕਾ ਦਿੱਤਾ। ਇਸ ਸਮੇਂ ਸਮੂਹ ਬੁਲਾਰਿਆਂ ਨੇ ਸਿਖਿਆ ਦਾ ਅਧਿਕਾਰ ਐਕਟ 2009 ਨੂੰ ਲਾਗੂ ਕਰਵਾਉਣ ਵਿੱਚ ਪੰਜਾਬ ਸਰਕਾਰ ਵੱਲੋਂ ਵਰਤੀ ਜਾ ਰਹੀ ਢਿਲ ਦੀ ਕਰੜੀ ਅਲੋਚਨਾ ਕੀਤੀ। ਉਹਨਾਂ ਪੰਜਾਬ ਸਰਕਾਰ ਨੂੰ ਚੇਤਾਵਨੀ ਦਿਤੀ ਕਿ ਜੇ ਕਰ ਪੰਜਾਬ ਸਰਕਾਰ ਇਸ ਐਕਟ ਨੂੰ ਲਾਗੂ ਕਰਨ ਵਿਚ ਫੇਲ ਸਾਬਤ ਹੋਈ ਤਾਂ ਸਰਕਾਰ ਨੂੰ ਇਸ ਦੇ ਨਤੀਜੇ ਭੁਗਤਣੇ ਪੈਣਗੇ। ਇਸ ਸਮੇਂ ਹਾਲ ਵਿਚ ਹਾਜਰ ਬੁਲਾਰਿਆਂ ਨੇ ਠੇਕੇਦਾਰੀ ਸਿਸਟਮ ਬੰਦ ਕਰਨ, ਕੱਚੇ ਮੁਲਾਜ਼ਮਾਂ ਨੂੰ ਪੱਕੇ ਕਰਨ,ਖਾਲੀ ਅਸਾਮੀਆਂ ਨੂੰ ਤੁਰੰਤ ਭਰਨ, ਅਤੇ ਨਰੇਗਾ ਕਾਮਿਆਂ ਸਮੇਤ ਮਜ਼ਦੂਰਾਂ ਤੇ ਲੇਬਰ ਐਕਟ ਲਾਗੂ ਕਰਨ ਅਤੇ ਮੋਰਿੰਡਾ ਵਿਖੇ ਸਰਕਾਰੀ ਤਕਨੀਕੀ ਕਾਲਜ ਖੋਲ੍ਹਣ ਦੀ ਮੰਗ ਕੀਤੀ ਗਈ। ਉਹਨਾਂ ਆਖਿਆ ਕਿ ਕੁਝ ਲੋਕ ਸਵਿਧਾਨ ਨੂੰ ਬਦਲਣ ਦੀਆਂ ਸਾਜ਼ਸ਼ਾਂ ਰਚ ਰਹੇ ਹਨ ਉਹਨਾਂ ਦੀਆਂ ਚਾਲਾਂ ਸਫਲ ਨਹੀਂ ਹੋਣ ਦਿਤੀਆਂ ਜਾਣਗੀਆਂ। ਜੇ ਸਵਿਧਾਨ ਹੈ ਤਾਂ ਜਮਹੂਰੀਅਤ ਹੈ, ਲੋਕ ਤੰਤਰ ਹੈ ਇਸ ਲਈ ਲੋਕ ਤੰਤਰ ਨੂੰ ਮਜ਼ਬੂਤ ਕਰਨਾ ਸਮੇਂ ਦੀ ਲੋੜ ਹੈ । ਇਸ ਮੌਕੇ ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਜਗਦੇਵ ਸਿੰਘ ਭਟੋਆ, ਮੁੱਖ ਮਹਿਮਾਨ ਕਿਰਪਾਲ ਸਿੰਘ ਮੁੰਡੀ ਖਰੜ,ਜੈ ਸਿੰਘ ਛਿੱਬਰ, ਕੌਂਸਲਰ ਪਿੰਕੀ ਕੌਰ ਅਤੇ ਨਵੇਂ ਬਣੇ ਸਰਪੰਚਾਂ ਅਤੇ ਪੰਚਾਂ ਦਾ ਸਨਮਾਨ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਗਰ ਕੌਂਸਲ ਮੋਰਿੰਡਾ ਦੀ ਮੀਤ ਪ੍ਰਧਾਨ ਗੁਰਪ੍ਰੀਤ ਕੌਰ, ਕੌਂਸਲਰ ਪਿੰਕੀ ਕੌਰ,ਕੌਂਸਲਰ ਹਰਜੀਤ ਸਿੰਘ ਸੋਢੀ, ਸੁਰਜੀਤ ਕੁਮਾਰ, ਸੰਗਤ ਸਿੰਘ ਭਾਮੀਆਂ, ਵਰਿੰਦਰ ਸਿੰਘ, ਸਾਬਕਾ ਕੌਂਸਲਰ ਮਹਿੰਦਰ ਸਿੰਘ ਢਿੱਲੋਂ, ਕੁਲਵਿੰਦਰ ਸਿੰਘ ਮਸ਼ਾਲ,ਡਾ ਦਿਲਬਾਗ ਸਿੰਘ, ਹਰਪ੍ਰੀਤ ਸਿੰਘ ਸੰਧੂ, ਥਾਣੇਦਾਰ ਭਾਗ ਸਿੰਘ, ਸੁਪਰਡੈਂਟ ਭਾਗ ਸਿੰਘ ਮਕੜੌਨਾ, ਸੁਰਿੰਦਰ ਸਿੰਘ, ਸੰਤੋਖ ਸਿੰਘ ਛਿੱਬਰ,ਦਲਵੀਰ ਸਿੰਘ ਸਰਪੰਚ ਮੂੰਡੀਆਂ,ਪ੍ਰੇਮ ਸਿੰਘ, ਗੁਰਮੀਤ ਸਿੰਘ ਕਾਂਝਲਾ, ਭਿੰਦਰ ਸਿੰਘ ਰੀਹਲ, ਕਮਲਜੀਤ ਸਿੰਘ, ਸਵਰਨ ਸਿੰਘ ਓਮ ਪ੍ਰਕਾਸ਼ ਮੱਟੂ, ਗੁਰਜੀਤ ਸਿੰਘ ਜੀਤੀ ਰਾਮ ਗੜ੍ਹ ਮੰਡਾਂ, ਗੁਰਪ੍ਰੀਤ ਸਿੰਘ ਧਨੌਰੀ,ਡਾ ਜੰਗ ਸਿੰਘ ਮਾਛੀਵਾੜਾ, ਮੇਹਰ ਸਿੰਘ, ਹਰੀਪਾਲ, ਅਜੀਤ ਸਿੰਘ ਛਿੱਬਰ,ਮਾਂ ਅਮਰਜੀਤ ਸਿੰਘ, ਮੇਜ਼ਰ ਮਸੀਹ, ਸੁਰਜੀਤ ਸਿੰਘ ਗੁਰੂ, ਲਾਭ ਸਿੰਘ ਫੋਜੀ, ਬਲਵਿੰਦਰ ਸਿੰਘ, ਕੁਲਵੰਤ ਸਿੰਘ, ਬਲਵਿੰਦਰ ਸਿੰਘ ਭੈਰੋ ਪ੍ਰਧਾਨ, ਬ੍ਰਹਮਪਾਲ ਸਹੋਤਾ ਬਲਜਿੰਦਰ ਸਿੰਘ ਕਜੌਲੀ, ਸੁੱਖ ਰਾਮ ਕਾਲੇਵਾਲ, ਸਤਵੰਤ ਸਿੰਘ ਨਥਲਪੁਰ, ਹਰਨੇਕ ਸਿੰਘ, ਵਿਜੇ ਕੁਮਾਰ ਕਜੋਲੀ ਸਮੇਤ ਅਨੇਕਾਂ ਆਗੂ ਹਾਜਰ ਸਨ।

# ਬੇਰੁਜ਼ਗਾਰ ਅਧਿਆਪਕਾਂ ਦਾ ਸ਼ਰੇਆਮ ਕੁਟਾਪਾ ਕਰਨ ਵਾਲੇ ਐੱਸ. ਐੱਚ.ਓ. ਤੇ ਬਾਕੀ ਪੁਲਿਸ ਅਧਿਕਾਰੀਆਂ ‘ਤੇ ਕਾਰਵਾਈ ਦੀ ਮੰਗ

## ਸਿੱਖਿਆ ਕ੍ਰਾਂਤੀ ਦੇ ਫੌਕੇ ਨਾਅਰਿਆਂ ਦੀ ਥਾਂ ਅਧਿਆਪਕਾਂ ਨੂੰ ਰੁਜ਼ਗਾਰ ਦਿੱਤਾ ਜਾਵੇ: ਡੀ.ਟੀ.ਐੱਫ.

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਮੋਰਿੰਡਾ 19 ਅਪ੍ਰੈਲ ( ਪਤਰ ਪ੍ਰੇਰਕ)

ਸਿੱਖਿਆ ਮੰਤਰੀ ਸ੍ਰੀ ਹਰਜੋਤ ਬੈਂਸ ਦੇ ਪਿੰਡ ਗੰਭੀਰਪੁਰ ਵਿਖੇ ਸੰਘਰਸ਼ ਕਰ ਰਹੇ 5994 ਈਟੀਟੀ (ਬੈਕਲਾਗ) ਭਰਤੀ ਵਿੱਚ ਚੁਣੇ ਹੋਏ ਬੇਰੁਜ਼ਗਾਰ ਅਧਿਆਪਕਾਂ ਦਾ ਪੁਲਿਸ ਵੱਲੋਂ ਸ਼ਰੇਆਮ ਕੁੱਟਮਾਰ ਕਰਕੇ ਲਾਠੀਚਾਰਜ ਕਰਨ ਦਾ ਡੈਮੋਕ੍ਰੈਟਿਕ ਟੀਚਰਜ਼ ਫ਼ਰੰਟ ਨੇ ਸਖ਼ਤ ਨੋਟਿਸ ਲੈਂਦਿਆਂ, ਇਸ ਨੂੰ ਅਖੌਤੀ ਸਿੱਖਿਆ ਕ੍ਰਾਂਤੀ ਦਾ ਨਾਅਰਾ ਦੇਣ ਵਾਲੀ ‘ਆਪ’ ਸਰਕਾਰ ਦਾ ਸ਼ਰਮਨਾਕ ਕਾਰਾ ਕਰਾਰ ਦਿੱਤਾ ਹੈ। ਡੀਟੀਐੱਫ ਨੇ ਬੇਰੁਜ਼ਗਾਰ ਅਧਿਆਪਕਾਂ ‘ਤੇ ਹੱਥ ਚੁੱਕਣ ਵਾਲੇ ਪੰਜਾਬ ਪੁਲਿਸ ਦੇ ਐੱਸ.ਐੱਚ.ਓ. ਦਾਨਿਸ਼ਵੀਰ ਅਤੇ ਬਾਕੀ ਪੁਲਿਸ ਅਧਿਕਾਰੀਆਂ ‘ਤੇ ਸਖ਼ਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ।

ਇਸ ਸੰਬੰਧੀ ਵਧੇਰੇ ਗੱਲਬਾਤ ਕਰਦੇ ਹੋਏ ਡੀ.ਟੀ. ਐੱਫ. ਦੇ ਸੂਬਾ ਪ੍ਰਧਾਨ ਵਿਕਰਮ ਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜੀਆਂਵਾਲੀ ਅਤੇ ਜਿਲ੍ਹਾ ਪ੍ਰਧਾਨ ਗਿਆਨ ਚੰਦ ਰੂਪਨਗਰ ਨੇ ਦੱਸਿਆ ਕਿ ਇੱਕ ਪਾਸੇ ਪੰਜਾਬ ਸਰਕਾਰ ਵੱਲੋਂ ‘ਸਿੱਖਿਆ ਕ੍ਰਾਂਤੀ’ ਦੇ ਨਾਅਰੇ ਹੇਠ ਸਰਕਾਰੀ ਸਕੂਲਾਂ ਵਿੱਚ ਉਦਘਾਟਨੀ ਪੱਥਰ ਲਗਾਉਣ ਦੀ ਨ੍ਹੇਰੀ ਲਿਆਂਦੀ ਹੋਈ ਹੈ, ਦੂਜੇ ਪਾਸੇ ਸਕੂਲਾਂ ਵਿੱਚ ਅਧਿਆਪਕਾਂ ਦੀ ਭਰਤੀ ਕਰਨ ਸਮੇਤ ਹੋਰ ਬੁਨਿਆਦੀ ਸੁਧਾਰਾਂ ਪੱਖੋਂ ਪੰਜਾਬ ਦੀ ਸਕੂਲੀ ਸਿੱਖਿਆ ਲਗਾਤਾਰ ਪਛੜ ਰਹੀ ਹੈ। ਉਨ੍ਹਾਂ ਅੱਗੇ ਦੱਸਿਆਂ ਕਿ ਮੁੱਖ ਮੰਤਰੀ ਅਤੇ ਸਿੱਖਿਆ ਮੰਤਰੀ ਵੱਲੋਂ ਸਰਕਾਰੀ ਸਕੂਲਾਂ ਵਿੱਚ ਵੱਡੇ ਪੱਧਰ ‘ਤੇ ਅਧਿਆਪਕਾਂ ਭਰਤੀ ਕਰਨ ਦੇ ਦਾਅਵੇ ਹਕੀਕਤ ਤੋਂ ਕੋਹਾਂ ਦੂਰ ਹਨ। ਦਰਅਸਲ ਈਟੀਟੀ ਅਧਿਆਪਕਾਂ 5994 ਭਰਤੀ ਵੀ ਸਾਲ 2022 ਦੀ ਸ਼ੁਰੂ ਕੀਤੀ ਹੋਈ ਹਾਲੇ ਤੱਕ ਮੁਕੰਮਲ ਨਹੀਂ ਕੀਤੀ ਗਈ ਹੈ। ਇਸ ਭਰਤੀ ਵਿੱਚ ਪਹਿਲਾਂ 2600 ਦੇ ਕਰੀਬ ਨਿਯੁਕਤੀ ਪੱਤਰ ਖੁਦ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਸਮਾਗਮ ਕਰਕੇ ਜਾਰੀ ਕੀਤੇ ਪ੍ਰਾਂਤੀ ਕੇਵਲ 1200 ਅਧਿਆਪਕ ਹਾਜ਼ਿਰ ਕਰਵਾਕੇ ਬਾਕੀ ਪ੍ਰੀਕ੍ਰਿਆ ‘ਤੇ ਰੋਕ ਲਗਾ ਦਿੱਤੀ ਗਈ। ਇਸੇ ਭਰਤੀ ਵਿੱਚੋਂ 3000 ਦੇ ਕਰੀਬ ਬੈਕਲਾਗ ਦੀਆਂ ਪੋਸਟਾਂ ਨੂੰ ਵੀ ਲਟਕਾਉਣ ਦੀ ਸਾਜ਼ਿਸ਼ ਕੀਤੀ ਗਈ ਹੈ। ਜਦੋਂ ਬੇਰੁਜਗਾਰ ਅਧਿਆਪਕਾਂ ਵੱਲੋਂ ਭਰਤੀ ਪੂਰੀ ਕਰਨ ਦੀ ਮੰਗ ਲਈ ਸੰਘਰਸ਼ ਕੀਤਾ ਜਾਂਦਾ ਹੈ ਤਾਂ ਉਨ੍ਹਾਂ ਦਾ ਸਵਾਗਤ ਪੁਲਿਸ ਦੇ ਡੰਡੇ ਅਤੇ ਧੱਕੇਸ਼ਾਹੀ ਨਾਲ ਕੀਤਾ ਜਾਂਦਾ ਹੈ।



# AGTF ਵੱਲੋਂ ਫਿਰੌਤੀ ਰੈਕਿਟ ਦਾ ਪਰਦਾਫ਼ਾਸ਼: ਪੁਲਿਸ ਨੇ 24 ਸਾਲਾ ਮਾਸਟਰਮਾਈਂਡ ਕੀਤਾ ਗ੍ਰਿਫਤਾਰ

## ਗ੍ਰਿਫ਼ਤਾਰ ਕੀਤਾ ਦੋਸ਼ੀ ਮੰਗ ਰਿਹਾ ਸੀ 1 ਕਰੋੜ ਰੁਪਏ ਦੀ ਫਿਰੌਤੀ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਚੱਲ ਰਹੀ ਮੁਹਿੰਮ ਦੌਰਾਨ ਸੰਗਠਿਤ ਅਪਰਾਧ ਵਿਰੁੱਧ ਵੱਡੀ ਕਾਰਵਾਈ ਕਰਦਿਆਂ, ਪੰਜਾਬ ਪੁਲਿਸ ਦੀ ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਨੇ ਇੱਕ 24 ਸਾਲਾ ਨੌਜਵਾਨ, ਜੋ ਖੁਦ ਨੂੰ ਵਿਦੇਸ਼ੀ ਗੈਂਗਸਟਰ ਗੋਲਡੀ ਬਰਾੜ ਦਾ ਭਰਾ ਦੱਸ ਕੇ ਇੱਕ ਸਥਾਨਕ ਆਟੋਮੋਬਾਈਲ ਸ਼ੋਅਰੂਮ ਮਾਲਕ ਤੋਂ ਜ਼ਬਰਨ ਪੈਸੇ ਵਸੂਲਣ ਦੀ ਕੋਸ਼ਿਸ਼, ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ। ਇਹ ਜਾਣਕਾਰੀ ਸ਼ਨੀਵਾਰ ਨੂੰ ਡੀਜੀਪੀ ਪੰਜਾਬ ਗੌਰਵ ਯਾਦਵ ਨੇ ਦਿੱਤੀ।

ਦੋਸ਼ੀ, ਜਿਸਦੀ ਪਛਾਣ ਲਵਜੀਤ ਸਿੰਘ ਵਾਸੀ ਬਰਗਾੜੀ, ਫਰੀਦਕੋਟ ਵਜੋਂ ਹੋਈ ਹੈ, ਨੇ ਸ਼ਿਕਾਇਤਕਰਤਾ ਤੋਂ 1 ਕਰੋੜ ਰੁਪਏ ਦੀ ਫਿਰੌਤੀ ਦੀ ਮੰਗ ਕੀਤੀ ਸੀ ਅਤੇ ਰਕਮ ਨਾ ਦੇਣ ਦੀ ਸੂਰਤ ਵਿੱਚ ਸ਼ਿਕਾਇਤਕਰਤਾ ਅਤੇ ਉਸਦੇ ਪਰਿਵਾਰ ਨੂੰ ਜਾਨ ਤੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ ਸਨ।



ਡੀਜੀਪੀ ਗੌਰਵ ਯਾਦਵ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਨੇ ਪੁਲਿਸ ਤੋਂ ਬਚਣ ਲਈ ਆਪਣੀ ਪਛਾਣ ਛੁਪਾਉਣ ਅਤੇ ਫਿਰੌਤੀ ਕਾਲਾਂ ਕਰਨ ਲਈ ਵਰਚੁਅਲ ਨੰਬਰਾਂ ਅਤੇ ਸੋਸ਼ਲ ਮੀਡੀਆ ਐਪਲੀਕੇਸ਼ਨਾਂ ਦੀ ਵਰਤੋਂ ਕੀਤੀ।

ਲੋਕਾਂ ਨੂੰ ਫਰਜ਼ੀ ਫਿਰੌਤੀ ਕਾਲਾਂ ਤੋਂ ਸਾਵਧਾਨ ਰਹਿਣ ਦੀ ਚੇਤਾਵਨੀ ਦਿੰਦੇ ਹੋਏ, ਉਨ੍ਹਾਂ ਕਿਹਾ ਕਿ ਹਾਲ ਹੀ ਵਿੱਚ ਇਹ ਦੇਖਿਆ ਗਿਆ ਹੈ ਕਿ ਕਈ ਅਗਿਆਤ ਅਪਰਾਧੀ, ਜਿਨ੍ਹਾਂ ਦਾ ਕਿਸੇ ਵੀ ਗਿਰੋਹ ਜਾਂ ਗੈਂਗਸਟਰਾਂ ਨਾਲ ਕੋਈ ਸਬੰਧ ਨਹੀਂ ਹੁੰਦਾ, ਅਜਿਹੇ ਸੰਗਠਨਾਂ ਦਾ ਨਾਂ ਵਰਤ ਕੇ ਲੋਕਾਂ ਦੇ ਡਰ ਦਾ ਫਾਇਦਾ ਉਠਾ ਰਹੇ ਹਨ। ਡੀਜੀਪੀ ਨੇ ਕਿਹਾ, ‘‘ਅਸੀਂ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਜਦੋਂ ਵੀ ਫਿਰੌਤੀ ਕਾਲਾਂ ਆਉਂਦੀਆਂ ਹਨ ਤਾਂ ਤੁਰੰਤ ਪੁਲਿਸ ਨੂੰ ਸੂਚਿਤ ਕਰਨ ਤਾਂ ਜੋ ਕਾਨੂੰਨ ਆਪਣਾ ਕੰਮ ਸੁਚੱਜੇ ਢੰਗ ਨਾਲ ਕਰ ਸਕੇ।’’

ਜ਼ਿਕਰਯੋਗ ਹੈ ਕਿ, ਤਿੰਨ ਮਹੀਨੇ ਪਹਿਲਾਂ, ਏਜੀਟੀਐਫ ਨੇ ਮਲੇਸ਼ੀਆ ਤੋਂ ਚਲਾਏ ਜਾ ਰਹੇ ਇੱਕ ਜਾਅਲੀ ਫਿਰੌਤੀ ਰੈਕੇਟ ਦਾ ਪਰਦਾਫਾਸ਼ ਕੀਤਾ ਸੀ, ਜਿਸ ਵਿੱਚ ਪੰਜਾਬ ਭਰ ਵਿੱਚ ਗਾਇਕਾਂ, ਕਾਰੋਬਾਰੀਆਂ ਅਤੇ ਅਮੀਰ ਵਿਅਕਤੀਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਸੀ। ਮੁਲਜ਼ਮ, ਲਾਰੈਂਸ ਬਿਸ਼ਨੋਈ ਗੈਂਗ ਦੇ ਮੈਂਬਰਾਂ ਵਜੋਂ ਪੀੜਤਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਡਰਾ ਕੇ ਪੈਸੇ ਵਸੂਲਦਾ ਸੀ।

ਇਸ ਆਪ੍ਰੇਸ਼ਨ ਸਬੰਧੀ ਵੇਰਵੇ ਸਾਂਝੇ ਕਰਦੇ ਹੋਏ, ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਿਸ (ਏਡੀਜੀਪੀ) ਏਜੀਟੀਐਫ ਪ੍ਰਮੋਦ ਬਾਨ ਨੇ ਕਿਹਾ ਕਿ ਏਜੀਟੀਐਫ ਨੂੰ ਫਿਰੌਤੀ ਬਾਰੇ ਸ਼ਿਕਾਇਤ ਮਿਲੀ ਸੀ ਅਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਏਜੀਟੀਐਫ ਦੀਆਂ ਪੁਲਿਸ ਟੀਮਾਂ ਨੇ ਤਕਨੀਕੀ ਜਾਣਕਾਰੀ ਅਤੇ ਖੁਫੀਆ ਇਤਲਾਹ ਰਾਹੀਂ ਕਾਲਾਂ ਕਰਨ ਵਾਲੇ ਦੇ ਅਸਲ ਟਿਕਾਣੇ ਦਾ ਪਤਾ ਲਗਾਇਆ, ਜਿਸ ਨਾਲ ਦੋਸ਼ੀ ਲਵਜੀਤ ਦੀ ਪਛਾਣ ਹੋਈ ਅਤੇ ਉਸਨੂੰ ਮੋਹਾਲੀ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ।

ਏਡੀਜੀਪੀ ਨੇ ਕਿਹਾ ਕਿ ਮੁਲਜ਼ਮਾਂ ਵੱਲੋਂ ਕੀਤੇ ਹੋਰ ਅਪਰਾਧਾਂ ਅਤੇ ਅਗਲੇਰੇ-ਪਿਛਲੇਰੇ ਸਬੰਧਾਂ ਦਾ ਪਤਾ ਲਗਾਉਣ ਲਈ ਹੋਰ ਜਾਂਚ ਕੀਤੀ ਜਾ ਰਹੀ ਹੈ।

ਏਜੀਟੀਐਫ ਦੇ ਏਆਈਜੀ ਗੁਰਮੀਤ ਚੌਹਾਨ ਨੇ ਕਿਹਾ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਮੁਲਜ਼ਮ ਲਵਜੀਤ, ਸੋਸ਼ਲ ਮੀਡੀਆ ਦਾ ਸ਼ੌਕੀਨ ਸੀ ਅਤੇ ਇੱਕ ਸ਼ਾਨਦਾਰ ਜੀਵਨ ਸ਼ੈਲੀ ਦੀ ਹੋੜ ਨੇ , ਉਸਨੂੰ ਅਪਰਾਧ ਦੀ ਦੁਨੀਆਂ ਵਿੱਚ ਧਕੇਲ ਦਿੱਤਾ। ਉਨ੍ਹਾਂ ਕਿਹਾ,‘‘ ਦੋਸ਼ੀ , ਪੁਲਿਸ ਹਿਰਾਸਤ ਤੋਂ ਬਚਣ ਲਈ ਫ਼ਿਰੌਤੀ ਕਾਲਾਂ ਕਰਦੇ ਹੋਏ ਆਪਣੀ ਪਛਾਣ ਛੁਪਾਉਣ ਲਈ ਵਰਚੁਅਲ ਨੰਬਰਾਂ ਅਤੇ ਐਨਕ੍ਰਿਪਟਡ ਐਪਸ ਦੀ ਵਰਤੋਂ ਕਰਦਾ ਸੀ,’’ ।

ਇਸ ਸਬੰਧੀ ,ਐਸਏਐਸ ਨਗਰ ਦੇ ਸੋਹਾਣਾ ਪੁਲਿਸ ਸਟੇਸ਼ਨ ਵਿਖੇ ਬੀਐਨਐਸ ਦੀ ਧਾਰਾ 308(2) ਅਤੇ 351(2) ਦੇ ਤਹਿਤ ਐਫਆਈਆਰ ਨੰਬਰ 94 ਮਿਤੀ 17/04/2025 ਨੂੰ ਕੇਸ ਦਰਜ ਕੀਤਾ ਗਿਆ ਹੈ।

# SDM ਖਰੜ ਵੱਲੋਂ ਛੱਜੂ ਮਾਜਰਾ ਕਲੋਨੀ ਅਤੇ ਛੱਜੂ ਮਾਜਰਾ ਪਿੰਡ ਵਿਖੇ 28.93 ਲੱਖ ਰੁਪਏ ਦੀ ਲਾਗਤ ਨਾਲ ਹੋਏ ਪ੍ਰਾਈਮਰੀ ਸਕੂਲਾਂ ਦੇ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਸਮਰਪਿਤ

“ਇਕੁਐਲਿਟੀ ਐਂਡ ਜਸਟਿਸ”
ਪਟਿਆਲਾ 19 ਅਪਰੈਲ
INTERNATIONAL PAPER, 94636 01616
hardipchumber57@gmail.com




ਪੰਜਾਬ ਸਰਕਾਰ ਵੱਲੋਂ ਸੂਬੇ ਭਰ ਵਿੱਚ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਲਗਭਗ 20 ਹਜਾਰ ਸਕੂਲਾਂ ਦੇ 2 ਹਜ਼ਾਰ ਕਰੋੜ ਰੁਪਏ ਦੀ ਲਾਗਤ ਨਾਲ ਜੰਗੀ ਪੱਧਰ ਤੇ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਲੜੀ ਵਿੱਚ ਅੱਜ ਖਰੜ ਸਬ ਡਿਵੀਜ਼ਨ ਦੇ ਐਸ ਡੀ ਐਮ ਗੁਰਮੰਦਰ ਸਿੰਘ ਵੱਲੋਂ ਛੱਜੂ ਮਾਜਰਾ ਕਲੋਨੀ ਅਤੇ ਛੱਜੂ ਮਾਜਰਾ ਦੇ ਸਰਕਾਰੀ ਪ੍ਰਾਇਮਰੀ ਸਕੂਲਾਂ ਵਿਖੇ ਹੋਏ 28.93 ਲੱਖ ਰੁਪਏ ਦੇ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ ਗਏ।

ਉਹਨਾਂ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਛੱਜੂ ਮਾਜਰਾ ਕਲੋਨੀ ਵਿਖੇ 17.10 ਲੱਖ ਰੁਪਏ ਦੀ ਲਾਗਤ ਨਾਲ ਬਣੇ ਨਵੇਂ ਕਲਾਸ ਰੂਮ ਅਤੇ 2.28 ਲੱਖ ਰੁਪਏ ਦੀ ਲਾਗਤ ਨਾਲ ਹੋਏ ਹੋਰ ਵਿਕਾਸ ਕਾਰਜ ਵਿਦਿਆਰਥੀਆਂ ਨੂੰ ਸਮਰਪਿਤ ਕੀਤੇ ਗਏ। ਸਰਕਾਰੀ ਪ੍ਰਾਇਮਰੀ ਸਕੂਲ ਛੱਜੂ ਮਾਜਰਾ ਵਿਖੇ 9.55 ਲੱਖ ਰੁਪਏ ਦੀ ਲਾਗਤ ਨਾਲ ਬਣਿਆ ਕਲਾਸ ਰੂਮ ਵਿਦਿਆਰਥੀਆਂ ਨੂੰ ਸਮਰਪਿਤ ਕੀਤਾ ਗਿਆ।

ਉਹਨਾਂ ਇਸ ਮੌਕੇ ਅਧਿਆਪਕਾਂ ਅਤੇ ਵਿਦਿਆਰਥੀਆਂ ਨਾਲ ਵਿਚਾਰਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਜ਼ਿਲੇ ਦੇ ਸਕੂਲਾਂ ਨੂੰ ਨਿੱਜੀ ਸਕੂਲਾਂ ਦੇ ਹਾਣ ਦਾ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰ ਰਹੇ ਹਨ। ਇਸ ਮੌਕੇ ਇਹਨਾਂ ਸਕੂਲਾਂ ਦੇ ਅਧਿਆਪਕ, ਵਿਦਿਆਰਥੀ ਅਤੇ ਮਾਪੇ ਵੀ ਮੌਜੂਦ ਸਨ।

# ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ 29.36 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦੇ ਕੀਤੇ ਉਦਘਾਟਨ

## ਕਿਹਾ, ਮਿਹਨਤੀ ਅਧਿਆਪਕਾਂ ਵੱਲੋਂ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਹੁਨਰ ਨੂੰ ਤਰਾਸ਼ਿਆ ਜਾ ਰਿਹੈ, ਪੰਜਾਬ ਸਿੱਖਿਆ ਕ੍ਰਾਂਤੀ ਮੁਹਿੰਮ ਨਾਲ ਸਰਕਾਰੀ ਸਕੂਲਾਂ ਦੀ ਨੁਹਾਰ ਬਦਲ ਰਹੀ ਹੈ - ਜੈ ਕ੍ਰਿਸ਼ਨ ਸਿੰਘ ਰੌੜੀ

"ਇਕੁਐਲਿਟੀ ਐਂਡ ਜਸਟਿਸ" ਪਟਿਆਲਾ 19 ਅਪਰੈਲ INTERNATIONAL PAPER, 94636 01616 hardipchumber57@gmail.com

ਗੜ੍ਹਸ਼ੰਕਰ 19 ਅਪ੍ਰੈਲ:(ਬਲਵੀਰ ਚੌਪੜਾ ) ਡਿਪਟੀ ਸਪੀਕਰ ਪੰਜਾਬ ਵਿਧਾਨ ਸਭਾ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਅੱਜ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਅਧੀਨ ਆਉਂਦੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਲਗਭਗ 29.36 ਲੱਖ ਰੁਪਏ ਦੀ ਲਾਗਤ ਨਾਲ ਹੋਏ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ। ਡਿਪਟੀ ਸਪੀਕਰ ਨੇ ਕਿਹਾ ਕਿ ਸੂਬੇ ਦੇ ਸਰਕਾਰੀ ਸਕੂਲਾਂ ਨੂੰ ਹਰ ਪੱਖੋਂ ਵਧੀਆ ਸੁਵਿਧਾਵਾਂ ਪ੍ਰਦਾਨ ਕਰਨ ਦਾ ਮਕਸਦ ਵਿਦਿਆਰਥੀਆਂ ਨੂੰ ਉੱਚ ਪੱਧਰੀ ਅਤੇ ਆਧੁਨਿਕ ਸਿੱਖਿਆ ਦੇ ਕੇ ਸਮੇਂ ਦਾ ਹਾਣੀ ਬਣਾਉਣਾ ਹੈ ਤਾਂ ਜੋ ਉਹ ਆਉਣ ਵਾਲੇ ਸਮੇਂ ਵਿੱਚ ਮੁਕਾਬਲੇ ਦੀਆਂ ਔਖੀਆਂ ਪ੍ਰੀਖਿਆਵਾਂ ਨੂੰ ਸੁਖਾਲੇ ਢੰਗ ਨਾਲ ਪਾਸ ਕਰਨ ਦੇ ਸਮਰੱਥ ਬਣ ਸਕਣ ਅਤੇ ਆਪਣੀ ਮਿਹਨਤ ਤੇ ਲਗਨ ਦੇ ਨਾਲ ਅਜਿਹੀਆਂ ਬੁਲੰਦੀਆਂ ਨੂੰ ਹਾਸਲ ਕਰਕੇ ਨਾਮਣਾ ਖੱਟ ਸਕਣ, ਜਿਹੜੀਆਂ ਬੁਲੰਦੀਆਂ ਦਾ ਉਹ ਸੁਪਨਾ ਵੇਖਦੇ ਹਨ।




ਡਿਪਟੀ ਸਪੀਕਰ ਨੇ ਸੰਬੋਧਨ ਦੌਰਾਨ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਹੁਣ ਤੱਕ 52 ਹਜਾਰ ਤੋਂ ਵੀ ਵਧੇਰੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਹੁਨਰ ਨੂੰ ਤਰਾਸ਼ ਕੇ ਦਿਲਚਸਪੀ ਮੁਤਾਬਕ ਸਿੱਖਿਆ ਪ੍ਰਾਪਤ ਕਰਨ ਲਈ ਪ੍ਰੇਰਿਤ ਕੀਤਾ ਜਾਂਦਾ ਹੈ ਤਾਂ ਜੋ ਉਹ ਬਾਰਵੀਂ ਪਾਸ ਕਰਨ ਮਗਰੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਹਿੱਸਾ ਲੈਣ ਦੇ ਯੋਗ ਬਣਨ ਅਤੇ ਮਨ ਪਸੰਦ ਦੇ ਅਹੁਦਿਆਂ ਉੱਤੇ ਸੇਵਾਵਾਂ ਨਿਭਾਉਣ। ਉਨ੍ਹਾਂ ਇਹ ਵੀ ਕਿਹਾ ਕਿ ਸਰਕਾਰੀ ਵਿਭਾਗਾਂ ਨੂੰ ਮੁਕੰਮਲ ਤੌਰ 'ਤੇ ਭ੍ਰਿਸ਼ਟਾਚਾਰ ਮੁਕਤ ਕਰਨ ਦੀ ਮੁਹਿੰਮ ਵੀ ਸਾਰਥਕ ਨਤੀਜੇ ਸਾਹਮਣੇ ਲਿਆ ਰਹੀ ਹੈ।

ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਪੱਧਰ ਨੂੰ ਮਜਬੂਤ ਕਰਨ ਦੇ ਮਿੱਥੇ ਗਏ ਟੀਚੇ ਨੂੰ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਸਾਰੇ ਹੀ ਪ੍ਰਾਇਮਰੀ, ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਪੂਰਾ ਕਰਨ ਲਈ ਅਸੀਂ ਦਿਨ ਰਾਤ ਜੁਟੇ ਹੋਏ ਹਾਂ। ਉਨ੍ਹਾਂ ਕਿਹਾ ਕਿ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਉਹ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਅਤੇ ਪੜ੍ਹਾਉਂਦੇ ਅਧਿਆਪਕਾਂ ਦੀਆਂ ਜਰੂਰਤਾਂ ਨੂੰ ਯੋਜਨਾਬਧ ਤਰੀਕੇ ਨਾਲ ਪੂਰਾ ਕਰਨ ਲਈ ਸਰਗਰਮ ਰਹਿਣ। ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਸਾਲਾਂ ਵਿੱਚ ਪੰਜਾਬ ਸਰਕਾਰ ਨੇ ਸੂਬੇ ਦੀ ਵਿਕਾਸ ਪੱਖੋਂ ਨੁਹਾਰ ਪੂਰੀ ਤਰ੍ਹਾਂ ਬਦਲ ਦਿੱਤੀ ਹੈ ਅਤੇ ਲੋਕ ਸੰਤੁਸ਼ਟੀ ਜਾਹਰ ਕਰ ਰਹੇ ਹਨ।

